Designer & Customized WEDDING CARDS & BOXES
Shagun Envelopes & Saha Chithi
More Than 500 Designs of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 91 Chief Editor : Chowdhary Prabhjit Singh, Editor : Chhatarpal Singh 98146-32807, Wednesday 21 September 2026 Price : 2 Rs. Page : 6

## ਕਾਰਬਨ ਗੈਸਾਂ ਦੇ ਨਿਕਾਸ 'ਚ ਭਾਰਤੀ ਕਾਰਗੁਜ਼ਾਰੀ ਪੱਛਮੀ ਦੇਸ਼ਾਂ ਨਾਲੋਂ ਬਿਹਤਰ: ਵਾਤਾਵਰਣ ਸੰਭਾਲ ਲਈ ਭਾਰਤੀ ਯਤਨਾਂ ਦੀ ਸ਼ਲਾਘਾ



**ਨਵੀਂ ਦਿੱਲੀ, 22 ਸਤੰਬਰ**
**-ਗੁਰਮੀਤ ਸਿੰਘ ਤੁੰਗ-**


ਨੇਪਾਲ ਵਿੱਚ ਹਾਲ ਹੀ ਵਿੱਚ ਆਈ ਹਿਮਾਲਿਆਈ ਤਬਾਹੀ ਤੋਂ ਬਾਅਦ ਵਾਤਾਵਰਣ ਤਬਦੀਲੀ ਅਤੇ ਕਾਰਬਨ ਗੈਸਾਂ ਦੇ ਨਿਕਾਸ ਨੂੰ ਲੈ ਕੇ ਇੱਕ ਵਾਰ ਫਿਰ ਆਲਮੀ ਬਹਿਸ ਛਿੜ ਗਈ ਹੈ। ਨੇਪਾਲੀ ਮੰਤਰੀ ਵੱਲੋਂ ਕੁਦਰਤੀ ਆਫ਼ਤਾਂ ਲਈ ਚੀਨ, ਅਮਰੀਕਾ ਅਤੇ ਭਾਰਤ ਨੂੰ ਕਸੂਰਵਾਰ ਠਹਿਰਾਉਂਦਿਆਂ ਮੁਆਵਜ਼ੇ ਦੀ ਮੰਗ ਕੀਤੀ ਗਈ ਸੀ, ਪਰ ਵਿਗਿਆਨਕ ਅੰਕੜੇ ਅਤੇ ਵਾਤਾਵਰਣ ਮਾਹਿਰ ਇਸ ਦਾਅਵੇ ਦੇ ਵੱਖਰੇ ਪਹਿਲੂ ਪੇਸ਼ ਕਰਦੇ ਹਨ।

ਪ੍ਰਤੀ ਵਿਅਕਤੀ ਕਾਰਬਨ ਨਿਕਾਸ ਵਿੱਚ ਭਾਰਤ ਪੱਛਮ ਨਾਲੋਂ ਬਹੁਤ ਅੱਗੇ : ਨੈਸ਼ਨਲ ਗ੍ਰੀਨ ਟ੍ਰਿਬਿਊਨਲ (©7") ਦੀ ਕਾਨਫ਼ਰੰਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਰੱਖੇ ਗਏ ਪੱਖ ਅਨੁਸਾਰ ਵਾਤਾਵਰਣ ਦੀ ਸੰਭਾਲ ਅਤੇ ਕਾਰਬਨ ਨਿਕਾਸ ਘਟਾਉਣ ਦੇ ਮਾਮਲੇ ਵਿੱਚ ਭਾਰਤ ਦੀ ਕਾਰਗੁਜ਼ਾਰੀ ਧਨਾਢ ਅਤੇ ਵਿਕਸਿਤ ਦੇਸ਼ਾਂ ਨਾਲੋਂ ਕਿਤੇ ਬਿਹਤਰ ਹੈ। ਅੰਕੜਿਆਂ ਮੁਤਾਬਕ, ਦੁਨੀਆ ਦੀ 18 ਫ਼ੀਸਦੀ ਆਬਾਦੀ ਭਾਰਤ ਵਿੱਚ ਰਹਿੰਦੀ ਹੈ, ਜਦਕਿ ਕਾਰਬਨ ਗੈਸਾਂ ਦੇ ਕੁੱਲ ਆਲਮੀ ਨਿਕਾਸ ਵਿੱਚ ਭਾਰਤ ਦਾ ਹਿੱਸਾ ਮਾਤਰ 8 ਫ਼ੀਸਦੀ ਹੈ। ਇਸ ਦੇ ਉਲਟ, ਅਮਰੀਕਾ ਦੀ ਆਬਾਦੀ ਵਿਸ਼ਵ ਦੀ ਕੁੱਲ ਵਸੋਂ ਦਾ ਸਿਰਫ਼ 4 ਫ਼ੀਸਦੀ ਹੈ, ਪਰ ਉਹ 12 ਫ਼ੀਸਦੀ ਕਾਰਬਨ ਗੈਸਾਂ ਪੈਦਾ ਕਰਦਾ ਹੈ। ਇਸ ਦਾ ਮਤਲਬ ਹੈ ਕਿ ਇੱਕ ਔਸਤ ਅਮਰੀਕੀ ਨਾਗਰਿਕ ਭਾਰਤੀ ਨਾਗਰਿਕ ਦੇ ਮੁਕਾਬਲੇ 6 ਗੁਣਾ ਵੱਧ ਕਾਰਬਨ ਪ੍ਰਦੂਸ਼ਣ ਲਈ ਜ਼ਿੰਮੇਵਾਰ ਹੈ। ਇਸੇ ਤਰ੍ਹਾਂ ਯੂਰਪ ਦੀ ਪ੍ਰਤੀ ਵਿਅਕਤੀ ਔਸਤ ਭਾਰਤ ਨਾਲੋਂ ਢਾਈ ਗੁਣਾ ਅਤੇ ਚੀਨ ਦੀ ਤਿੰਨ ਗੁਣਾ ਵੱਧ ਹੈ।

ਨਵਿਆਉਣਯੋਗ ਊਰਜਾ ਵੱਲ ਸਫ਼ਲ ਕਦਮ : ਭਾਰਤ ਨੇ ਕਾਰਬਨ ਗੈਸਾਂ ਵਿੱਚ ਵਾਧੇ ਦੀ ਦਰ ਨੂੰ ਅੰਤਰਰਾਸ਼ਟਰੀ ਟੀਚਿਆਂ ਨਾਲੋਂ ਇੱਕ-ਤਿਹਾਈ ਤੱਕ ਘਟਾਉਣ ਵਿੱਚ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਦੇਸ਼ ਵਿੱਚ ਨਵਿਆਉਣਯੋਗ ਊਰਜਾ (Renewable Energy) ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੇ ਨਤੀਜੇ ਸਾਹਮਣੇ ਆ ਰਹੇ ਹਨ।

ਮਾਹਿਰਾਂ ਦਾ ਮੰਨਣਾ ਹੈ ਕਿ ਆਲਮੀ ਤਪਸ਼ (Global Warming) ਦਾ ਸਾਹਮਣਾ ਕਰਨ ਲਈ ਸਿਰਫ਼ ਵਿਕਾਸਸ਼ੀਲ ਦੇਸ਼ਾਂ ਨੂੰ ਦੋਸ਼ੀ ਠਹਿਰਾਉਣ ਦੀ ਬਜਾਏ ਪੱਛਮੀ ਦੇਸ਼ਾਂ ਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਪਵੇਗੀ। ਇਸ ਦੇ ਨਾਲ ਹੀ, ਆਉਣ ਵਾਲੀਆਂ ਪੀੜ੍ਹੀਆਂ ਦੇ ਸੁਖਾਵੇਂ ਭਵਿੱਖ ਲਈ ਨਾਗਰਿਕਾਂ ਨੂੰ ਵੀ ਜੈਵਿਕ ਈਂਧਨਾਂ ਦੀ ਬੇਲੋੜੀ ਵਰਤੋਂ ਤੋਂ ਗੁਰੇਜ਼ ਕਰਨ ਦੀ ਲੋੜ ਹੈ।

## ਹੁਕਮਾਂ ਦੀ ਅਣਦੇਖੀ: ਹਾਈ ਕੋਰਟ ਨੇ ਪੰਜਾਬ ਦੇ ਮੁੱਖ ਸਕੱਤਰ ਨੂੰ ਅਦਾਲਤ 'ਚ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਦਿੱਤੇ ਨਿਰਦੇਸ਼




**ਚੰਡੀਗੜ੍ਹ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਪੈਂਡਿੰਗ ਮਹਿੰਗਾਈ ਭੱਤੇ (ਡੀ.ਏ.) ਦੇ ਭੁਗਤਾਨ ਸਬੰਧੀ ਦਿੱਤੇ ਪੁਰਾਣੇ ਹੁਕਮਾਂ ਦੀ ਤਾਮੀਲ ਨਾ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਪੰਜਾਬ ਦੇ ਮੁੱਖ ਸਕੱਤਰ ਨੂੰ ਅਦਾਲਤ ਵਿੱਚ ਨਿੱਜੀ ਤੌਰ 'ਤੇ ਹਾਜ਼ਰ ਹੋਣ ਦਾ ਨਿਰਦੇਸ਼ ਦਿੱਤਾ ਹੈ। ਅਦਾਲਤ ਨੇ Prima facie ਵਿੱਚ ਪਾਇਆ ਹੈ ਕਿ ਸੂਬਾ ਸਰਕਾਰ ਅਦਾਲਤੀ ਹੁਕਮਾਂ ਦੀ ਪਾਲਣਾ ਕਰਨ ਵਿੱਚ ਨਾਕਾਮ ਰਹੀ ਹੈ।

ਮੁੱਖ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ 'ਤੇ ਆਧਾਰਿਤ ਡਿਵੀਜ਼ਨ ਬੈਂਚ ਨੇ ਇਹ ਹੁਕਮ 3 ਅਗਸਤ ਦੇ ਉਸ ਫ਼ੈਸਲੇ ਦੀ ਅਣਦੇਖੀ ਨਾਲ ਜੁੜੀਆਂ ਅਰਜ਼ੀਆਂ 'ਤੇ ਸੁਣਵਾਈ ਕਰਦਿਆਂ ਜਾਰੀ ਕੀਤੇ, ਜਿਸ ਵਿੱਚ ਪੰਜਾਬ ਸਰਕਾਰ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੂੰ ਕੇਂਦਰ ਸਰਕਾਰ ਦੀਆਂ ਦਰਾਂ ਮੁਤਾਬਕ ਸਾਰੀਆਂ ਬਕਾਇਆ ਡੀ.ਏ./ਡੀ.ਆਰ. ਦੀਆਂ ਕਿਸ਼ਤਾਂ ਜਾਰੀ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ। ਸੁਣਵਾਈ ਦੀ ਸ਼ੁਰੂਆਤ ਵਿੱਚ ਬੈਂਚ ਨੇ ਪਟੀਸ਼ਨਰਾਂ ਦੀਆਂ ਦਲੀਲਾਂ ਵੱਲ ਧਿਆਨ ਦਿਵਾਇਆ, ਜਿਸ ਵਿੱਚ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਅਜਿਹਾ ਪ੍ਰਭਾਵ ਦੇਣ ਦੀ ਕੋਸ਼ਿਸ਼ ਕਰ ਰਹੀ ਹੈ ਜਿਵੇਂ ਦੋਵਾਂ ਧਿਰਾਂ ਵਿਚਾਲੇ ਕੋਈ ਸਮਝੌਤਾ ਹੋ ਗਿਆ ਹੋਵੇ, ਜਦੋਂਕਿ ਪਟੀਸ਼ਨਰ ਸਿਰਫ਼ ਹਾਈ ਕੋਰਟ ਦੇ ਫ਼ੈਸਲੇ ਨੂੰ ਲਾਗੂ ਕਰਵਾਉਣ ਲਈ ਹੀ ਅਧਿਕਾਰੀਆਂ ਨਾਲ ਸੰਪਰਕ ਕਰ ਰਹੇ ਸਨ। ਪਟੀਸ਼ਨਰਾਂ ਦੀ ਤਰਫ਼ੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਸੰਜੇ ਕੌਸ਼ਲ ਨੇ ਅਦਾਲਤ ਦੇ ਸਾਹਮਣੇ ਉਹ ਅਖ਼ਬਾਰ ਵੀ ਪੇਸ਼ ਕੀਤੇ, ਜਿਨ੍ਹਾਂ ਵਿੱਚ ਆਜ਼ਾਦੀ ਦਿਹਾੜੇ 'ਤੇ ਦਿੱਤੇ ਗਏ ਪੂਰੇ ਪੰਨੇ ਦੇ ਇਸ਼ਤਿਹਾਰ ਛਪੇ ਸਨ। ਉਨ੍ਹਾਂ ਦੋਸ਼ ਲਾਇਆ ਕਿ ਇਹ ਇਸ਼ਤਿਹਾਰ ਅਦਾਲਤੀ ਹੁਕਮਾਂ ਦੇ ਉਲਟ ਜਾ ਕੇ ਜਨਤਾ ਦੇ ਪੈਸੇ ਦੀ ਅਣਉਚਿਤ ਵਰਤੋਂ ਕਰਨ ਦੀ ਕੋਸ਼ਿਸ਼ ਹਨ।

ਅਦਾਲਤ ਨੇ ਨੋਟ ਕੀਤਾ ਕਿ 1 ਸਤੰਬਰ ਨੂੰ ਸੂਬਾ ਸਰਕਾਰ ਵੱਲੋਂ ਦਾਇਰ ਕੀਤੀ ਗਈ ਅਪੀਲ ਵਿੱਚ ਰਜਿਸਟਰੀ ਵੱਲੋਂ ਲਗਾਈਆਂ ਗਈਆਂ ਤਰੁਟੀਆਂ ਨੂੰ ਹਾਲੇ ਤੱਕ ਦੂਰ ਨਹੀਂ ਕੀਤਾ ਗਿਆ। ਪਟੀਸ਼ਨਰਾਂ ਨੇ ਦੋਸ਼ ਲਾਇਆ ਕਿ ਸਰਕਾਰ ਮਾਮਲੇ ਨੂੰ ਲਮਕਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ 'ਤੇ ਬੈਂਚ ਨੇ ਸਖ਼ਤ ਰੁੱਖ ਅਪਣਾਉਂਦਿਆਂ ਕਿਹਾ, ਜਿੱਥੇ ਸਾਰੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹਿੱਤ ਜੁੜੇ ਹੋਣ, ਉੱਥੇ ਸਰਕਾਰ ਤੋਂ ਕਾਨੂੰਨੀ ਚਾਰਾਜੋਈ ਵਿੱਚ ਤੇਜ਼ੀ ਦੀ ਉਮੀਦ ਕੀਤੀ ਜਾਂਦੀ ਹੈ। ਅੱਜ ਤੱਕ ਮੁੱਖ ਸਕੱਤਰ ਵੱਲੋਂ ਅਦਾਲਤੀ ਹੁਕਮਾਂ ਦੀ ਪਾਲਣਾ ਸਬੰਧੀ ਕੋਈ ਹਲਫ਼ਨਾਮਾ ਦਾਇਰ ਨਹੀਂ ਕੀਤਾ ਗਿਆ ਹੈ। ਬੈਂਚ ਨੇ ਸਪੱਸ਼ਟ ਕੀਤਾ, ਹਾਲਾਂਕਿ ਅਸੀਂ ਅਪੀਲ ਕਰਨ ਦੇ ਸਰਕਾਰ ਦੇ ਕਾਨੂੰਨੀ ਹੱਕ ਦਾ ਸਤਿਕਾਰ ਕਰਦੇ ਹਾਂ, ਪਰ ਇਹ ਹੱਕ ਨਿਰਪੱਖ ਤਰੀਕੇ ਨਾਲ ਵਰਤਿਆ ਜਾਣਾ ਚਾਹੀਦਾ ਹੈ। ਇਸ ਮਕਸਦ ਲਈ ਅਦਾਲਤੀ ਕਾਰਵਾਈ ਨੂੰ ਅਣਮਿੱਥੇ ਸਮੇਂ ਲਈ ਨਹੀਂ ਟਾਲਿਆ ਜਾ ਸਕਦਾ। ਹਾਈ ਕੋਰਟ ਨੇ ਨਿਰਦੇਸ਼ ਦਿੱਤਾ ਕਿ ਜੇਕਰ ਪੰਜਾਬ ਸਰਕਾਰ ਨੂੰ ਸੁਪਰੀਮ ਕੋਰਟ ਤੋਂ ਕੋਈ ਵਿਸ਼ੇਸ਼ ਰਾਹਤ ਜਾਂ ਸਟੇਅ ਨਹੀਂ ਮਿਲਦਾ, ਤਾਂ ਪੰਜਾਬ ਦੇ ਮੁੱਖ ਸਕੱਤਰ ਨੂੰ ਅਦਾਲਤ ਦੇ ਸਾਹਮਣੇ ਨਿੱਜੀ ਤੌਰ 'ਤੇ ਹਾਜ਼ਰ ਹੋ ਕੇ ਜਵਾਬਦੇਹੀ ਦੇਣੀ ਪਵੇਗੀ।

## ਚੰਡੀਗੜ੍ਹ ਵਿੱਚ SIR ਦੌਰਾਨ 56218 ਵੋਟਾਂ ਕੱਟੀਆਂ; ਅੰਤਿਮ ਸੂਚੀ ਜਾਰੀ

### 5.16 ਲੱਖ ਵੋਟਰਾਂ 'ਚੋਂ 4.60 ਲੱਖ ਦੀ ਅੰਤਿਮ ਸੂਚੀ ਤਿਆਰ; 9,927 ਨਵੇਂ ਵੋਟਰ ਜੁੜੇ



**ਚੰਡੀਗੜ੍ਹ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੰਡੀਗੜ੍ਹ ਵਿੱਚ 'ਐੱਸਆਈਆਰ' ਦੌਰਾਨ 56,218 ਵੋਟਾਂ ਕੱਟੀਆਂ ਗਈਆਂ ਹਨ। ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦਾ ਕਾਰਜ ਮੁਕੰਮਲ ਹੋਣ ਤੋਂ ਬਾਅਦ ਅੱਜ ਅੰਤਿਮ ਵੋਟਰ ਸੂਚੀ ਜਾਰੀ ਕਰ ਦਿੱਤੀ ਗਈ ਹੈ। ਕੁੱਲ 5,16,427 ਵੋਟਰਾਂ ਵਿੱਚੋਂ ਹੁਣ 4,60,209 ਵੋਟਰਾਂ ਦੀ ਅੰਤਿਮ ਸੂਚੀ ਤਿਆਰ ਹੋਈ ਹੈ।

ਚੰਡੀਗੜ੍ਹ ਦੀ ਮੁੱਖ ਚੋਣ ਅਧਿਕਾਰੀ ਪ੍ਰੇਰਨਾ ਪੁਰੀ ਨੇ ਦੱਸਿਆ ਕਿ 15 ਜੂਨ 2026 ਤੋਂ 14 ਜੁਲਾਈ 2026 ਤੱਕ ਬੀਐੱਲਓਜ਼ (BLO) ਵੱਲੋਂ ਘਰ-ਘਰ ਜਾ ਕੇ 5,16,427 ਵੋਟਰਾਂ ਨੂੰ ਫਾਰਮ ਵੰਡੇ ਗਏ ਸਨ। ਇਨ੍ਹਾਂ ਵਿੱਚੋਂ 21 ਜੁਲਾਈ 2026 ਤੱਕ 4,50,282 ਵੋਟਰਾਂ ਵੱਲੋਂ ਆਪਣੇ ਫਾਰਮ ਜਮ੍ਹਾਂ ਕਰਵਾਏ ਗਏ ਸਨ।

ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦਾ ਡਰਾਫਟ ਜਾਰੀ ਕਰਨ ਸਮੇਂ ਲਗਪਗ 66 ਹਜ਼ਾਰ ਵੋਟਰਾਂ ਦੇ ਨਾਮ ਵੋਟਰ ਸੂਚੀ 'ਚੋਂ ਬਾਹਰ ਕੀਤੇ ਗਏ ਸਨ। ਇਸ ਤੋਂ ਬਾਅਦ ਫਾਰਮਾਂ ਵਿੱਚ ਕਮੀਆਂ ਕਾਰਨ ਸ਼ਹਿਰ ਦੇ 1.38 ਲੱਖ ਵੋਟਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਅਤੇ ਆਏ ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ ਕੀਤਾ ਗਿਆ। ਇਸ ਪ੍ਰਕਿਰਿਆ ਦੌਰਾਨ 9,927 ਨਵੇਂ ਵੋਟਰਾਂ ਨੂੰ ਸੂਚੀ ਵਿੱਚ ਸ਼ਾਮਲ ਵੀ ਕੀਤਾ ਗਿਆ, ਜਿਸ ਤੋਂ ਬਾਅਦ ਅੱਜ 4,60,209 ਵੋਟਰਾਂ ਦੀ ਅੰਤਿਮ ਵੋਟਰ ਸੂਚੀ ਜਾਰੀ ਕੀਤੀ ਗਈ ਹੈ। ਚੋਣ ਅਧਿਕਾਰੀ ਨੇ ਸਪੱਸ਼ਟ ਕੀਤਾ ਕਿ ਸ਼ਹਿਰ ਵਿੱਚ 1 ਅਕਤੂਬਰ 2026 ਤੋਂ ਬਾਅਦ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਨੌਜਵਾਨਾਂ ਦੀਆਂ ਨਵੀਆਂ ਵੋਟਾਂ ਆਮ ਵਾਂਗ ਬਣਾਈਆਂ ਜਾਣਗੀਆਂ।

## ਰਾਜ ਸਭਾ 11 ਸੀਟਾਂ 'ਤੇ ਚੋਣਾਂ ਦਾ ਐਲਾਨ: 16 ਅਕਤੂਬਰ ਨੂੰ ਪੈਣਗੀਆਂ ਵੋਟਾਂ

### ਰਵਨੀਤ ਬਿੱਟੂ ਤੋਂ ਬਾਅਦ ਹੁਣ ਕੇਂਦਰੀ ਮੰਤਰੀ ਹਰਦੀਪ ਪੁਰੀ ਦਾ ਕਾਰਜਕਾਲ ਵੀ ਹੋ ਰਿਹਾ ਖ਼ਤਮ

**ਨਵੀਂ ਦਿੱਲੀ, 22 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਸਮੇਤ 11 ਰਾਜ ਸਭਾ ਮੈਂਬਰਾਂ ਦਾ ਕਾਰਜਕਾਲ 25 ਨਵੰਬਰ ਨੂੰ ਖ਼ਤਮ ਹੋਣ ਜਾ ਰਿਹਾ ਹੈ। ਇਸ ਦੇ ਮੱਦੇਨਜ਼ਰ ਚੋਣ ਕਮਿਸ਼ਨ ਨੇ ਅੱਜ ਇਨ੍ਹਾਂ ਸੀਟਾਂ ਲਈ ਚੋਣਾਂ ਦੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਹੈ। ਇਨ੍ਹਾਂ 11 ਸੀਟਾਂ ਲਈ 16 ਅਕਤੂਬਰ ਨੂੰ ਵੋਟਾਂ ਪੈਣਗੀਆਂ।

ਹਰਦੀਪ ਸਿੰਘ ਪੁਰੀ ਉੱਤਰ ਪ੍ਰਦੇਸ਼ ਤੋਂ ਛੇ ਸਾਲਾਂ ਦੇ ਕਾਰਜਕਾਲ ਲਈ ਰਾਜ ਸਭਾ ਮੈਂਬਰ ਚੁਣੇ ਗਏ ਸਨ। ਉਨ੍ਹਾਂ ਦੀ ਥਾਂ ਕਿਸ ਨੂੰ ਰਾਜ ਸਭਾ ਭੇਜਿਆ ਜਾਵੇਗਾ, ਇਸ 'ਤੇ ਸਿਆਸੀ ਗਲਿਆਰਿਆਂ 'ਚ ਚਰਚਾ ਤੇਜ਼ ਹੋ ਗਈ ਹੈ, ਕਿਉਂਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰੀ ਮੰਤਰੀ ਮੰਡਲ ਵਿੱਚ ਉਹ ਇਸ ਵੇਲੇ ਇੱਕੋ-ਇੱਕ ਸਿੱਖ ਚਿਹਰਾ ਹਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ




ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਰਾਜ ਸਭਾ ਕਾਰਜਕਾਲ ਵੀ 20 ਜੂਨ ਨੂੰ ਖ਼ਤਮ ਹੋ ਚੁੱਕਾ ਹੈ ਅਤੇ ਉਨ੍ਹਾਂ ਨੂੰ ਦੁਬਾਰਾ ਨਾਮਜ਼ਦਗੀ ਨਹੀਂ ਮਿਲੀ ਸੀ। ਪੰਜਾਬ ਵਿੱਚ ਹੋਣ ਵਾਲੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਰਾਜ ਸਭਾ ਵਿੱਚ ਇਨ੍ਹਾਂ ਸਿੱਖ ਆਗੂਆਂ ਦੀ ਜਗ੍ਹਾ ਕੌਣ ਲਵੇਗਾ, ਇਹ ਵਿਸ਼ਾ ਕਾਫ਼ੀ ਅਹਿਮ ਮੰਨਿਆ ਜਾ ਰਿਹਾ ਹੈ।

ਉੱਤਰ ਪ੍ਰਦੇਸ਼ ਤੋਂ ਜਿਨ੍ਹਾਂ ਹੋਰ ਰਾਜ ਸਭਾ ਮੈਂਬਰਾਂ ਦਾ ਕਾਰਜਕਾਲ ਖ਼ਤਮ ਹੋ ਰਿਹਾ ਹੈ, ਉਨ੍ਹਾਂ ਵਿੱਚ ਭਾਜਪਾ ਦੇ ਸਾਬਕਾ ਜਨਰਲ ਸਕੱਤਰ ਅਰੁਣ ਸਿੰਘ, ਸਾਬਕਾ ਪ੍ਰਧਾਨ ਮੰਤਰੀ ਚੰਦਰਸ਼ੇਖਰ ਦੇ ਸਪੁੱਤਰ ਨੀਰਜ ਸ਼ੇਖਰ, ਸਮਾਜਵਾਦੀ ਪਾਰਟੀ ਦੇ ਜਨਰਲ ਸਕੱਤਰ ਰਾਮ ਗੋਪਾਲ ਯਾਦਵ ਅਤੇ ਉੱਤਰ ਪ੍ਰਦੇਸ਼ ਦੇ ਸਾਬਕਾ ਡਿਪਟੀ ਸੀ.ਐੱਮ. ਦਿਨੇਸ਼ ਸ਼ਰਮਾ (ਜਿਨ੍ਹਾਂ ਨੂੰ ਹਾਲ ਹੀ ਵਿੱਚ ਅੰਡੇਮਾਨ ਅਤੇ ਨਿਕੋਬਾਰ ਟਾਪੂਆਂ ਦਾ ਲੈਫਟੀਨੈਂਟ ਗਵਰਨਰ ਨਿਯੁਕਤ ਕੀਤਾ ਗਿਆ ਹੈ) ਸ਼ਾਮਲ ਹਨ।

ਚੋਣ ਕਮਿਸ਼ਨ ਅਨੁਸਾਰ ਇਨ੍ਹਾਂ ਚੋਣਾਂ ਲਈ ਨੋਟੀਫਿਕੇਸ਼ਨ 29 ਸਤੰਬਰ ਨੂੰ ਜਾਰੀ ਕੀਤਾ ਜਾਵੇਗਾ, ਜਦੋਂਕਿ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਆਖ਼ਰੀ ਮਿਤੀ 6 ਅਕਤੂਬਰ ਤੈਅ ਕੀਤੀ ਗਈ ਹੈ। ਉੱਤਰ ਪ੍ਰਦੇਸ਼ ਦੀਆਂ 10 ਸੀਟਾਂ ਤੋਂ ਇਲਾਵਾ ਉੱਤਰਾਖੰਡ ਦੀ ਵੀ ਇੱਕ ਰਾਜ ਸਭਾ ਸੀਟ 'ਤੇ ਚੋਣ ਹੋਵੇਗੀ। ਉੱਤਰਾਖੰਡ ਤੋਂ ਮੌਜੂਦਾ ਰਾਜ ਸਭਾ ਮੈਂਬਰ ਨਰੇਸ਼ ਬੰਸਲ ਦਾ ਕਾਰਜਕਾਲ ਵੀ 25 ਨਵੰਬਰ ਨੂੰ ਹੀ ਸਮਾਪਤ ਹੋ ਰਿਹਾ ਹੈ।

## ਮੁਹਾਲੀ ਦੇ ਗਮਾਡਾ ਦਫ਼ਤਰ 'ਚ ਈ.ਡੀ. ਦਾ ਛਾਪਾ: 3 ਮੰਜ਼ਿਲਾਂ ਕੀਤੀਆਂ ਸੀਲ

**ਮੁਹਾਲੀ, 22 ਸਤੰਬਰ**
**-ਛਤਰਪਾਲ ਸਿੰਘ-**

ਐਨਫੋਰਸਮੈਂਟ ਡਾਇਰੈਕਟੋਰੇਟ ਦੀਆਂ ਟੀਮਾਂ ਨੇ ਕੇਂਦਰੀ ਰਿਜ਼ਰਵ ਪੁਲੀਸ ਬਲ ਦੇ ਜਵਾਨਾਂ ਦੇ ਨਾਲ ਮੰਗਲਵਾਰ ਨੂੰ ਮੁਹਾਲੀ ਸਥਿਤ ਗ੍ਰੇਟਰ ਮੁਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਦੇ ਦਫ਼ਤਰ 'ਚ ਵੱਡੇ ਪੱਧਰ 'ਤੇ ਛਾਪੇਮਾਰੀ ਕੀਤੀ। ਈ.ਡੀ. ਦੀ ਇਸ ਅਚਾਨਕ ਕਾਰਵਾਈ ਨਾਲ ਪ੍ਰਸ਼ਾਸਨਿਕ ਗਲਿਆਰਿਆਂ 'ਚ ਹੜਕੰਪ ਮਚ ਗਿਆ।

ਕੇਂਦਰੀ ਏਜੰਸੀ ਦੇ ਅਧਿਕਾਰੀਆਂ ਨੇ ਗਮਾਡਾ ਦਫ਼ਤਰ ਦੀਆਂ ਘੱਟੋ-ਘੱਟ 3 ਮੰਜ਼ਿਲਾਂ ਨੂੰ ਸੀਲ ਕਰ ਦਿੱਤਾ ਅਤੇ ਉੱਥੇ ਮੌਜੂਦ ਚੋਟੀ ਦੇ ਅਧਿਕਾਰੀਆਂ ਦੇ ਮੋਬਾਈਲ ਫ਼ੋਨ ਆਪਣੇ ਕਬਜ਼ੇ ਵਿੱਚ ਲੈ ਲਏ। ਇਸ ਛਾਪੇਮਾਰੀ ਦੌਰਾਨ ਈ.ਡੀ. ਨੇ ਰੇਮੀਗੇਟ ਮਾਮਲੇ ਦੇ ਨਾਲ-ਨਾਲ ਨਿੱਜੀ ਬਿਲਡਰਾਂ ਨੂੰ ਗ਼ੈਰ-ਕਾਨੂੰਨੀ ਢੰਗ ਨਾਲ ਜ਼ਮੀਨ ਦੀ ਵਰਤੋਂ ਬਦਲਣ ਦੀਆਂ ਮਨਜ਼ੂਰੀਆਂ ਦੇਣ ਦੇ ਰਿਕਾਰਡ ਜ਼ਬਤ ਕਰ ਲਏ ਹਨ।



ਸੂਤਰਾਂ ਅਨੁਸਾਰ, ਗਮਾਡਾ ਦੇ ਸੀਨੀਅਰ ਅਧਿਕਾਰੀਆਂ, ਜਿਨ੍ਹਾਂ ਵਿੱਚ ਅਸਟੇਟ ਅਫ਼ਸਰ, ਵਧੀਕ ਮੁੱਖ ਪ੍ਰਸ਼ਾਸਕ ਅਤੇ ਮੁੱਖ ਇੰਜੀਨੀਅਰ ਸ਼ਾਮਲ ਹਨ, ਨੂੰ ਹਾਊਸਿੰਗ ਸਕੱਤਰ ਦੇ ਕਮਰੇ ਵਿੱਚ ਬੁਲਾਇਆ ਗਿਆ, ਜਿੱਥੇ ਈ.ਡੀ. ਅਧਿਕਾਰੀਆਂ ਵੱਲੋਂ ਉਨ੍ਹਾਂ ਤੋਂ ਲਗਾਤਾਰ ਪੁੱਛਗਿੱਛ ਕੀਤੀ ਜਾ ਰਹੀ ਹੈ।

ਜਾਂਚ ਏਜੰਸੀ ਦੇ ਅਧਿਕਾਰੀਆਂ ਮੁਤਾਬਕ, ਈ.ਡੀ. ਜ਼ਮੀਨ ਐਕਵਾਇਰ ਕਰਨ ਦੇ ਮਾਮਲਿਆਂ, ਨਿੱਜੀ ਰੀਅਲਟਰਾਂ/ਬਿਲਡਰਾਂ ਨੂੰ ਦਿੱਤੇ ਗਏ ਅਣਉਚਿਤ ਲਾਭਾਂ, ਸੀ.ਐੱਲ.ਯੂ. ਮਨਜ਼ੂਰੀਆਂ ਅਤੇ ਸਰਕਾਰੀ ਜਾਇਦਾਦਾਂ ਦੀ ਨਿਲਾਮੀ ਵਿੱਚ ਹੋਈਆਂ ਵੱਡੀਆਂ ਗੜਬੜੀਆਂ ਤੇ ਵਿੱਤੀ ਧਾਂਦਲੀਆਂ ਦੀ ਪੜਤਾਲ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਈ.ਡੀ. ਪਿਛਲੇ ਕੁਝ ਮਹੀਨਿਆਂ ਤੋਂ ਮੁਹਾਲੀ ਅਤੇ ਨਿਊ ਚੰਡੀਗੜ੍ਹ ਖੇਤਰ ਵਿੱਚ ਬਿਲਡਰਾਂ ਤੇ ਗਮਾਡਾ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਹੋਏ ਕਰੋੜਾਂ ਰੁਪਏ ਦੇ ਸੀ.ਐੱਲ.ਯੂ. ਘੁਟਾਲੇ ਅਤੇ ਫ਼ੀਸ ਡਿਫ਼ਾਲਟ ਮਾਮਲਿਆਂ ਦੀ ਜਾਂਚ ਕਰ ਰਹੀ ਹੈ।

ਅੱਜ ਦੀ ਇਸ ਕਾਰਵਾਈ ਨਾਲ ਮੁਹਾਲੀ ਦੇ ਰੀਅਲ ਅਸਟੇਟ ਖੇਤਰ ਅਤੇ ਸਿਆਸੀ ਹਲਕਿਆਂ 'ਚ ਭਾਰੀ ਚਰਚਾ ਛਿੜ ਗਈ ਹੈ।

## ਹਲਕਾ ਸਮਾਣਾ 'ਚ 'ਆਪ' ਦੀ ਜਥੇਬੰਦਕ ਸਰਗਰਮੀ ਤੇਜ਼, ਸੁਰਜੀਤ ਸਿੰਘ ਰੱਖੜਾ ਦੀ ਅਗਵਾਈ 'ਚ 'ਆਪ' ਇੰਚਾਰਜਾਂ ਦੀ ਅਹਿਮ ਮੀਟਿੰ

**ਸਮਾਣਾ 22 ਸਤੰਬਰ**
**-ਵਿਸ਼ਾਲ ਗੁਪਤਾ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਡੋਰ-ਟੂ-ਡੋਰ' ਮੁਹਿੰਮ ਤਹਿਤ ਹਲਕਾ ਸਮਾਣਾ ਵਿੱਚ ਸੰਗਠਨਾਤਮਿਕ ਗਤੀਵਿਧੀਆਂ ਨੂੰ ਅੱਗੇ ਵਧਾਉਣ ਲਈ ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਦੇ ਹਲਕਾ ਇੰਚਾਰਜ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਵਿੱਚ ਸਮਾਣਾ ਵਿਖੇ ਹਲਕੇ ਦੇ 'ਆਪ' ਇੰਚਾਰਜਾਂ ਦੀ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਹਲਕਾ ਸਮਾਣਾ ਦੇ 'ਆਪ' ਬਲਾਕ ਪ੍ਰਧਾਨ, ਵੱਖ-ਵੱਖ ਵਿੰਗਾਂ ਦੇ ਇੰਚਾਰਜ, ਸੰਗਠਨ ਇੰਚਾਰਜ ਅਤੇ ਮੋਹਤਬਰ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਜ਼ਿਕਰਯੋਗ ਹੈ ਕਿ ਸ਼ੁਰੂ ਹੋਈ 'ਡੋਰ-ਟੂ-ਡੋਰ' ਮੁਹਿੰਮ ਤਹਿਤ ਆਮ ਆਦਮੀ ਪਾਰਟੀ ਦੇ 2.68 ਲੱਖ ਤੋਂ ਵੱਧ ਬੂਥ ਕਮੇਟੀ ਮੈਂਬਰ ਹਿੱਸਾ ਲੈਣਗੇ। ਇਸ ਮੁਹਿੰਮ ਦੌਰਾਨ ਪਾਰਟੀ ਵਰਕਰਾਂ



ਅਤੇ ਅਹੁਦੇਦਾਰਾਂ ਵੱਲੋਂ ਮਾਨ ਸਰਕਾਰ ਵੱਲੋਂ ਬੀਤੇ 4.5 ਸਾਲਾਂ ਦੌਰਾਨ ਸੂਬੇ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ, ਲੋਕ ਭਲਾਈ ਯੋਜਨਾਵਾਂ ਅਤੇ ਲੋਕ ਹਿੱਤ ਵਿੱਚ ਲਏ ਗਏ ਫੈਸਲਿਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ।

ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮਨ ਸਰਕਾਰ ਵੱਲੋਂ ਪਿਛਲੇ 4.5 ਸਾਲਾਂ ਦੌਰਾਨ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਚੱਲ ਰਹੇ ਅਤੇ ਮੁਕੰਮਲ ਹੋ ਚੁੱਕੇ ਵਿਕਾਸ ਕਾਰਜ ਇਨ੍ਹਾਂ ਉਪਰਾਲਿਆਂ ਦੀ ਗਵਾਹੀ ਆਪਣੇ ਆਪ ਭਰ ਰਹੇ ਹਨ।

ਉਨ੍ਹਾਂ 'ਆਪ' ਦੇ ਸਮੂਹ ਇੰਚਾਰਜ ਅਤੇ ਪਾਰਟੀ ਵਰਕਰਾਂ ਨੂੰ ਗਰਮਜੋਸ਼ੀ ਨਾਲ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਇੱਕਜੁੱਟ ਹੋ ਕੇ ਮਾਨ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ 'ਡੋਰ-ਟੂ-ਡੋਰ' ਮੁਹਿੰਮ ਤਹਿਤ ਹਲਕਾ ਸਮਾਣਾ ਦੇ ਹਰ ਘਰ ਤੱਕ ਪਹੁੰਚਾਉਣ ਅਤੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ, ਲੋਕ ਭਲਾਈ ਯੋਜਨਾਵਾਂ ਅਤੇ ਲੋਕ ਹਿੱਤ ਵਿੱਚ ਲਏ ਜਾ ਰਹੇ ਫੈਸਲਿਆਂ ਬਾਰੇ ਜਾਣੂ ਕਰਵਾਉਣ ਦੇ ਨਾਲ-ਨਾਲ ਲੋਕਾਂ ਨਾਲ ਸਿੱਧਾ ਸੰਪਰਕ ਵੀ ਮਜ਼ਬੂਤ ਕਰਨਾ ਚਾਹੀਦਾ ਹੈ। ਜਿਸ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ। ਸ. ਰੱਖੜਾ ਨੇ ਕਿਹਾ ਕਿ ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਦੇ ਹਰ ਵਰਕਰ ਤੋਂ ਲੈ ਕੇ ਹਰ ਅਹੁਦੇਦਾਰ ਨੂੰ ਬਰਾਬਰ ਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤਾਂ ਜੋ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਇੱਕਜੁੱਟ ਹੋ ਕੇ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ, ਜੋ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੇ।

ਇਸ ਦੌਰਾਨ ਹਲਕਾ ਸਮਾਣਾ ਦੇ ਵੱਖ-ਵੱਖ ਆਮ ਆਦਮੀ ਪਾਰਟੀ ਦੇ ਵੱਖ-ਵੱਖ ਵਿੰਗਾਂ ਦੇ ਇੰਚਾਰਜ, ਪਾਰਟੀ ਵਰਕਰਾਂ ਅਤੇ ਮੋਹਤਬਰ ਆਗੂਆਂ ਨੇ ਸ. ਰੱਖੜਾ ਦੀ ਅਗਵਾਈ ਪ੍ਰਤੀ ਸਮਰਥਨ ਪ੍ਰਗਟਾਇਆ। ਉਨ੍ਹਾਂ ਵੱਲੋਂ ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਕਿਹਾ ਗਿਆ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਇਕਜੁੱਟ ਹੋ ਕੇ ਕੰਮ ਕੀਤਾ ਜਾਵੇਗਾ। ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ, ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ, ਹਲਕਾ ਸੰਗਠਨ ਇੰਚਾਰਜ ਐਡਵੋਕੇਟ ਗੁਲਜ਼ਾਰ ਸਿੰਘ ਵਿਰਕ, ਸੀਨੀਅਰ ਵਾਈਸ ਪ੍ਰਧਾਨ ਪਾਰਸ ਸ਼ਰਮਾ, ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ, ਸਾਬਕਾ ਚੇਅਰਮੈਨ ਅਸ਼ੋਕ ਮੋਦਗਿੱਲ ਹਾਜ਼ਰ ਸਨ।




ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
शहीद-ए-आजम
Shaheedeazamnewsnational.com
SHAHEEDEAZAMNEWS.COM PRINT & DIGITAL MEDIA

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

## ਸੰਪਾਦਕੀ

# ਜਹਾਲਤ ਇੱਕ ਪਾਲ ਦੀ, ਗਿਆਨ ਨੂੰ ਠੱਲਦੀ

ਇਨਸਾਨੀ ਜੀਵਨ ਦੀਆਂ ਸਭ ਤੋਂ ਅਜੀਬ ਤ੍ਰਾਸਦੀ ਵਿੱਚੋਂ ਇੱਕ ਇਹ ਹੈ ਕਿ ਜਦੋਂ ਗਿਆਨ ਅਤੇ ਜਹਾਲਤ ਆਹਮੋ-ਸਾਹਮਣੇ ਖੜ੍ਹੇ ਹੁੰਦੇ ਹਨ ਤਾਂ ਕਈ ਅਕਸਰ ਜਹਾਲਤ ਬਹਿਸ ਜਿੱਤ ਜਾਂਦੀ ਹੈ। ਇਸ ਦਾ ਮਤਲਬ ਇਹ ਨਹੀਂ ਕਿ ਜਹਾਲਤ ਗਿਆਨ ਨਾਲੋਂ ਵੱਧ ਤਾਕਤਵਰ ਹੈ; ਅਸਲ ਗੱਲ ਇਹ ਹੈ ਕਿ ਦੋਵਾਂ ਦੇ ਖੇਡਣ ਦੇ ਨਿਯਮ ਵੱਖਰੇ ਹਨ।

ਗਿਆਨ ਬੰਨ੍ਹਿਆ ਹੋਇਆ ਹੈ ਸਮਾਜ ਸਬੂਤ ਮੰਗਦਾ ਹੈ, ਦਲੀਲ ਮੰਗਦਾ ਹੈ, ਤੱਥਾਂ ਦੀ ਜਾਂਚ ਕਰਦਾ ਹੈ ਅਤੇ ਅੰਤ ਵਿੱਚ ਬੜੀ ਜਦੋ ਜਹਿਦ ਤੋਂ ਬਾਅਦ ਬੜੀਆਂ ਕੋਸ਼ਿਸ਼ਾਂ ਕਰਕੇ ਆਪਣੀ ਗੱਲ ਨੂੰ ਸਹੀ ਸਾਬਤ ਕਰਦਾ ਹੈ। ਜਹਾਲਤ ਨੂੰ ਇਹਨਾਂ ਵਿੱਚੋਂ ਕਿਸੇ ਦੀ ਲੋੜ ਨਹੀਂ। ਉਹ ਆਪਣੀ ਧਾਰਨਾ ਨੂੰ ਹੀ ਸੱਚ ਮੰਨ ਲੈਂਦੀ ਹੈ। ਗਿਆਨ ਕਹਿੰਦਾ ਹੈ, ਮੈਨੂੰ ਸਬੂਤ ਦਿਓ। ਜਹਾਲਤ ਕਹਿੰਦੀ ਹੈ, ਮੈਨੂੰ ਕੀ ਲੋੜ ਹੈ ਸਬੂਤ ਦੀ ? ਮੈਂ ਸਭ ਜਾਣਦਾ ਹਾਂ।

ਮਨੋਵਿਗਿਆਨਕ ਖੋਜ ਵਿੱਚ ਜਿਸ ਵਰਤਾਰੇ ਨੂੰ ਡਨਿੰਗ-ਕ੍ਰੂਗਰ ਪ੍ਰਭਾਵ ਕਿਹਾ ਜਾਂਦਾ ਹੈ, ਉਸ ਵਿੱਚ ਘੱਟ ਸਮਰੱਥਾ ਜਾਂ ਘੱਟ ਗਿਆਨ ਵਾਲੇ ਵਿਅਕਤੀ ਕਈ ਵਾਰ ਆਪਣੀ ਅਸਲ ਕਾਬਲੀਅਤ ਨੂੰ ਵੱਧ ਮੰਨ ਬੈਠਦੇ ਹਨ। ਇਸ ਤੋਂ ਵੀ ਗੰਭੀਰ ਗੱਲ ਇਹ ਹੈ ਕਿ ਗਿਆਨ ਦੀ ਘਾਟ ਹੀ ਕਈ ਵਾਰ ਮਨੁੱਖ ਨੂੰ ਆਪਣੀ ਗਲਤੀ ਪਛਾਣਨ ਤੋਂ ਰੋਕਦੀ ਹੈ। ਭਾਵ , ਬੰਦਾ ਸਿਰਫ਼ ਅਣਜਾਣ ਨਹੀਂ ਰਹਿੰਦਾ . ਉਸ ਨੂੰ ਇਹ ਵੀ ਪਤਾ ਨਹੀਂ ਹੁੰਦਾ ਕਿ ਉਹ ਅਣਜਾਣ ਹੈ।

ਇਸ ਲਈ ਜਦੋਂ ਗਿਆਨ ਕਿਸੇ ਜਾਹਿਲ ਨਾਲ ਬਹਿਸ ਕਰਦਾ ਹੈ ਤਾਂ ਸਮੱਸਿਆ ਇਹ ਨਹੀਂ ਕਿ ਗਿਆਨ ਕਮਜ਼ੋਰ ਹੈ। ਸਮੱਸਿਆ ਇਹ ਹੈ ਕਿ ਗਿਆਨ ਤਰਕ ਦੇ ਮੈਦਾਨ ਵਿੱਚ ਖੜ੍ਹਾ ਹੁੰਦਾ ਹੈ, ਜਦਕਿ ਜਹਾਲਤ ਹਵਾ ਵਿੱਚ ਗੱਲ ਕਰਕੇ ਮੈਦਾਨ ਹੀ ਬਦਲ ਦਿੰਦੀ ਹੈ।

ਤੁਸੀਂ ਤੱਥ ਦਿਓਗੇ, ਉਹ ਨਿੱਜੀ ਹਮਲਾ ਕਰੇਗਾ।

ਤੁਸੀਂ ਸਬੂਤ ਦਿਓਗੇ, ਉਹ ਅਫ਼ਵਾਹ ਲਿਆਵੇਗਾ।

ਤੁਸੀਂ ਦਲੀਲ ਦਿਓਗੇ, ਉਹ ਸ਼ੋਰ ਪੈਦਾ ਕਰੇਗਾ।

ਤੁਸੀਂ ਸੰਜਮ ਰੱਖੋਗੇ, ਉਹ ਤੁਹਾਡੇ ਸੰਜਮ ਨੂੰ ਕਮਜ਼ੋਰੀ ਸਮਝੇਗਾ।

ਅਤੇ ਸਭ ਤੋਂ ਖ਼ਤਰਨਾਕ ਗੱਲ ਇਹ ਕਿ ਕੁਝ ਲੋਕ ਬਹਿਸ ਵਿੱਚ ਸੱਚ ਲੱਭਣ ਲਈ ਨਹੀਂ ਉਤਰਦੇ; ਉਹ ਸਿਰਫ਼ ਆਪਣੀ ਪਹਿਲਾਂ ਬਣੀ ਧਾਰਨਾ ਨੂੰ ਬਚਾਉਣ ਲਈ ਉਤਰਦੇ ਹਨ।

ਇੱਥੇ ਸੁਕਰਾਤ ਦੀ ਬੌਧਿਕ ਨਿਮਰਤਾ ਸਾਨੂੰ ਇੱਕ ਮਹੱਤਵਪੂਰਨ ਸਬਕ ਦਿੰਦੀ ਹੈ। ਸੁਕਰਾਤੀ ਵਿਚਾਰਧਾਰਾ ਵਿੱਚ ਆਪਣੇ ਗਿਆਨ ਦੀਆਂ ਹੱਦਾਂ ਨੂੰ ਪਛਾਣਨਾ ਗਿਆਨ ਦੀ ਕਮਜ਼ੋਰੀ ਨਹੀਂ, ਸਗੋਂ ਗਿਆਨ ਦੀ ਸ਼ੁਰੂਆਤ ਹੈ।

ਇਸ ਲਈ ਹਰ ਬਹਿਸ ਜਿੱਤਣਾ ਗਿਆਨਵਾਨ ਮਨੁੱਖ ਦਾ ਮਕਸਦ ਨਹੀਂ ਹੋਣਾ ਚਾਹੀਦਾ।

ਅਕਸਰ ਚੁੱਪ ਰਹਿਣਾ ਗਿਆਨ ਦੀ ਹਾਰ ਨਹੀਂ, ਗਿਆਨ ਦੀ ਇੱਜ਼ਤ ਹੁੰਦੀ ਹੈ।

ਜੇ ਸਾਹਮਣੇ ਵਾਲਾ ਸੁਣਨ ਲਈ ਤਿਆਰ ਨਹੀਂ, ਸਵਾਲ ਪੁੱਛਣ ਲਈ ਤਿਆਰ ਨਹੀਂ, ਆਪਣੇ ਵਿਸ਼ਵਾਸ ਦੀ ਜਾਂਚ ਕਰਨ ਲਈ ਤਿਆਰ ਨਹੀਂ ਅਤੇ ਸਬੂਤ ਨੂੰ ਸਵੀਕਾਰ ਕਰਨ ਦੀ ਸਮਰੱਥਾ ਨਹੀਂ ਰੱਖਦਾ, ਤਾਂ ਉੱਥੇ ਗਿਆਨ ਵੰਡਣਾ ਕੰਧ ਨਾਲ ਗੱਲ ਕਰਨ ਵਰਗਾ ਹੈ।

ਗਿਆਨ ਉੱਥੇ ਦੇਣਾ ਚਾਹੀਦਾ ਹੈ ਜਿੱਥੇ ਸਵਾਲ ਹੋਣ, ਜਿਗਿਆਸਾ ਹੋਵੇ ਅਤੇ ਸੱਚ ਨੂੰ ਸਵੀਕਾਰ ਕਰਨ ਦੀ ਇਮਾਨਦਾਰੀ ਹੋਵੇ, ਕਿਉਂਕਿ ਗਿਆਨ ਦਾ ਮਕਸਦ ਕਿਸੇ ਨੂੰ ਹਰਾਉਣਾ ਨਹੀਂ ਸਗੋਂ ਅੰਧਕਾਰ ਘਟਾਉਣਾ ਹੈ।

ਇਸੇ ਕਰਕੇ ਕਈ ਵਾਰ ਆਪਣੀ ਗੱਲ ਸਾਬਤ ਕਰਨ ਦੀ ਬਜਾਏ ਉੱਥੋਂ ਚੁੱਪਚਾਪ ਹਟ ਜਾਣਾ ਬਿਹਤਰ ਹੁੰਦਾ ਹੈ ਜਿੱਥੇ ਸੱਚ ਦੀ ਕੋਈ ਮੰਗ ਹੀ ਨਹੀਂ ਅਤੇ ਫਿਰ ਉਹ ਪੁਰਾਣੀ ਤਿੱਖੀ ਪੰਕਤੀ ਯਾਦ ਆਉਂਦੀ ਹੈ

ਜਾਹਿਲ ਨੂੰ ਜਦੋਂ ਜਹਾਲਤ ਦਾ ਇਨਾਮ ਮਿਲੇ, ਵਕਤ ਦੇ ਇਸ ਹਾਦਸੇ ਨੂੰ ਕੀ ਨਾਮ ਮਿਲੇ ? ਸ਼ਰਾਬਖ਼ਾਨੇ ਦੀ ਤੌਹੀਨ ਹੈ, ਰਿੰਦਾਂ ਦੀ ਹੱਤਕ ਹੈ—ਕਿਸੇ ਹਰਾਮੀ ਦੇ ਹੱਥੋਂ ਨੂੰ ਜਦੋਂ ਜਾਮ ਮਿਲੇ।

ਪਰ ਇਸ ਪੂਰੇ ਵਿਚਾਰ ਦਾ ਸਭ ਤੋਂ ਡੂੰਘਾ ਨਿਚੋੜ ਸ਼ਾਇਦ ਇਹ ਹੈ: ਜਹਾਲਤ ਨਾਲ ਲੜਨ ਲਈ ਆਪਣਾ ਗਿਆਨ ਬਰਬਾਦ ਨਾ ਕਰੋ। ਆਪਣਾ ਗਿਆਨ ਉੱਥੇ ਬੀਜੋ ਜਿੱਥੇ ਸਮਝ ਦੀ ਮਿੱਟੀ ਹੋਵੇ। ਕਿਉਂਕਿ ਬੀਜ ਕਿੰਨਾ ਵੀ ਕੀਮਤੀ ਹੋਵੇ,ਪੱਥਰ ਉੱਤੇ ਬੀਜਿਆ ਜਾਵੇ ਤਾਂ ਫ਼ਸਲ ਨਹੀਂ ਬਣਦੀ।

ਗਿਆਨ ਦੀ ਅਸਲ ਜਿੱਤ ਇਹ ਨਹੀਂ ਕਿ ਜਾਹਿਲ ਨੂੰ ਚੁੱਪ ਕਰਾ ਦਿੱਤਾ ਜਾਵੇ, ਗਿਆਨ ਦੀ ਅਸਲ ਜਿੱਤ ਇਹ ਹੈ ਕਿ ਕੋਈ ਇੱਕ ਮਨੁੱਖ ਸੋਚਣਾ ਸਿੱਖ ਲਵੇ।

# ਯੂ ਪੀ ਆਈ ਦੀ ਉਡਾਰੀ , ਡਿਜੀਟਲ ਰੁਪਏ ਦੀ ਖ਼ੁਦਮੁਖਤਿਆਰੀ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਮਨੁੱਖੀ ਸਮਾਜ ਵਿੱਚ ਪੈਸੇ ਦਾ ਰੂਪ ਸਮੇਂ ਦੇ ਨਾਲ ਲਗਾਤਾਰ ਬਦਲਦਾ ਰਿਹਾ ਹੈ। ਵਸਤੂਆਂ ਦੇ ਵਟਾਂਦਰੇ ਤੋਂ ਸਿੱਕਿਆਂ ਤੱਕ, ਸਿੱਕਿਆਂ ਤੋਂ ਕਾਗਜ਼ੀ ਨੋਟਾਂ ਤੱਕ, ਨੋਟਾਂ ਤੋਂ ਬੈਂਕ ਖਾਤਿਆਂ ਤੱਕ ਅਤੇ ਹੁਣ ਬੈਂਕ ਖਾਤਿਆਂ ਤੋਂ ਮੋਬਾਈਲ ਦੀ ਸਕਰੀਨ ਤੱਕ ਰੁਪਈ-ਏ ਨੇ ਤਕਨਾਲੋਜੀ ਦੇ ਨਾਲ ਆਪਣਾ ਰੂਪ ਬਦਲਿਆ ਹੈ।

ਇਸੇ ਬਦਲਾਅ ਦਾ ਅਗਲਾ ਪੜਾਅ ਹੈ ਕੇਂਦਰੀ ਬੈਂਕ ਵੱਲੋਂ ਜਾਰੀ ਡਿਜੀਟਲ ਰੁਪਿਆ , ਜਿਸ ਨੂੰ ਭਾਰਤ ਵਿੱਚ ਡਿਜੀਟਲ ਰੁਪਿਆ ਜਾਂ ਈ-ਰੁਪਿਆ ਕਿਹਾ ਜਾ ਰਿਹਾ ਹੈ। ਭਾਰਤੀ ਰਿਜ਼ਰਵ ਬੈਂਕ ਨੇ ਡਿਜੀਟਲ ਰੁਪਏ ਦੀ ਪ੍ਰਚੂਨ ਪਰਖ 1 ਦਸੰਬਰ 2022 ਨੂੰ ਸ਼ੁਰੂ ਕੀਤੀ ਸੀ। ਜਨਵਰੀ 2025 ਵਿੱਚ ਜਾਰੀ ਰਿਜ਼ਰਵ ਬੈਂਕ ਦੀ ਜਾਣਕਾਰੀ ਅਨੁਸਾਰ ਇਹ ਪ੍ਰਬੰਧ ਹਾਲੇ ਪਰਖ ਦੇ ਪੜਾਅ ਵਿੱਚ ਹੈ। ਇਸ ਪਰਖ ਦਾ ਮਕਸਦ ਇਸ ਦੀ ਤਕਨੀਕੀ ਬਣਤਰ, ਵੱਡੇ ਪੱਧਰ 'ਤੇ ਵਰਤੋਂ, ਵੱਖ-ਵੱਖ ਵਰਤੋਂ ਦੇ ਢੰਗ ਅਤੇ ਲੋਕਾਂ ਵੱਲੋਂ ਇਸ ਦੀ ਸਵੀਕਾਰਤਾ ਨੂੰ ਸਮਝਣਾ ਹੈ।

ਇਸ ਲਈ ਪਹਿਲੀ ਗੱਲ ਸਪਸ਼ਟ ਹੋਣੀ ਚਾਹੀਦੀ ਹੈ ਡਿਜੀਟਲ ਰੁਪਿਆ ਬਿਟਕੋਇਨ ਜਾਂ ਕਿਸੇ ਨਿੱਜੀ ਕ੍ਰਿਪਟੋਕਰੰਸੀ ਵਰਗੀ ਕਰੰਸੀ ਨਹੀਂ ਹੈ।

ਇਹ ਭਾਰਤੀ ਰੁਪਏ ਦਾ ਹੀ ਡਿਜੀਟਲ ਰੂਪ ਹੈ, ਜਿਸ ਨੂੰ ਭਾਰਤੀ ਰਿਜ਼ਰਵ ਬੈਂਕ ਜਾਰੀ ਕਰਦਾ ਹੈ। ਇਹ ਕੇਂਦਰੀ ਬੈਂਕ ਦੀ ਦੇਣਦਾਰੀ ਅਤੇ ਕਾਨੂੰਨੀ ਰੁਪਿਆ ਹੈ।

ਤੁਹਾਡੀ ਜੇਬ ਵਿੱਚ ਪਿਆ ?500 ਦਾ ਨੋਟ ਸਿਰਫ਼ ਤੁਹਾਡੇ ਬੈਂਕ ਖਾਤੇ ਵਿੱਚ ਦਰਜ ਕੋਈ ਅੰਕ ਨਹੀਂ। ਉਹ ਖੁਦ ਰੁਪਿਆ ਹੈ। ਇਸੇ ਤਰ੍ਹਾਂ ਡਿਜੀਟਲ ਰੁਪਏ ਦੇ ਬਟੂਏ ਵਿੱਚ ਪਿਆ ?500 ਵੀ ਡਿਜੀਟਲ ਰੁਪਿਆ ਹੈ। ਇਸ ਨੂੰ ਡਿਜੀਟਲ ਬਟੂਏ ਵਿੱਚ ਰੱਖਿਆ ਜਾ ਸਕਦਾ ਹੈ ਅਤੇ ਕਿਸੇ ਹੋਰ ਵਿਅਕਤੀ ਜਾਂ ਵਪਾਰੀ ਨੂੰ ਭੇਜਿਆ ਜਾ ਸਕਦਾ ਹੈ। ਲੇਕਿਨ ਇਸ 'ਤੇ ਬੈਂਕ ਖਾਤੇ ਵਿੱਚ ਪਈ ਜਮ੍ਹਾਂ ਰਕਮ ਵਾਂਗ ਵਿਆਜ ਨਹੀਂ ਮਿਲਦਾ।

ਇੱਥੇ ਇੱਕ ਬੁਨਿਆਦੀ ਗੱਲ ਸਮਝਣੀ ਜ਼ਰੂਰੀ ਹੈ ਕਿ ਡਿਜੀਟਲ ਰੁਪਿਆ ਬੈਂਕ ਖਾਤੇ ਵਿੱਚ ਪਏ ਰੁਪਏ ਦਾ ਸਿਰਫ਼ ਨਵਾਂ ਦਿਖਾਵਾ ਨਹੀਂ, ਸਗੋਂ ਇਹ ਕੇਂਦਰੀ ਬੈਂਕ ਵੱਲੋਂ ਜਾਰੀ ਡਿਜੀਟਲ ਰੁਪਿਆ ਹੈ।

ਅੱਜ ਜੇ ਅਸੀਂ ਕਿਸੇ ਨੂੰ ਮੋਬਾਈਲ ਰਾਹੀਂ ?1,000 ਭੇਜਦੇ ਹਾਂ ਤਾਂ ਆਮ ਤੌਰ 'ਤੇ ਸਾਡੇ ਬੈਂਕ ਖਾਤੇ ਵਿੱਚੋਂ ?1,000 ਨਿਕਲ ਕੇ ਦੂਜੇ ਵਿਅਕਤੀ ਦੇ ਬੈਂਕ ਖਾਤੇ ਵਿੱਚ ਚਲੇ ਜਾਂਦੇ ਹਨ, ਲੇਕਿਨ ਇਸ ਵਿੱਚ ਯੂਪੀਆਈ ਪੈਸਾ ਨਹੀਂ ਹੈ। ਇਹ ਪੈਸੇ ਦੇ ਲੈਣ-ਦੇਣ ਦਾ ਇੱਕ ਡਿਜੀਟਲ ਢਾਂਚਾ ਜਾਂ ਰਸਤਾ ਹੈ।

ਦੂਜੇ ਪਾਸੇ ਡਿਜੀਟਲ ਰੁਪਏ ਵਿੱਚ ਕੇਂਦਰੀ ਬੈਂਕ ਵੱਲੋਂ ਜਾਰੀ ਡਿਜੀਟਲ ਰੁਪਿਆ ਡਿਜੀਟਲ ਬਟੂਏ ਵਿੱਚ ਰੱਖੀ ਜਾ ਸਕਦੀ ਹੈ।

ਯੂਪੀਆਈ — ਪੈਸਾ ਭੇਜਣ ਦਾ ਰਸਤਾ।

ਡਿਜੀਟਲ ਰੁਪਿਆ — ਖੁਦ ਡਿਜੀਟਲ ਪੈਸਾ।

ਇਹ ਦੋਵੇਂ ਪ੍ਰਕ੍ਰਿਆਵਾਂ ਬਿਲਕੁਲ ਅਲੱਗ ਹਨ।

ਭਾਰਤੀ ਰਿਜ਼ਰਵ ਬੈਂਕ ਨੇ ਡਿਜੀਟਲ ਰੁਪਏ ਨੂੰ ਮੌਜੂਦਾ ਭੁਗਤਾਨ ਪ੍ਰਬੰਧ ਦਾ ਬਦਲ ਬਣਾਉਣ ਦੀ ਬਜਾਏ ਇੱਕ ਵਾਧੂ ਭੁਗਤਾਨ ਮਾਧਿਅਮ ਵਜੋਂ ਵਿਕਸਿਤ ਕਰਨ ਦੀ ਦਿਸ਼ਾ ਅਪਣਾਈ ਹੈ। ਇਸ ਦੇ ਨਾਲ ਡਿਜੀਟਲ ਰੁਪਏ ਰਾਹੀਂ ਯੂਪੀਆਈ ਦੇ ਕਿਊਆਰ ਨਿਸ਼ਾਨ ਨੂੰ ਵੀ ਵਰਤਣ ਦੀ ਸਮਰੱਥਾ ਵਿਕਸਿਤ ਕੀਤੀ ਗਈ ਹੈ।

ਸਾਫ਼ ਮਤਲਬ ਹੈ ਕਿ ਭਵਿੱਖ ਵਿੱਚ ਨਕਦ, ਬੈਂਕ ਖਾਤਾ, ਯੂਪੀਆਈ ਅਤੇ ਡਿਜੀਟਲ ਰੁਪਿਆ . ਇਹ ਸਾਰੇ ਇੱਕੋ ਆਰਥਿਕ ਪ੍ਰਬੰਧ ਦੇ ਵੱਖ-ਵੱਖ ਹਿੱਸੇ ਹੋ ਸਕਦੇ ਹਨ।

ਇੱਥੇ ਇਹ ਮਹੱਤਵਪੂਰਨ ਸਵਾਲ ਉੱਠਦਾ ਹੈ ਜਦੋਂ ਯੂਪੀਆਈ ਪਹਿਲਾਂ ਹੀ ਤੇਜ਼, ਸੌਖਾ ਅਤੇ ਵਿਆਪਕ ਹੈ ਤਾਂ ਨਵੀਂ ਡਿਜੀਟਲ ਕਰੰਸੀ ਦੀ ਲੋੜ ਕਿਉਂ ?

ਪਹਿਲਾ, ਡਿਜੀਟਲ ਰੁਪਿਆ ਕੇਂਦਰੀ ਬੈਂਕ ਦੀ ਕਰੰਸੀ ਹੈ।

ਦੂਜਾ, ਇਸ ਦਾ ਮੰਤਵ ਨਕਦ ਦੀਆਂ ਕੁਝ ਵਿਸ਼ੇਸ਼ਤਾਵਾਂ ਨੂੰ ਡਿਜੀਟਲ ਸੰਸਾਰ ਵਿੱਚ ਲਿਆਉਣਾ ਹੈ।

ਤੀਜਾ, ਭਵਿੱਖ ਵਿੱਚ ਘੱਟ ਜਾਂ ਬਿਨਾਂ ਇੰਟਰਨੈੱਟ ਵਾਲੇ ਖੇਤਰਾਂ ਵਿੱਚ ਵੀ ਡਿਜੀਟਲ ਰੁਪਏ ਦੇ ਲੈਣ-ਦੇਣ ਦੀ ਸੰਭਾਵਨਾ ਵਿਕਸਿਤ ਕੀਤੀ ਜਾ ਰਹੀ ਹੈ।

ਰਿਜ਼ਰਵ ਬੈਂਕ ਨੇ ਅਜਿਹੀਆਂ ਵਿਵਸਥਾਵਾਂ ਦੀ ਪਰਖ ਕੀਤੀ ਹੈ ਜਿਨ੍ਹਾਂ ਵਿੱਚ ਦੂਰਸੰਚਾਰ ਸੰਪਰਕ ਜਾਂ ਨੇੜਤਾ-ਆਧਾਰਿਤ ਤਕਨਾਲੋਜੀ ਦੀ ਮਦਦ ਨਾਲ ਸੀਮਿਤ ਹਾਲਾਤਾਂ ਵਿੱਚ ਬਿਨਾਂ ਆਮ ਇੰਟਰਨੈੱਟ ਸੰਪਰਕ ਦੇ ਲੈਣ-ਦੇਣ ਸੰਭਵ ਬਣਾਇਆ ਜਾ ਸਕੇ।

ਇਹ ਵਿਸ਼ੇਸ਼ਤਾ ਭਾਰਤ ਵਰਗੇ ਦੇਸ਼ ਵਿੱਚ ਮਹੱਤਵਪੂਰਨ ਹੋ ਸਕਦੀ ਹੈ, ਜਿੱਥੇ ਹਰ ਖੇਤਰ ਵਿੱਚ ਇੱਕੋ ਜਿਹੀ ਡਿਜੀਟਲ ਸੰਪਰਕ ਸਹੂਲਤ ਉਪਲਬਧ ਨਹੀਂ।

ਕਿਸੇ ਵੀ ਡਿਜੀਟਲ ਪ੍ਰਬੰਧ ਨੂੰ ਸੌ ਫੀਸਦੀ ਖ਼ਤਰਾ-ਰਹਿਤ ਕਹਿਣਾ ਤਕਨੀਕੀ ਤੌਰ 'ਤੇ ਠੀਕ ਨਹੀਂ ਹੋਵੇਗਾ। ਭਾਰਤੀ ਰਿਜ਼ਰਵ ਬੈਂਕ ਨੇ ਖੁਦ ਡਿਜੀਟਲ ਕਰੰਸੀ ਦੀ ਬਣਤਰ ਵਿੱਚ ਸਾਈਬਰ ਸੁਰੱਖਿਆ, ਤਕਨੀਕੀ ਮਜ਼ਬੂਤੀ, ਅੰਕੜਾ ਸੁਰੱਖਿਆ, ਧੋਖਾਧੜੀ ਦੀ ਨਿਗਰਾਨੀ, ਨਿੱਜਤਾ ਅਤੇ ਪ੍ਰਬੰਧ ਦੇ ਲਗਾਤਾਰ ਚੱਲਦੇ ਰਹਿਣ ਨੂੰ ਮਹੱਤਵਪੂਰਨ ਮੁੱਦੇ ਮੰਨਿਆ ਹੈ।

ਹੈਕਿੰਗ ਅਤੇ ਧੋਖਾਧੜੀ ਇੱਕੋ ਚੀਜ਼ ਨਹੀਂ।

ਕਿਸੇ ਵੱਡੇ ਕੇਂਦਰੀ ਪ੍ਰਬੰਧ ਵਿੱਚ ਸਿੱਧੀ ਸੰਧ ਲਾਉਣਾ ਇੱਕ ਬਹੁਤ ਜਟਿਲ ਤਕਨੀਕੀ ਹਮਲਾ ਹੈ। ਪਰ ਆਮ ਨਾਗਰਿਕ ਨਾਲ ਧੋਖਾ ਕਰਨਾ ਕਈ ਵਾਰ ਇਸ ਤੋਂ ਕਿਤੇ ਸੌਖਾ ਹੁੰਦਾ ਹੈ।

ਮਤਲਬ ਅਸਲ ਖ਼ਤਰਾ ਸਿਰਫ਼ ਇਹ ਨਹੀਂ ਕਿ ਕੋਈ ਡਿਜੀਟਲ ਰੁਪਏ ਦਾ ਪ੍ਰਬੰਧ ਹੈਕ ਕਰ ਲਵੇ।

ਬਲਕਿ ਖ਼ਤਰਾ ਇਹ ਵੀ ਹੈ ਕਿ ਕੋਈ ਆਮ ਬੰਦੇ ਨੂੰ ਹੀ ਧੋਖਾ ਦੇ ਕੇ ਉਸ ਦੇ ਪੈਸੇ ਤੱਕ ਪਹੁੰਚ ਜਾਵੇ।

ਅੱਜ ਡਿਜੀਟਲ ਧੋਖਾਧੜੀ ਦਾ ਸਭ ਤੋਂ ਕਮਜ਼ੋਰ ਬਿੰਦੂ ਹੈ ਖੁਦ ਆਮ ਇਨਸਾਨ.

ਅੱਜ ਵੀ ਬਹੁਤ ਸਾਰੇ ਆਰਥਿਕ ਧੋਖੇ ਤਕਨਾਲੋਜੀ ਦੀ ਕਮਜ਼ੋਰੀ ਨਾਲ ਨਹੀਂ, ਮਨੁੱਖੀ ਭਰੋਸੇ ਦਾ ਫਾਇਦਾ ਚੁੱਕ ਕੇ ਕੀਤੇ ਜਾਂਦੇ ਹਨ।

ਮਿਸਾਲ ਵਜੋਂ:

* ਝੂਠਾ ਗਾਹਕ ਸੇਵਾ ਕੇਂਦਰ;
* ਝੂਠਾ ਪਛਾਣ-ਪੱਤਰ ਜਾਂ ਗਾਹਕ-ਪੜਤਾਲ ਸੁਨੇਹਾ;
* ਗੁਪਤ ਨੰਬਰ ਜਾਂ ਇੱਕ ਵਾਰ ਵਰਤਿਆ ਜਾਣ ਵਾਲਾ ਪ੍ਰਮਾਣੀਕਰਨ ਕੋਡ ਮੰਗਣਾ;
* ਨਕਲੀ ਕਿਊਆਰ ਨਿਸ਼ਾਨ;
* ਪਰਦੇ ਪਿੱਛੇ ਮੋਬਾਈਲ ਚਲਾਉਣ ਵਾਲੀ ਅਰਜ਼ੀ ਲਗਵਾਉਣਾ;
* ਝੂਠੀ ਵਾਪਸੀ ਰਕਮ ਜਾਂ ਇਨਾਮ ਦਾ ਲਾਲਚ;
* ਨਿਵੇਸ਼ ਦੇ ਨਾਮ 'ਤੇ ਧੋਖਾ;
* ਕਿਸੇ ਅਧਿਕਾਰੀ ਜਾਂ ਰਿਸ਼ਤੇਦਾਰ ਦੀ ਨਕਲ ਕਰਕੇ ਪੈਸਾ ਮੰਗਣਾ।

ਇਹਨਾਂ ਮਾਮਲਿਆਂ ਵਿੱਚ ਅਪਰਾਧੀ ਨੂੰ ਕੇਂਦਰੀ ਡਿਜੀਟਲ ਕਰੰਸੀ ਪ੍ਰਬੰਧ ਵਿੱਚ ਸੰਧ ਲਾਉਣ ਦੀ ਲੋੜ ਹੀ ਨਹੀਂ ਪੈਂਦੀ।

ਇਸ ਲਈ ਡਿਜੀਟਲ ਰੁਪਏ ਦੀ ਸਫਲਤਾ ਸਿਰਫ਼ ਸਾਈਬਰ ਸੁਰੱਖਿਆ 'ਤੇ ਨਹੀਂ, ਲੋਕਾਂ ਦੀ ਡਿਜੀਟਲ ਆਰਥਿਕ ਸਮਝ 'ਤੇ ਵੀ ਨਿਰਭਰ ਕਰੇਗੀ।

ਨਵੀਂ ਡਿਜੀਟਲ ਕਰੰਸੀ ਨਵੇਂ ਕਿਸਮ ਦੇ ਧੋਖਿਆਂ ਲਈ ਨਵੇਂ ਰਸਤੇ ਪੈਦਾ ਕਰ ਸਕਦੀ ਹੈ। ਪਰ ਇਸ ਦੇ ਨਾਲ ਧੋਖਾਧੜੀ ਦੀ ਪਛਾਣ, ਨਿਗਰਾਨੀ ਅਤੇ ਰੋਕਥਾਮ ਲਈ ਨਵੇਂ ਤਕਨੀਕੀ ਸਾਧਨ ਵੀ ਵਿਕਸਿਤ ਕੀਤੇ ਜਾ ਸਕਦੇ ਹਨ।

ਰਿਜ਼ਰਵ ਬੈਂਕ ਨੇ ਆਪਣੇ ਡਿਜੀਟਲ ਕਰੰਸੀ ਸੰਕਲਪ ਪੱਤਰ ਵਿੱਚ ਡਿਜੀਟਲ ਧੋਖਾਧੜੀ, ਅੰਕੜਿਆਂ ਦੀ ਚੋਰੀ, ਨਿੱਜਤਾ ਅਤੇ ਡਿਜੀਟਲ ਸੁਰੱਖਿਆ ਨੂੰ ਖ਼ਤਰੇ ਵਜੋਂ ਦਰਸਾਇਆ ਹੈ।

ਇਸ ਲਈ ਭਵਿੱਖ ਵਿੱਚ ਧੋਖਾਧੜੀ ਵਧੇਗੀ ਜਾਂ ਘਟੇਗੀ, ਇਹ ਸਿਰਫ਼ ਡਿਜੀਟਲ ਰੁਪਏ ਦੇ ਆਉਣ ਨਾਲ ਤੈਅ ਨਹੀਂ ਹੋਵੇਗਾ।

ਇਸ 'ਤੇ ਸਾਈਬਰ ਸੁਰੱਖਿਆ, ਕਾਨੂੰਨੀ ਪ੍ਰਬੰਧ, ਧੋਖਾਧੜੀ ਦੀ ਨਿਗਰਾਨੀ, ਗਾਹਕ ਸੁਰੱਖਿਆ ਅਤੇ ਲੋਕਾਂ ਦੀ ਜਾਗਰੂਕਤਾ ਆਦਿ ਸਭ ਦਾ ਪ੍ਰਭਾਵ ਪਵੇਗਾ।

ਡਿਜੀਟਲ ਰੁਪਏ ਦੀ ਚਰਚਾ ਵਿੱਚ ਹੈਕਿੰਗ ਤੋਂ ਵੀ ਡੂੰਘਾ ਸਵਾਲ ਹੈ ਉਹ ਹੈ ਨਾਗਰਿਕ ਦੀ ਨਿੱਜਤਾ।

ਜੇ ਤੁਸੀਂ ਕਿਸੇ ਦੁਕਾਨਦਾਰ ਨੂੰ ?500 ਦਾ ਨਕਦ ਨੋਟ ਦਿੰਦੇ ਹੋ ਤਾਂ ਆਮ ਤੌਰ 'ਤੇ ਇਹ ਲੈਣ-ਦੇਣ ਕਿਸੇ ਕੇਂਦਰੀ ਡਿਜੀਟਲ ਰਿਕਾਰਡ ਦਾ ਹਿੱਸਾ ਨਹੀਂ ਬਣਦਾ।

ਡਿਜੀਟਲ ਲੈਣ-ਦੇਣ ਤਕਨੀਕੀ ਹਮੇਸ਼ਾਂ ਨਿਸ਼ਾਨ ਛੱਡਦਾ ਹੈ। ਰਿਜ਼ਰਵ ਬੈਂਕ ਨੇ ਵੀ ਮੰਨਿਆ ਹੈ ਕਿ ਡਿਜੀਟਲ ਕਰੰਸੀ ਵਿੱਚ ਭੌਤਿਕ ਨਕਦ ਵਰਗੀ ਪੂਰੀ ਗੁਪਤਤਾ ਦੇਣਾ ਮੁਸ਼ਕਲ ਹੈ, ਕਿਉਂਕਿ ਡਿਜੀਟਲ ਲੈਣ-ਦੇਣ ਦਾ ਕੋਈ ਨਾ ਕੋਈ ਰਿਕਾਰਡ ਬਣ ਸਕਦਾ ਹੈ।

ਇੱਥੇ ਇੱਕ ਬਹੁਤ ਨਾਜ਼ੁਕ ਸੰਤੁਲਨ ਦੀ ਲੋੜ ਹੈ:

ਧੋਖਾਧੜੀ ਅਤੇ ਕਾਲੇ ਧਨ ਨੂੰ ਰੋਕਣ ਲਈ ਨਿਗਰਾਨੀ ਵੀ ਹੋਵੇ, ਪਰ ਆਮ ਨਾਗਰਿਕ ਦੀ ਨਿੱਜੀ ਆਰਥਿਕ ਜਾਣਕਾਰੀ ਦੀ ਬੇਲੋੜੀ ਨਿਗਰਾਨੀ ਵੀ ਨਾ ਹੋਵੇ। ਇਹ ਸੰਤੁਲਨ ਡਿਜੀਟਲ ਰੁਪਏ ਦੇ ਭਵਿੱਖ ਦਾ ਇੱਕ ਕੇਂਦਰੀ ਮੁੱਦਾ ਹੋਵੇਗਾ।

ਡਿਜੀਟਲ ਰੁਪਏ ਦੀ ਇੱਕ ਵਿਲੱਖਣ ਵਿਸ਼ੇਸ਼ਤਾ ਪ੍ਰੋਗਰਾਮਿੰਗ ਹੈ। ਸਧਾਰਨ ਭਾਸ਼ਾ ਵਿੱਚ ਇਸ ਦਾ ਮਤਲਬ ਹੈ ਕਿ ਕੁਝ ਖਾਸ ਰਕਮ ਨੂੰ ਨਿਰਧਾਰਤ ਮਕਸਦ ਲਈ ਵਰਤਣ ਯੋਗ ਬਣਾਇਆ ਜਾ ਸਕਦਾ ਹੈ। ਮਿਸਾਲ ਵਜੋਂ ਕਿਸੇ ਸਰਕਾਰੀ ਸਹਾਇਤਾ ਦੀ ਰਕਮ ਨੂੰ ਖਾਸ ਕਿਸਮ ਦੀ ਖਰੀਦ ਲਈ ਵਰਤਣ ਦੀ ਸ਼ਰਤ ਨਾਲ ਜੋੜਿਆ ਜਾ ਸਕਦਾ ਹੈ।

ਰਿਜ਼ਰਵ ਬੈਂਕ ਨੇ ਅਜਿਹੇ ਪ੍ਰਯੋਗਾਂ ਵਿੱਚ ਸਿੱਧੀ ਲਾਭ-ਅਦਾਇਗੀ, ਕਰਜ਼ੇ ਉੱਤੇ ਵਿਆਜ ਸਹਾਇਤਾ, ਕਰਜ਼ਾ ਵੰਡ ਅਤੇ ਕਰਮਚਾਰੀ ਭੱਤਿਆਂ ਵਰਗੇ ਮਾਮਲਿਆਂ ਦੀ ਸੰਭਾਵਨਾ ਵੀ ਦਰਸਾਈ ਹੈ।

ਇਸ ਦਾ ਲਾਭ ਇਹਹੈ ਕਿ ਸਰਕਾਰੀ ਸਹਾਇਤਾ ਨਿਰਧਾਰਤ ਉਦੇਸ਼ ਲਈ ਹੀ ਵਰਤੀ ਜਾਵੇ ਅਤੇ ਵਿਚਕਾਰਲੀ ਰਿਸਾਵਟ ਘਟੇ।

ਨਾਗਰਿਕ ਦੇ ਆਪਣੇ ਪੈਸੇ ਦੀ ਵਰਤੋਂ ਉੱਤੇ ਭਵਿੱਖ ਵਿੱਚ ਕਿੰਨੀਆਂ ਡਿਜੀਟਲ ਸ਼ਰਤਾਂ ਲਗਾਈਆਂ ਜਾ ਸਕਦੀਆਂ ਹਨ ? ਇਹ ਸਵਾਲ ਸਿਰਫ਼ ਤਕਨਾਲੋਜੀ ਦਾ ਨਹੀਂ, ਸਗੋਂ ਕਾਨੂੰਨ, ਨਾਗਰਿਕ ਅਧਿਕਾਰ, ਪਾਰਦਰਸ਼ਤਾ ਅਤੇ ਜਵਾਬਦੇਹੀ ਦਾ ਵੀ ਹੈ।

ਮੌਜੂਦਾ ਅਧਿਕਾਰਤ ਜਾਣਕਾਰੀ ਤੋਂ ਇਹ ਨਤੀਜਾ ਕੱਢਣਾ ਠੀਕ ਨਹੀਂ ਕਿ ਸਰਕਾਰ ਹਰ ਨਾਗਰਿਕ ਦੇ ਆਮ ਡਿਜੀਟਲ ਰੁਪਏ ਨੂੰ ਆਪਣੀ ਮਰਜ਼ੀ ਨਾਲ ਕਦੇ ਵੀ ਬੰਦ ਜਾਂ ਮਿਆਦ-ਪੂਰਾ ਕਰ ਸਕੇਗੀ। ਪਰ ਪ੍ਰੋਗਰਾਮਯੋਗਤਾ ਇੱਕ ਸ਼ਕਤੀਸ਼ਾਲੀ ਤਕਨੀਕੀ ਸਮਰੱਥਾ ਹੈ, ਇਸ ਲਈ ਇਸ ਦੀ ਵਰਤੋਂ ਲਈ ਸਪਸ਼ਟ ਕਾਨੂੰਨੀ ਹੱਦਾਂ ਅਤੇ ਨਿਗਰਾਨੀ ਜ਼ਰੂਰੀ ਹੋਵੇਗੀ।

ਮੌਜੂਦਾ ਦਿਸ਼ਾ ਇਸ ਤਰ੍ਹਾਂ ਨਹੀਂ ਦਿਖਾਈ ਦਿੰਦੀ।

ਰਿਜ਼ਰਵ ਬੈਂਕ ਡਿਜੀਟਲ ਰੁਪਏ ਨੂੰ ਮੌਜੂਦਾ ਭੁਗਤਾਨ ਪ੍ਰਬੰਧ ਦਾ ਸਿੱਧਾ ਬਦਲ ਨਹੀਂ, ਸਗੋਂ ਇੱਕ ਵਾਧੂ ਮਾਧਿਅਮ ਵਜੋਂ ਵਿਕਸਿਤ ਕਰ ਰਿਹਾ ਹੈ।

ਇਸ ਲਈ ਆਮ ਨਾਗਰਿਕ ਲਈ ਭਵਿੱਖ ਵਿੱਚ ਸੰਭਾਵੀ ਪ੍ਰਬੰਧ ਕੁਝ ਇਸ ਤਰ੍ਹਾਂ ਹੋ ਸਕਦਾ ਹਨ

ਨਕਦ + ਬੈਂਕ ਖਾਤਾ + ਯੂਪੀਆਈ + ਡਿਜੀਟਲ ਰੁਪਿਆ।

ਜੇ ਕਿਸੇ ਨੂੰ ਬਿਨਾਂ ਆਮ ਇੰਟਰਨੈੱਟ ਸਹੂਲਤ ਦੇ ਭੁਗਤਾਨ ਦੀ ਲੋੜ ਹੈ, ਕੇਂਦਰੀ ਬੈਂਕ ਵੱਲੋਂ ਜਾਰੀ ਡਿਜੀਟਲ ਕਰੰਸੀ ਦੀ ਵਰਤੋਂ ਕਰਨੀ ਹੈ ਜਾਂ ਭਵਿੱਖ ਦੀਆਂ ਪ੍ਰੋਗਰਾਮਯੋਗ ਸਰਕਾਰੀ ਸਹਾਇਤਾ ਯੋਜਨਾਵਾਂ ਦਾ ਲਾਭ ਲੈਣਾ ਹੈ ਤਾਂ ਡਿਜੀਟਲ ਰੁਪਿਆ ਉਸ ਲਈ ਲਾਭਦਾਇਕ ਹੈ।

ਪਰ ਜਿਹੜਾ ਵਿਅਕਤੀ ਯੂਪੀਆਈ ਨਾਲ ਪਹਿਲਾਂ ਹੀ ਆਪਣੀਆਂ ਸਾਰੀਆਂ ਲੋੜਾਂ ਆਸਾਨੀ ਨਾਲ ਪੂਰੀ ਕਰ ਰਿਹਾ ਹੈ, ਉਸ ਲਈ ਇੱਕ ਹੋਰ ਡਿਜੀਟਲ ਬਟੂਆ ਅਤੇ ਨਵਾਂ ਭੁਗਤਾਨ ਪ੍ਰਬੰਧ ਵਾਧੂ ਜਟਿਲਤਾ ਵੀ ਬਣ ਸਕਦਾ ਹੈ।

ਇਸ ਲਈ ਡਿਜੀਟਲ ਰੁਪਏ ਦੀ ਅਸਲ ਕਦਰ ਇਸ ਗੱਲ ਨਾਲ ਤੈਅ ਹੋਵੇਗੀ ਕਿ ਇਹ ਅਜਿਹੀ ਸਮੱਸਿਆ ਕਿੰਨੀ ਚੰਗੀ ਤਰ੍ਹਾਂ ਹੱਲ ਕਰਦਾ ਹੈ ਜੋ ਮੌਜੂਦਾ ਪ੍ਰਬੰਧ ਪਹਿਲਾਂ ਹੀ ਹੱਲ ਨਹੀਂ ਕਰ ਰਿਹਾ।

ਲੋਕਾਂ ਲਈ ਸਭ ਤੋਂ ਮਹੱਤਵਪੂਰਨ ਸਵਾਲ ਇਹ ਹੈ ਕਿ:

ਮੇਰਾ ਪੈਸਾ ਕਿੰਨਾ ਸੁਰੱਖਿਅਤ ਹੈ ?

ਮੇਰੀ ਆਰਥਿਕ ਜਾਣਕਾਰੀ ਕੌਣ ਵੇਖ ਸਕਦਾ ਹੈ ?

ਜੇ ਧੋਖਾਧੜੀ ਹੋ ਜਾਵੇ ਤਾਂ ਪੈਸਾ ਕੌਣ ਵਾਪਸ ਕਰੇਗਾ ?

ਮੋਬਾਈਲ ਗੁੰਮ ਹੋਣ 'ਤੇ ਡਿਜੀਟਲ ਬਟੂਆ ਕਿਵੇਂ ਮੁੜ ਪ੍ਰਾਪਤ ਹੋਵੇਗਾ ?

ਜੇ ਪੂਰਾ ਡਿਜੀਟਲ ਪ੍ਰਬੰਧ ਕੁਝ ਸਮੇਂ ਲਈ ਬੰਦ ਹੋ ਜਾਵੇ ਤਾਂ ਕੀ ਹੋਵੇਗਾ ?

ਬਿਨਾਂ ਇੰਟਰਨੈੱਟ ਵਾਲੇ ਲੈਣ-ਦੇਣ ਵਿੱਚ ਦੋਹਰੀ ਖਰਚੀ ਨੂੰ ਕਿਵੇਂ ਰੋਕਿਆ ਜਾਵੇਗਾ ?

ਇਨ੍ਹਾਂ ਸਵਾਲਾਂ ਦੇ ਜਵਾਬ ਸਿਰਫ਼ ਤਕਨੀਕੀ ਮਾਹਿਰ ਨਹੀਂ ਦੇ ਸਕਦੇ। ਇਨ੍ਹਾਂ ਲਈ ਮਜ਼ਬੂਤ ਕਾਨੂੰਨ, ਪਾਰਦਰਸ਼ੀ ਨਿਯਮ, ਸੁਤੰਤਰ ਨਿਗਰਾਨੀ, ਗਾਹਕ ਸੁਰੱਖਿਆ ਅਤੇ ਪ੍ਰਭਾਵਸ਼ਾਲੀ ਸ਼ਿਕਾਇਤ ਨਿਵਾਰਣ ਪ੍ਰਬੰਧ ਵੀ ਲੋੜੀਂਦੇ ਹਨ।

ਡਿਜੀਟਲ ਰੁਪਏ ਨੂੰ ਨਾ ਤਾਂ ਬੇਵਜ੍ਹਾ ਡਰ ਦਾ ਵਿਸ਼ਾ ਬਣਾਉਣ ਦੀ ਲੋੜ ਹੈ ਅਤੇ ਨਾ ਹੀ ਇਸ ਨੂੰ ਤਕਨਾਲੋਜੀ ਦਾ ਕੋਈ ਚਮਤਕਾਰ ਮੰਨਣ ਦੀ।

ਇਹ ਭਾਰਤੀ ਰੁਪਏ ਦਾ ਡਿਜੀਟਲ ਰੂਪ ਅਤੇ ਕੇਂਦਰੀ ਬੈਂਕ ਵੱਲੋਂ ਜਾਰੀ ਕਰੰਸੀ ਹੈ।

ਇਸ ਦੀਆਂ ਸੰਭਾਵਨਾਵਾਂ ਵੱਡੀਆਂ ਹਨ . ਤੇਜ਼ ਲੈਣ-ਦੇਣ, ਕੇਂਦਰੀ ਬੈਂਕ ਦੀ ਗਾਰੰਟੀ, ਸੰਭਾਵੀ ਬਿਨਾਂ ਇੰਟਰਨੈੱਟ ਭੁਗਤਾਨ ਅਤੇ ਖਾਸ ਸਰਕਾਰੀ ਸਹਾਇਤਾਵਾਂ ਲਈ ਕੰਮ। ਅਕਰਮ ਦਾ ਤਰੀਕਾ।

ਪਰ ਇਸ ਦੇ ਨਾਲ ਖ਼ਤਰੇ ਵੀ ਹਨ— ਸਾਈਬਰ ਹਮਲੇ, ਡਿਜੀਟਲ ਧੋਖਾਧੜੀ, ਅੰਕੜਿਆਂ ਦੀ ਸੁਰੱਖਿਆ, ਨਿੱਜਤਾ ਅਤੇ ਡਿਜੀਟਲ ਪੈਸੇ ਉੱਤੇ ਨਿਯੰਤਰਣ ਦੀ ਹੱਦ।

ਮੁੱਦਾ ਇਹ ਨਹੀਂ ਕਿ ਡਿਜੀਟਲ ਰੁਪਿਆ ਚੰਗਾ ਹੈ ਜਾਂ ਮਾੜਾ।

ਅਸਲ ਸਵਾਲ ਇਹ ਹੈ ਕਿ ਭਾਰਤ ਅਜਿਹਾ ਡਿਜੀਟਲ ਰੁਪਿਆ ਕਿਵੇਂ ਬਣਾਉਂਦਾ ਹੈ ਜੋ ਤੇਜ਼ ਵੀ ਹੋਵੇ, ਸੁਰੱਖਿਅਤ ਵੀ ਹੋਵੇ, ਨਿੱਜਤਾ ਦੀ ਰੱਖਿਆ ਵੀ ਕਰੇ, ਧੋਖਾਧੜੀ ਨੂੰ ਰੋਕੇ ਅਤੇ ਸਭ ਤੋਂ ਮਹੱਤਵਪੂਰਨ— ਨਾਗਰਿਕ ਦੇ ਆਪਣੇ ਪੈਸੇ ਉੱਤੇ ਉਸ ਦਾ ਭਰੋਸਾ ਅਤੇ ਨਿਯੰਤਰਣ ਕਾਇਮ ਰੱਖੇ।

ਭਵਿੱਖ ਵਿੱਚ ਪੈਸੇ ਦੀ ਅਸਲ ਤਾਕਤ ਸਿਰਫ਼ ਇਸ ਗੱਲ ਵਿੱਚ ਨਹੀਂ ਹੋਵੇਗੀ ਕਿ ਸਾਡੇ ਕੋਲ ਕਿੰਨਾ ਪੈਸਾ ਹੈ, ਸਗੋਂ ਇਸ ਗੱਲ ਵਿੱਚ ਵੀ ਹੋਵੇਗੀ ਕਿ ਉਹ ਪੈਸਾ ਕਿੱਥੇ, ਕਿਵੇਂ, ਕਿਸ ਦੇ ਨਿਯਮਾਂ ਅਧੀਨ ਅਤੇ ਕਿੰਨੀ ਆਜ਼ਾਦੀ ਨਾਲ ਵਰਤਿਆ ਜਾ ਸਕਦਾ ਹੈ।

ਇਸੇ ਲਈ ਡਿਜੀਟਲ ਰੁਪਏ ਦੀ ਕਹਾਣੀ ਸਿਰਫ਼ ਨਵੀਂ ਕਰੰਸੀ ਦੀ ਕਹਾਣੀ ਨਹੀਂ. ਇਹ ਪੈਸੇ, ਤਕਨਾਲੋਜੀ, ਨਿੱਜਤਾ, ਸੁਰੱਖਿਆ ਅਤੇ ਨਾਗਰਿਕ ਆਜ਼ਾਦੀ ਦੇ ਭਵਿੱਖ ਦੀ ਕਹਾਣੀ ਵੀ ਹੈ।

# ਆਪ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਸਾਰੀਆਂ ਗਾਰੰਟੀਆਂ ਨੂੰ ਜ਼ਮੀਨੀ ਪੱਧਰ 'ਤੇ ਕੀਤਾ ਲਾਗੂ-ਲਖਬੀਰ ਸਿੰਘ ਰਾਏ

**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਸਾਰੀਆਂ ਗਾਰੰਟੀਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਕੇ ਸੂਬੇ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਪਿੰਡ ਚਨਾਰਥਲ ਖੁਰਦ ਤੋਂ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਪਿੰਡਾਂ ਵਿੱਚ ਵਿਸ਼ੇਸ਼ ਪ੍ਰੋਗਰਾਮ ਦੀ ਸ਼ੁਰੂਆਤ ਕਰਨ ਵੇਲੇ ਕੀਤਾ।



ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਆਪ ਸਰਕਾਰ ਨੇ 2022 ਤੋਂ ਰਾਜ ਦੇ ਲੋਕਾਂ ਦੀ ਭਲਾਈ ਲਈ ਕੀਤੇ ਕੰਮਾਂ ਨੂੰ ਪਿੰਡਾਂ ਅਤੇ ਸ਼ਹਿਰਾਂ ਵਿੱਚ ਘਰ-ਘਰ ਸੰਪਰਕ ਮੁਹਿੰਮ ਤਹਿਤ ਪਹੁੰਚਾਇਆ ਜਾਵੇਗਾ। ਉਨ੍ਹਾਂ 'ਮਾਨ ਦੇ ਮੁਨਾਫ਼ੇ' ਗਿਣਾਉਂਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ, ਮੁਫ਼ਤ ਤੀਰਥ ਯਾਤਰਾ, ਔਰਤਾਂ ਨੂੰ ਮੁਫ਼ਤ ਬੱਸ ਸਫ਼ਰ, ਜੀਰੋ ਬਿਜਲੀ ਬਿੱਲ, ਸਰਕਾਰੀ ਸਕੂਲਾਂ ਵਿੱਚ ਮੁਫ਼ਤ ਸਿੱਖਿਆ, ਆਮ ਆਦਮੀ ਕਲੀਨਿਕ ਮੁਫ਼ਤ ਟੈਸਟ ਤੇ ਦਵਾਈਆਂ,ਨਹਿਰੀ ਪਾਣੀ ਆਦਿ ਨਾਲ ਹਰ ਪਰਿਵਾਰ ਨੂੰ ਲਾਭ ਪਹੁੰਚਾਇਆ ਹੈ।

ਘਰ-ਘਰ ਮੁਹਿੰਮ ਦੌਰਾਨ ਵਿਧਾਇਕ ਵੱਲੋਂ ਹਲਕੇ ਦੇ ਪਿੰਡ ਬਾਲਪੁਰ, ਚਨਾਰਥਲ ਕਲਾਂ, ਚਨਾਰਥਲ ਖੁਰਦ ਅਤੇ ਸੰਗਤਪੁਰ ਸੋਢੀਆਂ ਵਿੱਚ ਵੱਖ-ਵੱਖ ਘਰਾਂ ਵਿੱਚ ਜਾ ਕੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਬਜ਼ੁਰਗਾਂ, ਮਹਿਲਾਵਾਂ, ਨੌਜਵਾਨਾਂ ਅਤੇ ਬੱਚਿਆਂ ਸਮੇਤ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ 10 ਲੱਖ ਰੁਪਏ ਤੱਕ ਦੀ ਮੁਫਤ ਸਿਹਤ ਬੀਮਾ ਯੋਜਨਾ ਦੇ ਕਾਰਡ ਵੀ ਵੰਡੇ।

ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇੱਕ ਆਮ ਪਰਿਵਾਰ ਨੂੰ ਵੱਖ-ਵੱਖ ਯੋਜਨਾਵਾਂ ਰਾਹੀਂ ਸਾਲਾਨਾ ਕਰੀਬ 1.82 ਲੱਖ ਰੁਪਏ ਦੇ ਲਾਭ ਮਿਲ ਰਹੇ ਹਨ। ਉਨ੍ਹਾਂ ਵਿਰੋਧੀ ਪਾਰਟੀਆਂ ਤੇ ਚੁਟਕੀ ਲੈਂਦਿਆਂ ਕਿਹਾ ਕਿ ਵਿਰੋਧੀਆਂ ਦੇ ਕੋਲ ਕੋਈ ਏਜੰਡਾ ਨਹੀਂ ਹੈ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਹਿੱਤ ਦੇ ਵਿੱਚ ਕੰਮ ਕਰ ਰਹੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਫਤਿਹਗੜ੍ਹ ਸਾਹਿਬ ਦੇ ਸੰਗਠਨ ਇੰਚਾਰਜ ਮੋਹਿਤ ਸੂਦ, ਸਰਪੰਚ ਚਨਾਰਥਲ ਕਲਾਂ ਰਾਜਦੀਪ ਰਾਜੂ, ਰਾਜੂ ਸਰਪੰਚ ਚਨਾਰਥਲ ਖੁਰਦ ਵੀ ਹਾਜਰ ਸਨ।

# ਪੰਜਾਬ ਦੇ ਖੇਤਾਂ 'ਚ ਬੀਜੇ ਝੋਨੇ ਦਾ ਇੱਕ-ਇੱਕ ਦਾਣਾ ਖ੍ਰੀਦਿਆ ਜਾਵੇਗਾ, ਬਾਹਰੋਂ ਝੋਨਾ ਲਿਆਉਣ ਵਿਰੁੱਧ ਹੋਵੇਗੀ ਸਖ਼ਤੀ: ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 22 ਸਤੰਬਰ**
**-ਛਤਰਪਾਲ ਸਿੰਘ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਹੈ ਕਿ ਪੰਜਾਬ ਦੇ ਖੇਤਾਂ ਵਿੱਚ ਕਿਸਾਨਾਂ ਵੱਲੋਂ ਬੀਜੇ ਝੋਨੇ ਦਾ ਇੱਕ-ਇੱਕ ਦਾਣਾ ਪਹਿਲ ਦੇ ਅਧਾਰ 'ਤੇ ਖਰੀਦਿਆ ਜਾਵੇਗਾ। ਅੱਜ ਇੱਥੇ ਝੋਨੇ ਦੀ ਸਰਕਾਰੀ ਖਰੀਦ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਜ਼ਿਲ੍ਹਾ ਪਟਿਆਲਾ ਦੀ ਆੜਤੀਆ ਐਸੋਸੀਏਸ਼ਨ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਪੰਜਾਬ ਤੋਂ ਬਾਹਰੋਂ ਆਉਣ ਵਾਲੇ ਝੋਨੇ ਵਿਰੁੱਧ ਸਖ਼ਤੀ ਕੀਤੀ ਜਾਵੇਗੀ ਤੇ ਹਰਿਆਣਾ ਦੀ ਹੱਦ ਨਾਲ ਲੱਗਦੇ ਖੇਤਰਾਂ 'ਚ ਪੁਲਿਸ ਤੇ ਖੁਰਾਕ ਤੇ ਸਿਵਲ ਸਪਲਾਈਜ ਵਿਭਾਗ ਵੱਲੋਂ ਨਾਕਾਬੰਦੀ ਵੀ ਕੀਤੀ ਜਾਵੇਗੀ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਸਾਨਾਂ ਦੀ ਜਿਣਸ ਦੀ ਸੁਚੱਜੀ ਤੇ ਨਿਰਵਿਘਨ ਖਰੀਦ ਲਈ ਹਰ ਤਰ੍ਹਾਂ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਆੜਤੀਆਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਨਾਲ ਜੁੜੇ ਕਿਸਾਨ ਵੀਰਾਂ ਨੂੰ ਪ੍ਰੇਰਿਤ ਕਰਨ ਕਿ ਉਹ ਝੋਨੇ ਦੇ ਸੀਜਨ ਦੌਰਾਨ ਮੰਡੀਆਂ 'ਚ ਸੁੱਕਾ ਝੋਨਾ ਹੀ ਲਿਆਉਣ ਅਤੇ ਆਪਣੇ ਖੇਤਾਂ ਵਿੱਚ ਝੋਨੇ ਦੀ ਪਰਾਲੀ ਤੇ ਹੋਰ ਰਹਿੰਦ-ਖੂੰਹਦ ਨੂੰ ਅੱਗ ਵੀ ਨਾ ਲਗਾਉਣ।

ਡਾ. ਅਗਰਵਾਲ ਨੇ ਦੱਸਿਆ ਕਿ ਮੰਡੀਆਂ 'ਚ ਕਿਸਾਨ ਭਰਾਵਾਂ ਸਮੇਤ ਆੜਤੀਆਂ ਤੇ ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਬੈਠਕ ਮੌਕੇ ਏ.ਡੀ.ਸੀ ਅਨੁਪ੍ਰਿਤਾ ਜੌਹਲ, ਐਸ.ਪੀ ਰਜੇਸ਼ ਛਿੱਬੜ, ਸਮੂਹ ਐਸਡੀਐਮਜ, ਡੀ.ਐਫ.ਐਸ.ਸੀ. ਡਾ. ਰਵਿੰਦਰ ਕੌਰ, ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰ, ਮਾਰਕੀਟ ਕਮੇਟੀਆਂ ਦੇ ਸਕੱਤਰ, ਆੜਤੀਆ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਬੈਦਵਾਨ, ਮੀਤ ਪ੍ਰਧਾਨ ਇੰਜ. ਸਤਵਿੰਦਰ ਸੈਣੀ, ਚੇਅਰਮੈਨ ਪਵਨ ਸਿੰਗਲਾ, ਜ਼ਿਲ੍ਹਾ ਜਨਰਲ ਸਕੱਤਰ ਦੀਪਕ ਬਾਂਸਲ ਡਕਾਲਾ ਸਮੇਤ ਲੇਬਰ ਤੇ ਲਿਫਟਿੰਗ ਦੇ ਠੇਕੇਦਾਰ ਵੀ ਮੌਜੂਦ ਸਨ।

ਡਾ. ਹਿਮਾਂਸ਼ੂ ਅਗਰਵਾਲ ਨੇ ਆੜਤੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਕਿਸਾਨਾਂ ਦੀ ਸਹੂਲਤ ਤੇ ਉਨ੍ਹਾਂ ਦੀ ਫ਼ਸਲ ਦੀ ਸੁਚਾਰੂ ਖਰੀਦ ਹੈ ਇਸ ਲਈ ਸਮੂਹ ਆੜਤੀਏ ਝੋਨੇ ਦੇ ਆਗਾਮੀ ਸੀਜਨ ਦੌਰਾਨ ਜਿਣਸ ਦੀ ਨਿਰਵਿਘਨ ਖਰੀਦ ਲਈ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਆੜਤੀਏ ਕਿਸਾਨਾਂ ਨੂੰ ਪ੍ਰੇਰਤ ਕਰਨ ਕਿ ਉਹ ਵਾਧੂ ਨਮੀ ਵਾਲਾ ਝੋਨਾ ਮੰਡੀਆਂ ਵਿੱਚ ਨਾ ਲਿਆਉਣ। ਇਸ ਤੋਂ ਬਿਨ੍ਹਾਂ ਕੋਈ ਵੀ ਕੰਬਾਇਨ ਰਾਤ ਸਮੇਂ ਝੋਨੇ ਦੀ ਕਟਾਈ ਨਹੀਂ ਕਰੇਗੀ ਤੇ ਨਿਰਧਾਰਤ ਸਮੇਂ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ, ਦੇ ਅੰਦਰ-ਅੰਦਰ ਹੀ ਦਿਨ ਵੇਲੇ ਝੋਨੇ ਦੀ ਕਟਾਈ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਆੜਤੀਆਂ ਵੱਲੋਂ ਮੰਡੀਆਂ 'ਚ ਚੋਰੀ, ਲਾਈਟਾਂ ਸਮੇਤ ਹੋਰ ਮਸਲੇ ਸੁਣਕੇ ਉਨ੍ਹਾਂ ਦੇ ਹੱਲ ਲਈ ਭਰੋਸਾ ਦਿੱਤਾ ਅਤੇ ਪਿਛਲੇ ਸੀਜਨ 'ਚ ਦਿੱਤੇ ਸਹਿਯੋਗ ਲਈ ਧੰਨਵਾਦ ਵੀ ਕੀਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਫ਼ਸਲ ਦੀ ਖਰੀਦ ਸੁਚਾਰੂ ਢੰਗ ਨਾਲ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੀਂਹ ਦੇ ਸਨਮੁੱਖ ਤਰਪਾਲਾਂ ਦਾ ਪ੍ਰਬੰਧ ਪੂਰਾ ਹੋਵੇ ਤੇ ਕਮੀ ਪੇਸ਼ੀ ਰਹਿਣ 'ਤੇ ਸਬੰਧਤ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

## ਕਮਲ ਕੌਰ ਭਾਬੀ ਕਤਲ ਮਾਮਲੇ 'ਚ ਅੰਮ੍ਰਿਤਪਾਲ ਮਹਿਰੋਂ ਭੜਕਾਊ ਪੋਸਟਾਂ ਦੇ ਪੁਰਾਣੇ ਮਾਮਲੇ 'ਚ ਅਦਾਲਤ ਵਿੱਚ ਪੇਸ਼

**ਧਰਮਕੋਟ (ਮੋਗਾ), 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੰਚਨ ਕੁਮਾਰੀ ਉਰਫ਼ ਕਮਲ ਭਾਬੀ ਕਤਲ ਕਾਂਡ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਅੱਜ ਇੱਥੇ ਮੋਗਾ ਦੀ ਸਿਵਲ ਅਦਾਲਤ ਵਿੱਚ ਇੱਕ ਪੁਰਾਣੇ ਕੇਸ ਦੇ ਸਿਲਸਿਲੇ ਵਿੱਚ ਪੁਲੀਸ ਵੱਲੋਂ ਪੇਸ਼ ਕੀਤਾ ਗਿਆ। ਇਸ ਮੌਕੇ ਥਾਣਾ ਸਿਟੀ ਦੇ ਮੁੱਖੀ ਇੰਸਪੈਕਟਰ ਗੁਰਵਿੰਦਰ ਸਿੰਘ ਭੁੱਲਰ ਦੀ ਅਗਵਾਈ ਹੇਠ ਪੁਲੀਸ ਨੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਹੋਏ ਸਨ। ਜਾਣਕਾਰੀ ਮੁਤਾਬਿਕ ਅੰਮ੍ਰਿਤਪਾਲ ਸਿੰਘ ਮਹਿਰੋਂ ਉੱਤੇ ਥਾਣਾ ਮਹਿਣਾ ਵਿਖੇ ਸੋਸ਼ਲ ਮੀਡੀਆ ਉੱਤੇ ਭੜਕਾਊ ਪੋਸਟਾਂ ਪਾਉਣ ਅਤੇ ਹਥਿਆਰਾਂ ਦਾ ਪ੍ਰਦਰਸ਼ਨ ਕਰਨ ਦੇ ਦੋਸ਼ ਹੇਠ ਪਹਿਲਾਂ ਤੋਂ ਹੀ ਇੱਕ ਮਾਮਲਾ ਦਰਜ ਹੈ। ਅਦਾਲਤੀ ਕਾਰਵਾਈ ਨੂੰ ਅੱਗੇ ਵਧਾਉਣ ਲਈ ਪੁਲੀਸ ਨੇ ਅੱਜ ਉਸ ਨੂੰ ਇੱਥੋਂ ਦੀ ਅਦਾਲਤ ਵਿੱਚ ਪੇਸ਼ ਕੀਤਾ। ਦੂਜੇ ਪਾਸੇ, ਮਹਿਰੋਂ ਦੇ ਵਕੀਲ ਨੇ ਦੱਸਿਆ ਕਿ ਤੱਥਾਂ ਨੂੰ ਤੋੜ-ਮਰੋੜ ਕੇ ਇਹ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦਾਅਵਾ ਕਰਦਿਆਂ ਦੱਸਿਆ ਕਿ ਅਜਿਹੇ ਮਾਮਲੇ ਵਿੱਚ ਅਦਾਲਤ ਪਹਿਲਾਂ ਹੀ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਬਰੀ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਆਸੀ ਆਧਾਰ ਉੱਤੇ ਦਰਜ ਕੀਤਾ ਗਿਆ ਹੈ ਅਤੇ ਇਸ ਕੇਸ ਵਿੱਚ ਕੋਈ ਸਚਾਈ ਨਹੀਂ ਹੈ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।
Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



# ਪੌਲੀਟਿਕਸ



## ਪਟਿਆਲਾ ’ਚ ਤੰਬਾਕੂ ਨਿਯੰਤਰਣ ਮੁਹਿੰਮ ਤਹਿਤ 11 ਚਲਾਨ, 2100 ਰੁਪਏ ਜੁਰਮਾਨਾ

**ਪਟਿਆਲਾ, 22 ਸਤੰਬਰ**
**-ਛਤਰਪਾਲ ਸਿੰਘ-**



ਸਿਵਲ ਸਰਜਨ ਦਫ਼ਤਰ, ਪਟਿਆਲਾ ਵੱਲੋਂ ਨੈਸ਼ਨਲ ਤੰਬਾਕੂ ਕੰਟਰੋਲ ਪ੍ਰੋਗਰਾਮ ਤਹਿਤ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਹ ਮੁਹਿੰਮ ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੇਟਲੀ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਡਾ. ਇੰਦਰਪ੍ਰੀਤ ਰੰਧਾਵਾ ਦੀ ਅਗਵਾਈ ਹੇਠ ਚਲਾਈ ਗਈ।

ਇਸ ਦੌਰਾਨ ਟੀਮ ਵੱਲੋਂ ਰਾਜਿੰਦਰਾ ਹਸਪਤਾਲ, ਸਰਕਾਰੀ ਮੈਡੀਕਲ ਕਾਲਜ, ਅਮਰ ਹਸਪਤਾਲ ਦੇ ਨੇੜੇ, ਇਨਕਮ ਟੈਕਸ ਦਫ਼ਤਰ ਦੇ ਬਾਹਰ ਅਤੇ ਬਡੂੰਗਰ ਰੋਡ ਆਦਿ ਇਲਾਕਿਆਂ ਵਿੱਚ ਸਥਿਤ ਖੋਖਿਆਂ ’ਚ ਵਿਸ਼ੇਸ਼ ਜਾਂਚ ਕੀਤੀ ਗਈ।

ਡਾ. ਇੰਦਰਪ੍ਰੀਤ ਰੰਧਾਵਾ ਨੇ ਦੱਸਿਆ ਕਿ ਜਾਂਚ ਦੌਰਾਨ ਕੋਟਪਾ ਐਕਟ ਦੀ ਧਾਰਾ 4 ਦੀ ਉਲੰਘਣਾ ਕਰਨ ਵਾਲਿਆਂ ਦੇ 11 ਚਲਾਨ ਕੱਟੇ ਗਏ, ਜਿਨ੍ਹਾਂ ਤੋਂ 2,100 ਰੁਪਏ ਜੁਰਮਾਨਾ ਵਸੂਲਿਆ ਗਿਆ। ਵਿਭਾਗ ਵੱਲੋਂ ਸਪਸ਼ਟ ਕੀਤਾ ਗਿਆ ਕਿ ਤੰਬਾਕੂ ਉਤਪਾਦਾਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਸਖ਼ਤ ਕਾਰਵਾਈ ਜਾਰੀ ਰਹੇਗੀ।

ਇਸ ਮੌਕੇ ਟੀਮ ਵੱਲੋਂ ਆਮ ਲੋਕਾਂ ਅਤੇ ਖੋਖਾ ਮਾਲਕਾਂ ਨੂੰ ਸਿਗਰਟਨੋਸ਼ੀ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਜਨਤਕ ਥਾਵਾਂ ’ਤੇ ਸਿਗਰਟਨੋਸ਼ੀ ਕਰਨ ਅਤੇ ਪੈਸਿਵ ਸਮੋਕਿੰਗ (ਦੂਜਿਆਂ ਵੱਲੋਂ ਕੀਤੇ ਧੂੰਏਂ ਦਾ ਸੇਵਨ) ਨਾਲ ਹੋਣ ਵਾਲੇ ਸਿਹਤ ’ਤੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਡਾ. ਇੰਦਰਪ੍ਰੀਤ ਰੰਧਾਵਾ ਨੇ ਦੱਸਿਆ ਕਿ ਅਜਿਹੀਆਂ ਚੈਕਿੰਗਾਂ ਆਉਣ ਵਾਲੇ ਦਿਨਾਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਤੰਬਾਕੂ ਰਹਿਤ ਸਮਾਜ ਯਕੀਨੀ ਬਣਾਇਆ ਜਾ ਸਕੇ।

ਇਸ ਮੁਹਿੰਮ ਦੌਰਾਨ ਸਿਵਲ ਸਰਜਨ ਦਫ਼ਤਰ ਤੋਂ ਐੱਮ.ਪੀ.ਐਚ.ਐਸ. ਅਨਿਲ ਗੁਰੂ ਅਤੇ ਖੁਸ਼ਬੀਰ ਵੀ ਮੌਜੂਦ ਸਨ।

## ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ‘ਮੁੱਖ ਮੰਤਰੀ ਸਿਹਤ ਯੋਜਨਾ’ ਦੇ ਕਾਰਡ ਵੰਡ ਕੇ ਸ਼ੁਰੂਆਤ ਕਰਵਾਈ

**ਅਮਲੋਹ, 22 ਸਤੰਬਰ, ( ਗੁਰਮੀਤ ਸਿੰਘ ਤੁੰਗ):** ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਸਿਹਤ ਸੁਰੱਖਿਆ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵੱਲੋਂ ਹਲਕਾ ਅਮਲੋਹ ਦੇ ਵੱਖ-ਵੱਖ ਪਿੰਡਾਂ ਵਿੱਚ ਸਿਹਤ ਕਾਰਡਾਂ ਦੀ ਵੰਡ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਐਸ.ਡੀ.ਐਮ.ਅਮਲੋਹ ਸ੍ਰੀਮਤੀ ਹਰਵੀਰ ਕੌਰ ਵੀ ਹਾਜਰ ਸਨ। ਉਨ੍ਹਾਂ ਹਲਕਾ ਅਮਲੋਹ ਦੇ ਪਿੰਡ ਭੱਦਲਥੂਹਾ, ਤੰਦਾਬੱਦਾ ਕਲਾਂ, ਫੈਜੁੱਲਾਪੁਰ, ਸ਼ਾਹਪੁਰ, ਬਦੀਨਪੁਰ, ਸੌਂਟੀ, ਅਮਲੋਹ ਦੇ ਵਾਰਡ ਨੰ.3, ਰਾਮ ਭਵਨ ਵਿੱਚ ਵੱਡੀ ਗਿਣਤੀ ਲੋਕਾਂ ਨੂੰ ਸਿਹਤ ਕਾਰਡਾਂ ਦੀ ਵੰਡ ਕੀਤੀ। ਇਸ ਮੌਕੇ ਵਿਧਾਇਕ ਗੁਰਿੰਦਰ ਸਿੰਘ



ਗੈਰੀ ਬੜਿੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ‘ਮੁੱਖ ਮੰਤਰੀ ਸਿਹਤ ਯੋਜਨਾ’ ਸਿਹਤ ਖੇਤਰ ਵਿੱਚ ਇੱਕ ਅਹਿਮ ਪਹਿਲਕਦਮੀ ਹੈ। ਇਸ ਯੋਜਨਾ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਪਰਿਵਾਰ ਨੂੰ ਮਹਿੰਗੇ ਇਲਾਜ ਕਾਰਨ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਯੋਗ ਲਾਭਪਾਤਰੀ ਨੂੰ ਪ੍ਰਤੀ ਪਰਿਵਾਰ ਵੱਖ ਵੱਖ ਬੀਮਾਰੀਆਂ ਦੇ ਇਲਾਜ ਲਈ 10 ਲੱਖ ਰੁਪਏ ਤਕ ਦਾ ਮੁਫ਼ਤ ਸਿਹਤ ਬੀਮਾ ਮੁਹੱਈਆ ਕਰਵਾਉਣ ਦਾ ਪ੍ਰਬੰਧ ਹੈ। ਜ਼ਿਕਰਯੋਗ ਹੈ ਕਿ ਇਹ ਯੋਜਨਾ ਪਹਿਲਾਂ ਹੀ ਚੱਲ ਰਹੀ ਹੈ ਅਤੇ ਯੋਗ ਲਾਭਪਾਤਰੀਆਂ ਨੂੰ ਲੋੜ ਪੈਣ ’ਤੇ ਇਲਾਜ ਦੇ ਭਾਰੀ ਖ਼ਰਚੇ ਤੋਂ ਰਾਹਤ ਮਿਲ ਰਹੀ ਹੈ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸਦ ਸਿੰਗਾਰਾ ਸਿੰਘ ਸਲਾਨਾ, ਚੇਅਰਮੈਨ ਬਲਾਕ ਸੰਮਤੀ ਰਣਜੀਤ ਸਿੰਘ ਪਨਾਗ, ਚੇਅਰਮੈਨ ਮਾਰਕੀਟ ਕਮੇਟੀ ਅਮਲੋਹ, ਇਕਬਾਲ ਸਿੰਘ ਰਾਏ ਅੰਨੀਆਂ, ਹਲਕਾ ਯੂਥ ਪ੍ਰਧਾਨ ਪ੍ਰਦੀਪ ਸਿੰਘ ਕੰਜਾਰੀ, ਸਰਪੰਚ ਬੁੱਗਾ ਅੰਮ੍ਰਿਤ, ਜਸਵੰਤ ਸਿੰਘ ਤੰਗਰਾਲਾ, ਜਸ਼ਨਪ੍ਰੀਤ ਸਿੰਘ ਭੰਗੂ, ਹਰਮਿੰਦਰਪਾਲ ਸਿੰਘ, ਧਰਮਪਾਲ ਸਿੰਘ, ਹਰਦੇਵ ਸਿੰਘ ਸਮੂਹ ਸਰਪੰਚ ਸਾਹਿਬਾਨ ਹਾਜਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ 11 ਅਕਤੂਬਰ ਤੋਂ ਸ਼ੁਰੂ ਹੋਣ ਵਾਲੇ ਅੱਸੂ ਦੇ ਨਵਰਾਤਰਿਆਂ ਤੇ ਦੁਰਗਾ ਅਸ਼ਟਮੀ ਸਬੰਧੀ ਤਿਆਰੀਆਂ ਦਾ ਜਾਇਜ਼ਾ



**ਪਟਿਆਲਾ, 22 ਸਤੰਬਰ**
**-ਛਤਰਪਾਲ ਸਿੰਘ-**

ਪਟਿਆਲਾ ਦੇ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ 11 ਅਕਤੂਬਰ ਤੋਂ 19 ਅਕਤੂਬਰ ਤੱਕ ਅੱਸੂ ਦੇ ਨਵਰਾਤਰਿਆਂ ਅਤੇ ਦੁਰਗਾ ਅਸ਼ਟਮੀ ਦੌਰਾਨ ਵੱਡੀ ਗਿਣਤੀ ਸ਼ਰਧਾਲੂਆਂ ਦੀ ਆਮਦ ਨੂੰ ਲੈਕੇ ਤਿਆਰੀਆਂ ਸਮੇਤ ਹੋਰ ਸਾਰੇ ਪ੍ਰਬੰਧ ਜੰਗੀ ਪੱਧਰ ‘ਤੇ ਜਾਰੀ ਹਨ। ਇਨ੍ਹਾਂ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਏ.ਡੀ.ਸੀ. ਅਨੁਪ੍ਰਿਤਾ ਜੌਹਲ ਸਮੇਤ ਐਡਵਾਈਜਰੀ ਕਮੇਟੀ ਦੇ ਮੈਂਬਰਾਂ ਸੀ.ਏ ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਕੁਮਾਰ ਗੁਪਤਾ ਨਾਲ ਇੱਕ ਉਚ ਪੱਧਰੀ ਬੈਠਕ ਕੀਤੀ। ਡਿਪਟੀ ਕਮਿਸ਼ਨਰ ਨੇ ਇਸ ਤਿਉਹਾਰ ਦੌਰਾਨ ਦੂਰੋਂ-ਦੂਰੋਂ ਸ਼ਰਧਾਲੂ ਇੱਥੇ ਨਤਮਸਤਕ ਹੋਣ ਲਈ ਮੰਦਿਰ ‘ਚ ਪੁੱਜਣ ਵਾਲੇ ਆਮ ਸ਼ਰਧਾਲੂਆਂ ਸਮੇਤ ਦਿਵਿਆਂਗ ਸ਼ਰਧਾਲੂਆਂ ਦੀ ਸਹੂਲਤ ਲਈ ਵੀਲ੍ਹ ਚੇਅਰ ਦਾ ਪ੍ਰਬੰਧ ਕਰਨ ਸਮੇਤ ਸ਼ਰਧਾਲੂਆਂ ਲਈ ਲੰਗਰ ਤੇ ਭੰਡਾਰੇ, ਪੀਣ ਵਾਲੇ ਪਾਣੀ, ਬਾਥਰੂਮ, ਸਾਫ਼ ਸਫ਼ਾਈ, ਸਜਾਵਟ ਆਦਿ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਹਰ ਤਰ੍ਹਾਂ ਦੇ ਪੁਖ਼ਤਾ ਇੰਤਜਾਮ ਕੀਤੇ ਜਾਣਗੇ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸ਼ਰਧਾਲੂਆਂ ਦੀ ਵੱਡੀ ਗਿਣਤੀ ਵਿੱਚ ਆਮਦ ਨੂੰ ਲੈਕੇ ਜ਼ਿਲ੍ਹਾ ਪੁਲਿਸ ਵੱਲੋਂ ਸੁਰੱਖਿਆ ਦੇ ਪੁੱਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ ਤੇ ਵਾਹਨਾਂ ਦੀ ਪਾਰਕਿੰਗ ਸਮੇਤ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟਰੈਫ਼ਿਕ ਪਲਾਨ ਵੀ ਬਣਾਇਆ ਜਾ ਰਿਹਾ ਹੈ। ਮੰਦਿਰ ਦੀ ਉੱਚ ਪੱਧਰੀ ਐਡਵਾਈਜ਼ਰੀ ਕਮੇਟੀ ਦੇ ਮੈਂਬਰ ਡਾ. ਰਾਜ ਕੁਮਾਰ ਗੁਪਤਾ ਨੇ ਦੱਸਿਆ ਕਿ ਸ਼ਾਰਦੀਆ ਨਵਰਾਤਰੀ ਅੱਸੂ ਦੇ ਮਹੀਨੇ ਦੇ ਸ਼ੁਕਲ ਪੱਖ ਦੀ ਪ੍ਰਤੀਪਦਾ ਤਿਥੀ ਦੀ ਸ਼ੁਰੂਆਤ 11 ਅਕਤੂਬਰ ਤੋਂ ਹੋ ਰਹੀ ਹੈ ਅਤੇ ਇਸ ਦੌਰਾਨ ਦੁਰਗਾ ਮਾਂ ਦੇ ਨੌਂ ਰੂਪਾਂ ਦੀ ਵਿਧੀ ਵਿਧਾਨ ਨਾਲ ਅਰਾਧਨਾ ਕੀਤੀ ਜਾਂਦੀ ਹੈ, ਜਿਸ ਲਈ ਪ੍ਰਬੰਧ ਵੱਡੀ ਪੱਧਰ ‘ਤੇ ਕੀਤੇ ਜਾ ਰਹੇ ਹਨ।

## ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਪਾਤੜਾਂ ਵਿਖੇ ਸਫ਼ਾਈ ਮੁਹਿੰਮ



**ਪਾਤੜਾਂ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਰਕਾਰ ਦੀਆਂ ਹਦਾਇਤਾਂ ਅਨੁਸਾਰ ‘ਸਵੱਛਤਾ ਹੀ ਸੇਵਾ-2026’ ਮੁਹਿੰਮ ਤਹਿਤ ਨਗਰ ਕੌਂਸਲ ਪਾਤੜਾਂ ਵੱਲੋਂ ਸ਼ਹਿਰ ਵਿੱਚ ਸਫ਼ਾਈ ਮੁਹਿੰਮ ਚਲਾਈ ਗਈ। ਇਹ ਮੁਹਿੰਮ ਨਗਰ ਕੌਂਸਲ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਅਤੇ ਕਾਰਜ ਸਾਧਕ ਅਫ਼ਸਰ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ।

ਇਸ ਦੌਰਾਨ ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਵੱਲੋਂ ਜਨਤਕ ਥਾਵਾਂ ਅਤੇ ਬਾਜ਼ਾਰਾਂ ਵਿੱਚੋਂ ਕੂੜਾ-ਕਰਕਟ ਹਟਾ ਕੇ ਸਫ਼ਾਈ ਕੀਤੀ ਗਈ। ਇਸ ਮੌਕੇ ਸ਼ਹਿਰ ਵਾਸੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ ਅਤੇ ਕੂੜਾ ਸੜਕਾਂ ਜਾਂ ਜਨਤਕ ਥਾਵਾਂ ’ਤੇ ਨਾ ਸੁੱਟਣ ਲਈ ਜਾਗਰੂਕ ਕੀਤਾ ਗਿਆ।

ਨਗਰ ਕੌਂਸਲ ਦੇ ਅਧਿਕਾਰੀਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਨਿਰਧਾਰਤ ਥਾਵਾਂ ’ਤੇ ਹੀ ਪਾਉਣ ਅਤੇ ਪਲਾਸਟਿਕ ਦੇ ਲਿਫ਼ਾਫ਼ਿਆਂ ਸਮੇਤ ਕਿਸੇ ਵੀ ਤਰ੍ਹਾਂ ਦਾ ਕੂੜਾ ਸੜਕਾਂ ਦੇ ਕਿਨਾਰਿਆਂ ਜਾਂ ਖਾਲੀ ਥਾਵਾਂ ’ਤੇ ਨਾ ਸੁੱਟਣ। ਉਨ੍ਹਾਂ ਕਿਹਾ ਕਿ ਸਵੱਛ ਅਤੇ ਸੁੰਦਰ ਸ਼ਹਿਰ ਬਣਾਉਣ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

ਉਨ੍ਹਾਂ ਸ਼ਹਿਰ ਵਾਸੀਆਂ ਨੂੰ ਨਗਰ ਕੌਂਸਲ ਵੱਲੋਂ ਚਲਾਈਆਂ ਜਾ ਰਹੀਆਂ ਸਫ਼ਾਈ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਪਾਤੜਾਂ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਹਰਾ-ਭਰਾ ਬਣਾਇਆ ਜਾ ਸਕਦਾ ਹੈ।

## ਬਿਪਸ ਦੀ ਵਿਦਿਆਰਥਣ ਹਰਸੁਖਮਨ ਕੌਰ ਨੇ ਰਾਸ਼ਟਰੀ ਪੱਧਰ ’ਤੇ ਸਲਿੱਪਰ ਡਿਜ਼ਾਈਨਿੰਗ ਵਿੱਚ ਜਿੱਤਿਆ ਸੋਨ ਤਗਮਾ

**ਪਟਿਆਲਾ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭੁਪਿੰਦਰਾ ਇੰਟਰਨੈਸ਼ਨਲ ਪਬਲਿਕ ਸਕੂਲ (ਬਿਪਸ), ਪਟਿਆਲਾ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸਕੂਲ ਦੀ 12ਵੀਂ ਮੈਡੀਕਲ ਦੀ ਵਿਦਿਆਰਥਣ ਹਰਸੁਖਮਨ ਕੌਰ ਨੇ ਰਾਸ਼ਟਰੀ ਪੱਧਰ ਦੀ ਸਲਿੱਪਰ ਡਿਜ਼ਾਈਨਿੰਗ ਪ੍ਰਤੀਯੋਗਿਤਾ ਵਿੱਚ ਸੋਨ ਤਗਮਾ (ਗੋਲਡ ਮੈਡਲ) ਜਿੱਤ ਕੇ ਸਕੂਲ ਅਤੇ ਪਟਿਆਲਾ ਸ਼ਹਿਰ ਦਾ ਨਾਂ ਪੂਰੇ ਦੇਸ਼ ਵਿੱਚ ਰੌਸ਼ਨ ਕੀਤਾ ਹੈ।

ਵਿਗਿਆਨ ਦੀ ਪੜ੍ਹਾਈ ਦੇ ਨਾਲ-ਨਾਲ ਰਚਨਾਤਮਕਤਾ ਦੇ ਸ਼ਾਨਦਾਰ ਸੁਮੇਲ ਨੂੰ ਦਰਸਾਉਂਦਿਆਂ, ਹਰਸੁਖਮਨ ਨੇ ਦੇਸ਼ ਭਰ ਤੋਂ ਆਏ ਪ੍ਰਤੀਯੋਗੀਆਂ ਨੂੰ ਪਛਾੜਦੇ ਹੋਏ ਆਪਣੀ ਬਿਹਤਰੀਨ ਕਲਾਤਮਕ ਸੋਚ ਅਤੇ ਡਿਜ਼ਾਈਨਿੰਗ ਸਕਿੱਲਜ਼ ਨਾਲ ਪਹਿਲਾ ਸਥਾਨ ਹਾਸਲ ਕੀਤਾ।

ਇਸ ਸ਼ਾਨਦਾਰ ਪ੍ਰਾਪਤੀ ’ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ, ਬਿਪਸ ਦੇ ਡਾਇਰੈਕਟਰ ਸ. ਗੁਰਮੀਤ ਸਿੰਘ ਅਰੋੜਾ ਨੇ ਕਿਹਾ, ਸਾਨੂੰ ਹਰਸੁਖਮਨ ਦੀ ਇਸ ਸ਼ਾਨਦਾਰ ਜਿੱਤ ’ਤੇ ਬਹੁਤ ਮਾਣ ਹੈ। ਬਿਪਸ ਵਿਖੇ, ਅਸੀਂ ਹਮੇਸ਼ਾ ਇੱਕ ਅਜਿਹਾ ਮਾਹੌਲ ਸਿਰਜਣ ਵਿੱਚ ਵਿਸ਼ਵਾਸ ਰੱਖਦੇ ਹਾਂ ਜਿੱਥੇ ਵਿਦਿਆਰਥੀਆਂ ਨੂੰ ਰਵਾਇਤੀ ਪੜ੍ਹਾਈ ਤੋਂ ਇਲਾਵਾ ਆਪਣੀਆਂ ਹੋਰ ਰੁਚੀਆਂ ਨੂੰ ਨਿਖਾਰਨ ਲਈ ਵੀ ਉਤਸ਼ਾਹਿਤ ਕੀਤਾ ਜਾਂਦਾ ਹੈ। ਉਸਦਾ ਰਾਸ਼ਟਰੀ ਪੱਧਰ ਦਾ ਸੋਨ ਤਗਮਾ ਇਸ ਗੱਲ ਦਾ ਸਬੂਤ ਹੈ ਕਿ ਜਦੋਂ ਹੁਨਰ ਨੂੰ ਸਹੀ ਮੌਕਾ ਮਿਲਦਾ ਹੈ, ਤਾਂ ਨਤੀਜੇ ਬੇਮਿਸਾਲ ਹੁੰਦੇ ਹਨ।

ਪ੍ਰਿੰਸੀਪਲ ਸ੍ਰੀਮਤੀ ਇੰਦੂ ਸ਼ਰਮਾ ਨੇ ਵੀ ਹਾਰਦਿਕ ਵਧਾਈ ਦਿੰਦਿਆਂ ਕਿਹਾ, ਹਰਸੁਖਮਨ ਨੇ ਆਪਣੇ ਸਾਥੀਆਂ ਲਈ ਇੱਕ ਵਧੀਆ ਮਿਸਾਲ ਕਾਇਮ ਕੀਤੀ ਹੈ। ਮੈਡੀਕਲ ਵਰਗੇ ਔਖੇ ਵਿਸ਼ੇ ਦੀ ਪੜ੍ਹਾਈ ਦੇ ਨਾਲ-ਨਾਲ ਅਜਿਹੀ ਰਚਨਾਤਮਕ ਕਲਾ ਵਿੱਚ ਉੱਚ ਪੱਧਰ ’ਤੇ ਮੁਕਾਬਲਾ ਕਰਨਾ ਬਹੁਤ ਮਿਹਨਤ ਅਤੇ ਲਗਨ ਦੀ ਮੰਗ ਕਰਦਾ ਹੈ। ਉਸਦੀ ਇਹ ਕਾਮਯਾਬੀ ਸਾਡੇ ਸਕੂਲ ਦੀ ਸਰਵਪੱਖੀ ਵਿਕਾਸ ਦੀ ਸੋਚ ਨੂੰ ਦਰਸਾਉਂਦੀ ਹੈ। ਅਸੀਂ ਉਸਨੂੰ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੰਦੇ ਹਾਂ, ਅਤੇ ਉਸਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦੇ ਹਾਂ। ਸਮੂਹ ਬਿਪਸ ਪ੍ਰਬੰਧਕੀ ਢਾਂਚੇ ਨੇ ਇਸ ਮੀਲ ਪੱਥਰ ਦੀ ਸ਼ਲਾਘਾ ਕੀਤੀ ਅਤੇ ਆਪਣੇ ਵਿਦਿਆਰਥੀਆਂ ਦੀ ਕਲਾ ਨੂੰ ਨਿਖਾਰਨ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

## ਵਿਰੋਧੀ ਧਿਰ ਪੰਜਾਬ ਪੁਲਿਸ ਅਤੇ ਸਰਕਾਰ ਨੂੰ ਬਦਨਾਮ ਕਰਨ ਦੀ ਕਰ ਰਹੀ ਹੈ ਕੋਸ਼ਿਸ਼: ਹਰਪਾਲ ਚੀਮਾ

**ਚੰਡੀਗੜ੍ਹ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਅੰਮ੍ਰਿਤਸਰ ਵਿਖੇ ਪਿਛਲੇ ਦਿਨੀਂ ਏ.ਐੱਸ.ਆਈ. ਦੇ ਕਤਲ ਤੋਂ ਬਾਅਦ ਪੁਲੀਸ ਵਿਭਾਗ ਵੱਲੋਂ ਮੁਲਾਜ਼ਮਾਂ ਨੂੰ ਵਰਦੀ ਪਾਉਣ ਦੀ ਥਾਂ ਸਿਵਲ ਕੱਪੜੇ ਪਾਉਣ ਸਬੰਧੀ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀ ਐਡਵਾਈਜ਼ਰੀ ਨੂੰ ਲੈ ਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਪਸ਼ਟ ਕੀਤਾ ਕਿ ਪੰਜਾਬ ਪੁਲੀਸ ਵੱਲੋਂ ਅਜਿਹੀ ਕੋਈ ਵੀ ਐਡਵਾਈਜ਼ਰੀ ਜਾਰੀ ਨਹੀਂ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਪੁਲੀਸ ਅਤੇ ਸੂਬਾ ਸਰਕਾਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੀ ਪੋਸਟ ਸੋਸ਼ਲ ਮੀਡੀਆ ’ਤੇ ਪਾਉਣ ਵਾਲੇ ਦੀ ਜਾਂਚ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਵਿੱਤ ਮੰਤਰੀ ਨੇ ਕਿਹਾ ਕਿ ਅਜਿਹੀ ਪੋਸਟ

## ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਰੋਜਗਾਰ ਕੈਂਪ 25 ਸਤੰਬਰ ਨੂੰ

**ਪਟਿਆਲਾ, 22 ਸਤੰਬਰ**
**-ਛਤਰਪਾਲ ਸਿੰਘ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਮਿਤੀ 25 ਸਤੰਬਰ ਨੂੰ ਆਈ.ਸੀ.ਆਈ. ਬੈਂਕ, ਗਰੀਨ ਬਾਕਸ ਟਰੇਡਸ, ਇੰਡਸਟ੍ਰੀਅਲ ਅਸਟੇਟ ਪਟਿਆਲਾ ਅਤੇ ਐਸ.ਬੀ.ਆਈ ਲਾਈਫ ਦਾ ਪਲੇਸਮੈਂਟ ਕੈਂਪ ਲਗਾਇਆ ਜਾਵੇਗਾ। ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਆਈ.ਸੀ.ਆਈ. ਬੈਂਕ, ਗਰੀਨ ਬਾਕਸ ਟਰੇਡਸ, ਇੰਡਸਟ੍ਰੀਅਲ ਅਸਟੇਟ ਪਟਿਆਲਾ ਅਤੇ ਐਸ.ਬੀ.ਆਈ ਲਾਈਫ ਦੇ ਨਿਯੋਜਕਾਂ ਵਲੋ ਰਿਲੇਸ਼ਨਸ਼ਿਪ ਮੈਨੇਜਰ, ਡਿਲੀਵਰੀ ਮੈਨੇਜਰ, ਡਿਲੀਵਰੀ ਐਸੋਸੀਏਟ ਅਤੇ ਡੀ.ਐਮ ਅਤੇ ਫਰੀ ਲਾਂਸਰ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਿਊਰੋ ਆਫ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਪਟਿਆਲਾ ਦੇ ਡਿਪਟੀ ਡਾਇਰੈਕਟਰ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਆਈ.ਸੀ.ਆਈ. ਬੈਂਕ, ਗਰੀਨ ਬਾਕਸ ਟਰੇਡਸ, ਇੰਡਸਟ੍ਰੀਅਲ ਅਸਟੇਟ ਪਟਿਆਲਾ ਅਤੇ ਐਸ.ਬੀ.ਆਈ ਲਾਈਫ ਦੇ ਨਿਯੋਜਕਾਂ ਵਲੋਂ ਰਿਲੇਸ਼ਨਸ਼ਿਪ ਮੈਨੇਜਰ, ਡਿਲੀਵਰੀ ਮੈਨੇਜਰ, ਡਿਲੀਵਰੀ ਐਸੋਸੀਏਟ ਅਤੇ ਡੀ.ਐਮ ਅਤੇ ਫਰੀ ਲਾਂਸਰ ਦੀਆਂ ਨਾਲ ਸਬੰਧਤ ਅਸਾਮੀਆਂ ਦੀ ਭਰਤੀ ਕੀਤੀ ਜਾਣੀ ਹੈ।

ਇਸ ਵਿੱਚ ਆਈ.ਸੀ.ਆਈ. ਬੈਂਕ ਲਈ ਰਿਲੇਸ਼ਨਸ਼ਿਪ ਮੈਨੇਜਰ ਲਈ 25 ਅਸਾਮੀਆਂ ਲਈ ਉਮਰ 18 ਤੋਂ 24 ਸਾਲ, ਵਿੱਦਿਅਕ ਯੋਗਤਾ ਗ੍ਰੈਜੂਏਸ਼ਨ (ਘੱਟ ਤੋਂ ਘੱਟ 55 ਫੀਸਦੀ ਅੰਕਾਂ ਨਾਲ ਪਾਸ), ਮਰਦ ਅਤੇ ਔਰਤ ਦੋਵੇਂ। ਗਰੀਨ ਬਾਕਸ ਟਰੇਡਸ, ਇੰਡਸਟ੍ਰੀਅਲ ਅਸਟੇਟ ਪਟਿਆਲਾ ਲਈ ਡਿਲੀਵਰੀ ਐਸੋਸੀਏਟ ਦੀਆਂ 30 ਅਸਾਮੀਆਂ ਲਈ ਉਮਰ 18 ਸਾਲ ਅਤੇ ਇਸ ਤੋਂ ਵੱਧ, ਵਿੱਦਿਅਕ ਯੋਗਤਾ 10ਵੀਂ ਅਤੇ 12ਵੀਂ ਅਤੇ ਕੇਵਲ ਮਰਦ। ਇਨ੍ਹਾਂ ਅਸਾਮੀਆਂ ਲਈ ਪ੍ਰਾਰਥੀ ਕੋਲ ਡਰਾਈਵਿੰਗ ਲਾਇਸੰਸ, ਪੈਨ ਕਾਰਡ, ਆਧਾਰ ਕਾਰਡ, ਬੈਂਕ ਡੀਟੇਲ, ਰਜਿਊਮੇ ਅਤੇ 2 ਪਾਸਪੋਰਟ ਸਾਈਜ਼ ਫੋਟੋਆਂ ਹੋਣੀਆਂ ਜ਼ਰੂਰੀ ਹਨ।

ਜਦਕਿ ਐਸ.ਬੀ.ਆਈ ਲਾਈਫ ਲਈ ਡੀ.ਐਮ ਅਤੇ ਫਰੀ ਲਾਂਸਰ ਦੀਆਂ 35 ਅਸਾਮੀਆਂ ਲਈ ਉਮਰ 25 ਤੋਂ 45 ਸਾਲ, ਵਿੱਦਿਅਕ ਯੋਗਤਾ 10ਵੀਂ, 12ਵੀਂ ਅਤੇ ਗ੍ਰੈਜੂਏਸ਼ਨ, ਮਰਦ ਅਤੇ ਔਰਤ ਦੋਵੇਂ ਇੰਟਰਵਿਊ ਦੇ ਸਕਦੇ ਹਨ।

## ਇਨਵੈਸਟ ਪੰਜਾਬ ਤਹਿਤ ਮੌਰਗਨ ਕਰਾਸਿੰਗ ਵਿਖੇ ਅਮਰੀਕਨ ਫਾਸਟ-ਫੂਡ ਰੈਸਟੋਰੈਂਟ ਦਾ ਉਦਘਾਟਨ

### ਸੈਂਕੜਿਆਂ ਨੌਜਵਾਨਾਂ ਨੂੰ ਮਿਲੇਗਾ ਰੋਜ਼ਗਾਰ ਦਾ ਮੌਕਾ: ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ



**ਲੁਧਿਆਣਾ, 22 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸਾਊਥ ਬਾਈਪਾਸ, ਕਨਾਲ ਰੋਡ ਸਥਿਤ ਮੌਰਗਨ ਕਰਾਸਿੰਗ ਵਿਖੇ ਵਿਸ਼ਵ ਪ੍ਰਸਿੱਧ ਅਮਰੀਕਨ ਫਾਸਟ-ਫੂਡ ਰੈਸਟੋਰੈਂਟ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਮੌਰਗਨ ਕਰਾਸਿੰਗ ਦੇ ਮਾਲਕ ਰਿਟਾਇਰਡ ਕਰਨਲ ਹਰਬੰਤ ਸਿੰਘ ਕਾਹਲੋਂ ਅਤੇ ਰਿੰਕੀ ਕਾਹਲੋਂ ਵੀ ਮੌਜੂਦ ਸਨ।

ਮੰਤਰੀ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ‘ਇਨਵੈਸਟ ਪੰਜਾਬ’ ਤਹਿਤ ਪੰਜਾਬ ਵਿੱਚ ਨਿਵੇਸ਼ ਅਤੇ ਉਦਯੋਗ ਨੂੰ ਉਤਸ਼ਾਹਿਤ ਕਰਨ ਲਈ ਨਾਮੀ ਕੰਪਨੀਆਂ ਨਾਲ ਲਗਾਤਾਰ ਰਾਬਤਾ ਕੀਤਾ ਜਾ ਰਿਹਾ ਹੈ।

ਮੌਰਗਨ ਕਰਾਸਿੰਗ ਵਿਖੇ ਇਸ ਕਮਰਸ਼ੀਅਲ ਪ੍ਰੋਜੈਕਟ ਨਾਲ ਸੈਂਕੜਿਆਂ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ।

ਉਨ੍ਹਾਂ ਦੱਸਿਆ ਕਿ ਦਸੰਬਰ 2023 ਵਿੱਚ ਕਾਹਲੋਂ ਡਿਵੈਲਪਰਜ਼ ਵੱਲੋਂ ਸਿੱਧਵਾਂ ਨਹਿਰ ’ਤੇ ਮੌਰਗਨ ਕਰਾਸਿੰਗ ਲਈ ਨਵੇਂ ਪੁੱਲ ਦਾ ਨਿਰਮਾਣ ਸ਼ੁਰੂ ਕੀਤਾ ਗਿਆ ਸੀ, ਜਿਸ ’ਤੇ ਕਰੀਬ ਢਾਈ ਕਰੋੜ ਰੁਪਏ ਖਰਚ ਕੀਤੇ ਗਏ।

ਰਿਟਾਇਰਡ ਕਰਨਲ ਹਰਬੰਤ ਸਿੰਘ ਕਾਹਲੋਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਰਾਈਟ ਟੂ ਬਿਜ਼ਨਸ ਐਕਟ ਦੇ ਲਾਗੂ ਹੋਣ ਨਾਲ ਸੂਬੇ ਵਿੱਚ ਨਵੇਂ ਉਦਯੋਗ ਸਥਾਪਤ ਕਰਨ ਦੀ ਪ੍ਰਕਿਰਿਆ ਸੁਖਾਲੀ ਹੋਈ ਹੈ ਅਤੇ ਉਦਯੋਗ ਨਾਲ ਸਬੰਧਤ ਐਨ.ਓ.ਸੀ. ਤੇ ਹੋਰ ਪ੍ਰਕਿਰਿਆਵਾਂ ਸਮੇਂ ਸਿਰ ਇੱਕ ਛੱਤ ਹੇਠ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

## ਭੜਕੇ ਜੰਗਲਾਤ ਕਾਮੇ ਅਧਿਕਾਰੀਆਂ ਦੇ ਭਰੋਸੇ ਮਗਰੋਂ ਹੋਏ ਸ਼ਾਂਤ

**ਪਟਿਆਲਾ, 22 ਸਤੰਬਰ**
**-ਜੀ. ਐਸ. ਤੁੰਗ-**



ਜੰਗਲਾਤ ਵਰਕਰਜ ਯੂਨੀਅਨ ਪੰਜਾਬ ਜਿਲਾ ਪਟਿਆਲਾ ਵੱਲੋਂ ਮਾਨਯੋਗ ਹਾਈ ਕੋਰਟ ਕੇਸਾਂ ਦੇ ਫੈਸਲੇ ਲਾਗੂ ਨਾ ਕਰਨ ਦੇ ਰੋਸ ਵਜੋਂ ਅੱਜ ਵਣ ਮੰਡਲ ਅਫਸਰ ਜੰਗਲੀ ਜੀਵ ਅਤੇ ਖਜ਼ਾਨਾ ਅਫਸਰ ਦੇ ਦਫਤਰਾਂ ਅੱਗੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਸੀ ਇਸ ਸੰਘਰਸ਼ ਦੇ ਦਬਾਅ ਸਦਕਾ ਵਣ ਮੰਡਲ ਅਫਸਰ ਜੰਗਲੀ ਜੀਵ ਅਤੇ ਖਜ਼ਾਨਾ ਅਫਸਰ ਵੱਲੋਂ ਯੂਨੀਅਨ ਦੇ ਵਫਦ ਨਾਲ ਮੀਟਿੰਗ ਕਰਕੇ ਮੁਲਾਜ਼ਮ ਆਗੂਆਂ ਨੂੰ ਭਰੋਸਾ ਦਵਾਇਆ ਕਿ ਜਿਹੜੇ ਬਕਾਏ ਬਿਲ ਹਨ ਉਹਨਾ ਨੂੰ ਟੋਕਨ ਲੈਕੇ ਆਨਲਾਈਨ ਕਰ ਦਿੱਤੇ ਹਨ ਤੇ ਇਹਨਾਂ ਦੀ ਮਨਜ਼ੂਰੀ ਚੰਡੀਗੜ੍ਹ ਆਉਣ ਤੋਂ ਬਾਅਦ ਵਰਕਰਾਂ ਦੇ ਖਾਤਿਆਂ ਵਿੱਚ ਪੈ ਜਾਣਗੇ ਤਾਂ ਕਿਤੇ ਜਾ ਕੇ ਜੰਗਲਾਤ ਕਾਮੇ ਸ਼ਾਂਤ ਹੋਏ।

ਅੱਜ ਦੀ ਇਸ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਜਸਵਿੰਦਰ ਸਿੰਘ ਸੌਂਜਾ, ਦਰਸ਼ਨ ਬੇਲੂ ਮਾਜਰਾ, ਭੁਪਿੰਦਰ ਸਿੰਘ ਸਾਧੂਹੇੜੀ, ਜੋਗਾ ਸਿੰਘ ਵਜੀਦਪੁਰ ਤੇ ਅਮਰਜੀਤ ਸਿੰਘ ਲਾਛੜੂ ਆਦਿ ਆਗੂ ਸ਼ਾਮਿਲ ਹੋਏ ਤੇ ਅਖੀਰ ਵਿੱਚ ਵਣ ਅਤੇ ਜੰਗਲੀ ਜੀਵ ਦੇ ਕਾਮਿਆਂ ਨੇ ਆਪਣੀ ਮੀਟਿੰਗ ਕਰਕੇ ਫੈਸਲਾ ਕੀਤਾ ਕੀ ਸੂਬਾ ਕਮੇਟੀ ਵਲੋ ਕੱਚੇ ਕਾਮਿਆਂ ਨੂੰ ਪੱਕਿਆਂ ਕਰਵਾਉਣ ਲਈ ਅਤੇ ਹੋਰ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਲਾਗੂ ਕਰਵਾਉਣ ਲਈ ਵਿੱਤ ਮੰਤਰੀ ਦੇ ਹਲਕਾ ਦਿੜਬਾ ਵਿਖੇ 26 ਸਤੰਬਰ 2026 ਨੂੰ ਪਟਿਆਲੇ ਤੋਂ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇ ਉਸ ਸੰਘਰਸ਼ ਵਿੱਚ ਸ਼ਾਮਿਲ ਹੋਣਗੇ ਇਸ ਸੰਘਰਸ਼ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਸਮੁੱਚੇ ਕਾਮੇ ਉਸ ਰੈਲੀ ਵਿੱਚ ਸ਼ਾਮਿਲ ਹੋਣਗੇ ਅੱਜ ਦੀ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਸੇਰ ਸਿੰਘ ਸਰਹਿੰਦ, ਦਵਿੰਦਰ ਸਿੰਘ ਚੌਧਰੀਮਾਜਰਾ, ਪਰਗਟ ਸਿੰਘ ਰਾਮਗੜ੍ਹ, ਸਬਦਿਲ ਕੂਕੀ, ਗੁਰਚਰਨ ਸਿੰਘ ਸਮਾਣਾ, ਹਾਕਮ ਖਾਨ, ਜਗਤਾਰ ਸੁਧੇਵਾਲ, ਬੁੱਧ ਸਿੰਘ ਹੱਲੋਤਾਲੀ, ਗੁਰਮੀਤ ਸਿੰਘ ਮੱਲੇਵਾਲ, ਪ੍ਰਦੀਪ ਕੁਮਾਰ ਪਟਿਆਲਾ, ਸਿੰਦਾ ਸਰਹਿੰਦ, ਸਮਸੇਰ ਅਸਮਾਨਪੁਰ, ਬਲਕਾਰ ਬਠੋਈ, ਰੂਪ ਸਿੰਘ, ਆਗੂ ਸ਼ਾਮਿਲ ਹੋਏ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags

Opp. Gurudwara Dukhniwaran Sahib Srihind Road, Patiala

# ਅਮਰੀਕਾ ਅਤੇ ਯੂਕੇ ਵਿੱਚ ਸਿੱਖ ਡਰਾਈਵਰਾਂ 'ਤੇ ਹੋਏ ਨਸਲੀ ਹਮਲਿਆਂ ਨੂੰ ਲੈ ਕੇ ਵੜਿੰਗ ਨੇ ਜੈਸ਼ੰਕਰ ਨੂੰ ਲਿਖਿਆ ਪੱਤਰ

**ਚੰਡੀਗੜ੍ਹ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੋਮਵਾਰ ਨੂੰ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੂੰ ਅਪੀਲ ਕੀਤੀ ਹੈ ਕਿ ਉਹ ਅਮਰੀਕਾ ਅਤੇ ਯੂਨਾਈਟਿਡ ਕਿੰਗਡਮ ਵਿੱਚ ਸਿੱਖ ਡਰਾਈਵਰਾਂ 'ਤੇ ਹੋਏ ਨਸਲੀ ਹਮਲਿਆਂ ਦਾ ਮੁੱਦਾ ਉੱਥੋਂ ਦੀਆਂ ਸਰਕਾਰਾਂ ਅੱਗੇ ਉਠਾਉਣ। ਇਹਨਾਂ ਘਟਨਾਵਾਂ ਵਿੱਚ ਹਾਲ ਹੀ ਵਿੱਚ ਵਾਇਓਮਿੰਗ ਵਿੱਚ ਵਾਪਰੀ ਚਾਕੂ ਮਾਰਨ ਦੀ ਉਹ ਘਟਨਾ ਵੀ ਸ਼ਾਮਲ ਹੈ, ਜਿਸ ਵਿੱਚ ਇੱਕ ਸਿੱਖ ਡਰਾਈਵਰ 'ਤੇ 17 ਵਾਰ ਹਮਲਾ ਕੀਤਾ ਗਿਆ ਸੀ।



ਜੈਸ਼ੰਕਰ ਨੂੰ ਲਿਖੇ ਪੱਤਰ ਵਿੱਚ ਵੜਿੰਗ ਨੇ ਕਿਹਾ ਕਿ ਇਹਨਾਂ ਘਟਨਾਵਾਂ ਨੇ ਦੋਵਾਂ ਦੇਸ਼ਾਂ ਵਿੱਚ ਸਿੱਖ ਡਰਾਈਵਰਾਂ ਅੰਦਰ ਡਰ ਅਤੇ ਅਸੁਰੱਖਿਆ ਦੀ ਭਾਵਨਾ ਪੈਦਾ ਕਰ ਦਿੱਤੀ ਹੈ ਅਤੇ ਸਿੱਖਾਂ ਨੂੰ ਡੂੰਘੀ ਸੱਟ ਅਤੇ ਪੀੜਾ ਪਹੁੰਚਾਈ ਹੈ।

ਬੀਤੇ ਦਿਨੀਂ ਅਮਰੀਕੀ ਹੋਮਲੈਂਡ ਸੁਰੱਖਿਆ ਵਿਭਾਗ ਦੇ ਉਸ ਇਸ਼ਤਿਹਾਰ ਦਾ ਹਵਾਲਾ ਦਿੰਦੇ ਹੋਏ, ਜਿਸ ਵਿੱਚ ਸਾਡੀਆਂ ਸੜਕਾਂ ਤੋਂ ਦੂਰ ਰਹੋ, ਤੁਹਾਨੂੰ ਗੱਡੀ ਚਲਾਉਣੀ ਨਹੀਂ ਆਉਂਦੀ, ਮਿਸਟਰ ਸਿੰਘ (Get off our roads, you donÓt know how to drive, Mr. Singh) ਸੁਨੇਹਾ ਦਿੱਤਾ ਗਿਆ ਸੀ, ਵੜਿੰਗ ਨੇ ਇਸਨੂੰ ਨਸਲੀ ਤੌਰ 'ਤੇ ਪੱਖਪਾਤੀ ਕਰਾਰ ਦਿੱਤਾ ਅਤੇ ਕਿਹਾ ਕਿ ਇਸ ਨਾਲ ਅਮਰੀਕਾ ਵਿੱਚ ਸਿੱਖ ਅਤੇ ਦਸਤਾਰਧਾਰੀ ਡਰਾਈਵਰਾਂ ਦੀ ਨਸਲੀ ਪਹਿਚਾਣ ਨੂੰ ਲੈ ਕੇ ਚਿੰਤਾਵਾਂ ਪੈਦਾ ਹੋਈਆਂ ਹਨ।

ਉਹਨਾਂ ਦੱਸਿਆ ਕਿ ਕੈਲੀਫੋਰਨੀਆ ਦੇ ਗਵਰਨਰ ਗੇਵਿਨ ਨਿਊਸਮ ਅਤੇ ਭਾਰਤੀ ਮੂਲ ਦੇ ਕਾਂਗਰਸਮੈਨ ਰਾਜਾ ਕ੍ਰਿਸ਼ਨਾਮੂਰਤੀ ਸਮੇਤ ਕਈ ਅਮਰੀਕੀ ਸਿਆਸੀ ਆਗੂਆਂ ਨੇ ਇਸ ਇਸ਼ਤਿਹਾਰ 'ਤੇ ਇਤਰਾਜ਼ ਜਤਾਇਆ ਸੀ। ਹਾਲਾਂਕਿ ਬਾਅਦ ਵਿੱਚ ਇਹ ਇਸ਼ਤਿਹਾਰ ਵਾਪਸ ਲੈ ਲਿਆ ਗਿਆ ਸੀ, ਪਰ ਵੜਿੰਗ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਇਸ 'ਤੇ ਕੋਈ ਜਨਤਕ ਇਤਰਾਜ਼ ਦਰਜ ਨਹੀਂ ਕਰਵਾਇਆ ਗਿਆ।

ਵੜਿੰਗ ਨੇ ਵਾਇਓਮਿੰਗ ਵਿੱਚ 13 ਸਤੰਬਰ ਨੂੰ ਇੱਕ ਸਿੱਖ ਡਰਾਈਵਰ 'ਤੇ ਹੋਏ ਹਮਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੀੜਤ ਨੂੰ ਬੇਰਹਿਮੀ ਨਾਲ ਕੁੱਟਿਆ ਗਿਆ ਅਤੇ 17 ਵਾਰ ਹਮਲਾ ਕੀਤਾ ਗਿਆ, ਜੋ ਹਸਪਤਾਲ ਵਿੱਚ ਜ਼ਿੰਦਗੀ ਅਤੇ ਮੌਤ ਦੀ ਲੜਾਈ ਲੜ ਰਿਹਾ ਹੈ।

# ਨੰਗਲ ਨੂੰ ਮਿਲੇਗਾ 500 ਸੀਟਾਂ ਵਾਲਾ ਅਤਿ-ਆਧੁਨਿਕ ਆਡੀਟੋਰੀਅਮ: ਹਰਜੋਤ ਬੈਂਸ ਨੇ ਸਕੂਲ ਆਫ਼ ਐਮੀਨੈਂਸ ਵਿਖੇ 19-ਕਰੋੜ ਦੇ ਇਨਫਰਾ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ

**ਚੰਡੀਗੜ੍ਹ/ਨੰਗਲ, 22 ਸਤੰਬਰ**
**-ਛਤਰਪਾਲ ਸਿੰਘ-**

ਨੰਗਲ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦੇ ਹੋਏ, ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸੋਮਵਾਰ ਨੂੰ ਡਾ. ਭੀਮ ਰਾਓ ਅੰਬੇਡਕਰ ਸਕੂਲ ਆਫ਼ ਐਮੀਨੈਂਸ, ਨੰਗਲ ਵਿਖੇ 11 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਅਤਿ-ਆਧੁਨਿਕ 500 ਸੀਟਾਂ ਵਾਲੇ ਆਡੀਟੋਰੀਅਮ ਦੀ ਉਸਾਰੀ ਦੀ ਸ਼ੁਰੂਆਤ ਕਰਨ ਲਈ ਭੂਮੀ ਪੂਜਨ ਕੀਤਾ।

ਇਸ ਦੇ ਨਾਲ ਹੀ, ਐਸ. ਬੈਂਸ ਨੇ ਸਕੂਲ ਵਿੱਚ 8 ਕਰੋੜ ਦੀ ਲਾਗਤ ਨਾਲ ਇੱਕ ਨਵੇਂ ਬਲਾਕ ਦੀ ਉਸਾਰੀ ਦੀ ਸ਼ੁਰੂਆਤ ਵੀ ਕੀਤੀ। ਇਸ ਬਲਾਕ ਵਿੱਚ ਸੱਤ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਸੱਤ ਨਵੇਂ ਕਮਰੇ ਹੋਣਗੇ।



ਇਸ ਮੌਕੇ ਬੋਲਦਿਆਂ, ਸਿੱਖਿਆ ਮੰਤਰੀ ਨੇ ਕਿਹਾ ਕਿ ਨੰਗਲ ਵਿੱਚ ਹੁਣ ਤੱਕ ਇੱਕ ਆਧੁਨਿਕ ਆਡੀਟੋਰੀਅਮ ਦੀ ਘਾਟ ਸੀ ਜਿੱਥੇ ਵਸਨੀਕ, ਵਿਦਿਅਕ ਸੰਸਥਾਵਾਂ ਅਤੇ ਹੋਰ ਸੰਸਥਾਵਾਂ ਆਪਣੇ ਸਮਾਗਮ ਅਤੇ ਪ੍ਰੋਗਰਾਮ ਆਯੋਜਿਤ ਕਰ ਸਕਣ। ਉਨ੍ਹਾਂ ਅੱਗੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦੇ ਨਾਮ 'ਤੇ ਰੱਖਿਆ ਗਿਆ ਇਹ ਅਤਿ-ਆਧੁਨਿਕ ਆਡੀਟੋਰੀਅਮ ਨਾ ਸਿਰਫ ਸਕੂਲ ਲਈ ਇੱਕ ਵੱਡਾ ਤੋਹਫ਼ਾ ਹੋਵੇਗਾ ਬਲਕਿ ਨੰਗਲ ਦੇ ਵਸਨੀਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਵੀ ਪੂਰਾ ਕਰੇਗਾ।

500 ਸੀਟਾਂ ਵਾਲਾ ਇਹ ਆਡੀਟੋਰੀਅਮ, ਜਿਸ ਵਿੱਚ ਕਈ ਤਰ੍ਹਾਂ ਦੇ ਸੱਭਿਆਚਾਰਕ ਪ੍ਰੋਗਰਾਮ, ਸੈਮੀਨਾਰ ਅਤੇ ਹੋਰ ਪ੍ਰੋਗਰਾਮ ਆਯੋਜਿਤ ਕੀਤੇ ਜਾ ਸਕਦੇ ਹਨ, ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਬਹੁਤ ਵੱਡਾ ਪਲੇਟਫਾਰਮ ਪ੍ਰਦਾਨ ਕਰੇਗਾ, ਐਸ. ਬੈਂਸ ਨੇ ਕਿਹਾ।

ਸਿੱਖਿਆ ਮੰਤਰੀ ਨੇ ਕਿਹਾ ਕਿ ਨਵਾਂ ਬਲਾਕ ਆਧੁਨਿਕ ਸਿੱਖਿਆ ਲਈ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਹੋਰ ਵੱਡਾ ਕਦਮ ਹੈ। ਉਨ੍ਹਾਂ ਅੱਗੇ ਕਿਹਾ ਕਿ ਸੱਤ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਸੱਤ ਨਵੇਂ ਕਮਰਿਆਂ ਦੇ ਨਾਲ, ਇਹ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ??ਕਰੇਗਾ ਅਤੇ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਵਿਹਾਰਕ ਸਿੱਖਿਆ ਲਈ ਇੱਕ ਬਿਹਤਰ ਵਾਤਾਵਰਣ ਪੈਦਾ ਕਰੇਗਾ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਅਤੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਸਕੂਲ ਆਫ਼ ਐਮੀਨੈਂਸ ਇਸ ਵਿਜ਼ਨ ਦਾ ਹਿੱਸਾ ਹਨ, ਜਿੱਥੇ ਵਿਦਿਆਰਥੀਆਂ ਨੂੰ ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਪ੍ਰਯੋਗਸ਼ਾਲਾਵਾਂ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ-ਨਾਲ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਹਾਲ ਹੀ ਦੇ ਸਮੇਂ ਵਿੱਚ ਨੰਗਲ ਦੇ ਵਿਕਾਸ ਲਈ ਕਈ ਵੱਡੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ ਅਤੇ ਸ਼ਹਿਰ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਕਾਰਜਾਂ ਦੀ ਗਤੀ ਹੋਰ ਤੇਜ਼ ਕੀਤੀ ਜਾਵੇਗੀ। ਨੰਗਲ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਇੱਕ ਬਿਹਤਰ ਅਤੇ ਸੁੰਦਰ ਸ਼ਹਿਰ ਬਣਾਉਣਾ ਮੇਰੀ ਪਹਿਲੀ ਤਰਜੀਹ ਹੈ, ਸ. ਬੈਂਸ ਨੇ ਕਿਹਾ।

# ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ 'ਚ ਸ਼ਲਾਘਾਯੋਗ ਭੂਮਿਕਾ ਨਿਭਾਉਣ ਵਾਲੇ ਵੀ.ਓਜ਼ ਦਾ ਸਨਮਾਨ



**ਹੁਸ਼ਿਆਰਪੁਰ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵਲੋਂ ਨਵੇਂ ਰਾਸ਼ਨ ਕਾਰਡ ਬਣਾਉਣ ਤਹਿਤ ਚੱਲ ਰਹੀ ਵੈਰੀਫਿਕੇਸ਼ਨ ਪ੍ਰਕਿਰਿਆ ਨੂੰ ਬਹੁਤ ਵਧੀਆ ਢੰਗ ਨਾਲ ਕਰਨ ਲਈ ਅੱਜ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਹੁਸ਼ਿਆਰਪੁਰ ਸਬ-ਡਵੀਜਨ ਦੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਅਤੇ ਸਨਮਾਨ ਚਿੰਨ੍ਹ ਦਿੱਤਾ ਗਿਆ।

ਡਿਪਟੀ ਕਮਿਸ਼ਨਰ ਦੇ ਵਿਸ਼ੇਸ਼ ਕਾਰਜ ਅਫ਼ਸਰ (ਸ਼ਹਿਰੀ ਮਾਮਲੇ) ਓਇਸ਼ੀ ਮੰਡਲ ਨੇ ਸਥਾਨਕ ਐਸ.ਡੀ.ਐਮ. ਦਫ਼ਤਰ ਵਿਖੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਦਿੰਦਿਆਂ ਅਪੀਲ ਕੀਤੀ ਕਿ ਜ਼ਿਲ੍ਹੇ ਵਿਚ ਵੱਖ-ਵੱਖ ਸਬ-ਡਵੀਜ਼ਨਾਂ ਅੰਦਰ ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ ਵਿਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਨਿਰਧਾਰਤ ਸਮੇਂ ਸਿਰ ਇਹ ਪ੍ਰਕਿਰਿਆ ਮੁਕੰਮਲ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਵੈਰੀਫਿਕੇਸ਼ਨ ਅਧਿਕਾਰੀਆਂ, ਜਿਨ੍ਹਾਂ ਵਿਚ ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ ਅਤੇ ਸਖੀਆ ਸ਼ਾਮਲ ਹਨ, ਵਲੋਂ ਘਰ-ਘਰ ਜਾ ਕੇ ਇਹ ਪ੍ਰਕਿਰਿਆ ਸੁਚੱਜੇ ਢੰਗ ਨਾਲ ਮੁਕੰਮਲ ਕੀਤੀ ਜਾ ਰਹੀ ਹੈ ਤਾਂ ਜੋ ਯੋਗ ਬਿਨੈਕਾਰਾਂ ਦੇ ਕਾਰਡ ਬਣ ਸਕਣ। ਉਨ੍ਹਾਂ ਨੇ ਸਾਰੇ ਵੈਰੀਫਿਕੇਸ਼ਨ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਉਹ ਆਪੋ-ਆਪਣੇ ਦਿੱਤੇ ਗਏ ਖੇਤਰ ਵਿਚ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾਂ ਨਾਲ ਇਸ ਕਾਰਜ ਨੂੰ ਮਿਥੇ ਸਮੇਂ ਅੰਦਰ ਨੇਪਰੇ ਚਾੜ੍ਹਨ।

ਇਸ ਮੌਕੇ ਜ਼ਿਲ੍ਹਾ ਖੁਰਾਕ ਅਤੇ ਸਪਲਾਈਜ਼ ਕੰਟਰੋਲਰ ਨਰਿੰਦਰ ਸਿੰਘ ਨੇ ਦੱਸਿਆ ਕਿ ਗੜ੍ਹਸ਼ੰਕਰ, ਹੁਸ਼ਿਆਰਪੁਰ, ਟਾਂਡਾ, ਦਸੂਹਾ ਅਤੇ ਮੁਕੇਰੀਆਂ ਵਿਖੇ ਵੈਰੀਫਿਕੇਸ਼ਨ ਲਗਾਤਾਰ ਜਾਰੀ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ 1.20 ਲੱਖ ਤੋਂ ਵੱਧ ਅਰਜ਼ੀਆਂ ਪ੍ਰਾਪਤ ਹੋਈਆਂ ਹਨ ਜਿਨ੍ਹਾਂ ਵਿਚ 17443 ਗੜ੍ਹਸ਼ੰਕਰ, 48971 ਹੁਸ਼ਿਆਰਪੁਰ, 8353 ਟਾਂਡਾ, 19294 ਦਸੂਹਾ ਅਤੇ 26317 ਮੁਕੇਰੀਆਂ ਵਿਖੇ ਪ੍ਰਾਪਤ ਹੋਈਆਂ। ਉਨ੍ਹਾਂ ਦੱਸਿਆ ਕਿ ਵੈਰੀਫਿਕੇਸ਼ਨ ਦਾ ਕਾਰਜ ਵਧੀਆ ਢੰਗ ਨਾਲ ਨਿਰਧਾਰਤ ਸਮੇਂ ਵਿਚ ਨੇਪਰੇ ਚਾੜ੍ਹਨ ਨੂੰ ਪੂਰੀ ਤਰਜੀਹ ਦਿੱਤੀ ਜਾ ਰਹੀ ਹੈ।

# ਜ਼ਿਲ੍ਹਾ ਯੂਥ ਪ੍ਰਧਾਨ ਗਗਨਦੀਪ ਸਿੰਘ ਭੋਲਾ ਨੇ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਦਾ ਸੰਭਾਲਿਆ ਅਹੁਦਾ

**ਗੁਰਦਾਸਪੁਰ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਮੌਜੂਦਗੀ ਵਿੱਚ ਮਾਰਕਿਟ ਕਮੇਟੀ ਗੁਰਦਾਸਪੁਰ ਦੇ ਨਵ-ਨਿਯੁਕਤ ਚੇਅਰਮੈਨ ਜ਼ਿਲ੍ਹਾ ਯੂਥ ਪ੍ਰਧਾਨ ਗਗਨਦੀਪ ਸਿੰਘ ਭੋਲਾ ਨੇ ਅਹੁਦਾ ਸੰਭਾਲਿਆ। ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ, ਲੋਕ ਸਭਾ ਹਲਕਾ ਇੰਚਾਰਜ ਅਤੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਰਾਜੀਵ ਸ਼ਰਮਾ ,ਜ਼ਿਲਾ ਪ੍ਰਧਾਨ ਮਨਦੀਪ ਸਿੰਘ ਗਿੱਲ, ਰਣਜੀਤ ਸਿੰਘ ਰਾਣਾ ਚੇਅਰਮੈਨ ਬਲਾਕ ਸੰਮਤੀ ਗੁਰਦਾਸਪੁਰ ਬਲਵਿੰਦਰ ਸਿੰਘ ਭੋਲਾ (ਪਿਤਾ ਚੇਅਰਮੈਨ ਗਗਨਦੀਪ ਸਿੰਘ ), ਭਾਰਤ ਭੂਸ਼ਣ ਸ਼ਰਮਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਮੁੱਖਦੇਵ ਸਿੰਘ ਆਲੋਵਾਲ ਚੇਅਰਮੈਨ ਮਾਰਕੀਟ ਕਮੇਟੀ ਧਾਰੀਵਾਲ, ਜਸਬੀਰ ਸਿੰਘ ਕਠਿਆਲੀ ਚੇਅਰਮੈਨ ਦੀਨਾਨਗਰ, ਰਜੀਵ ਸੈਣੀ ਚੇਅਰਮੈਨ ਟਰੇਡਵਿੰਗ ਦੀਨਾਨਗਰ, ਸ਼ਬਜੀ ਮੰਡੀ ਪ੍ਰਧਾਨ ਦੀਨਾਨਗਰ ਧਰਮਿੰਦਰ ਸਿੰਘ ਮੰਡੀ ਆਰੜੀ ਐਸੋਸੀਏਸ਼ਨ ਦੇ ਪ੍ਰਧਾਨ, ਸੈਲਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਸਾਰੇ ਅਹੁਦੇਦਾਰ ਅਤੇ ਗੁਰਦਾਸਪੁਰ ਸ਼ਹਿਰ ਦੀਆਂ ਵੱਖ ਵੱਖ ਸਖਸ਼ੀਅਤਾਂ ਮੌਜੂਦ ਸਨ।



ਇਸ ਮੌਕੇ ਕਰਵਾਏ ਸਮਾਗਮ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਨਵ ਨਿਯੁਕਤ ਚੇਅਰਮੈਨ ਗਗਨਦੀਪ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਪਾਰਟੀ ਵਿੱਚ ਇਮਾਨਦਾਰੀ, ਮਿਹਨਤ ਅਤੇ ਵਫਾਦਾਰੀ ਨਾਲ ਕੰਮ ਕਰਨ ਵਾਲੇ ਵਲੰਟੀਅਰਾਂ ਨੂੰ ਮਾਣ ਸਤਿਕਾਰ ਦੇ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਪਾਰਟੀ ਵਲੰਟੀਅਰਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਲਗਨ ਅਨੁਸਾਰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਅਤੇ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਜਾ ਰਿਹਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਿਹਤ, ਸਿੱਖਿਆ,ਉਦਯੋਗ, ਖੇਤੀਬਾੜੀ ਅਤੇ ਬਿਜਲੀ ਆਦਿ ਖੇਤਰਾਂ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਵਿਸ਼ੇਸ਼ ਕਦਮ ਉਠਾਏ ਗਏ ਹਨ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵੱਖ-ਵੱਖ ਖੇਤਰਾਂ ਵਿੱਚ ਲੋਕਹਿੱਤ ਵਿੱਚ ਕਾਰਜ ਕੀਤੇ ਹਨ ਅਤੇ ਜੇਕਰ ਇਕੱਲੇ ਬਿਜਲੀ ਦੀ ਗੱਲ ਕਰੀਏ ਤਾਂ ਸਰਕਾਰ ਵਲੋਂ 600 ਯੂਨਿਟ ਬਿਜਲੀ ਮਾਫ ਕੀਤੀ ਗਈ ਹੈ ਅਤੇ 90 ਫੀਸਦ ਘਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ। ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਦੇ ਮੰਤਵ ਤਹਿਤ 'ਸਕੂਲ ਆਫ ਐਮੀਨਸ' ਖੋਲ੍ਹੇ ਗਏ ਹਨ ਅਤੇ ਸੂਬੇ ਭਰ ਅੰਦਰ ਮਾਪੇ-ਵਿਦਿਆਰਥੀਆਂ ਮਿਲਣੀਆਂ ਕਰਵਾਈਆਂ ਗਈਆਂ ਹਨ।

ਇਸ ਮੌਕੇ ਨਵ ਨਿਯੁਕਤ ਚੇਅਰਮੈਨ ਗਗਨਦੀਪ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਜੋ ਮੈਨੂੰ ਜ਼ਿੰਮੇਵਾਰੀ ਸੌਂਪੀ ਗਈ, ਉਸਨੂੰ ਪੂਰੀ ਲਗਨ ਤੇ ਮਿਹਨਤ ਨਾਲ ਨਿਭਾਵਾਂਗਾ ਤੇ ਲੋਕ ਹਿੱਤੀ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਕੀਤਾ ਜਾਵੇਗਾ।

ਇਸ ਤੋਂ ਪਹਿਲਾਂ ਬੱਬਰੀ ਬਾਈਪਾਸ ਚੌਂਕ ਤੋਂ ਮਾਰਕੀਟ ਕਮੇਟੀ ਗੁਰਦਾਸਪੁਰ ਤੱਕ ਠਾਠਾ ਮਾਰਦਿਆਂ ਰੋਡ ਸ਼ੋਅ ਕੱਢਿਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਾਲੰਟੀਅਰ ਅਤੇ ਨੌਜਵਾਨਾਂ ਨੇ ਪੂਰੇ ਉਤਸ਼ਾਹ ਨਾਲ ਸ਼ਿਰਕਤ ਕੀਤੀ।

# ਸੀਟੀ ਯੂਨੀਵਰਸਿਟੀ ਵਿੱਚ ਦੂਜੀ ਰਾਸ਼ਟਰੀ ਅਰਾਸ਼ੀ ਮਿਕਸਡ ਮਾਰਸ਼ਲ ਆਰਟਸ ਚੈਂਪੀਅਨਸ਼ਿਪ




**ਲੁਧਿਆਣਾ, 22 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਸੀਟੀ ਯੂਨੀਵਰਸਿਟੀ ਵਿਖੇ ਅਰਾਸ਼ੀ ਮਿਕਸਡ ਮਾਰਸ਼ਲ ਆਰਟਸ ਐਸੋਸੀਏਸ਼ਨ ਆਫ ਇੰਡੀਆ ਵੱਲੋਂ ਦੂਜੀ ਰਾਸ਼ਟਰੀ ਸਬ-ਜੂਨੀਅਰ, ਜੂਨੀਅਰ ਅਤੇ ਸੀਨੀਅਰ ਪੁਰਸ਼ ਤੇ ਮਹਿਲਾ ਅਰਾਸ਼ੀ ਮਿਕਸਡ ਮਾਰਸ਼ਲ ਆਰਟਸ ਚੈਂਪੀਅਨਸ਼ਿਪ-2026 ਕਰਵਾਈ ਗਈ। ਦੋ ਦਿਨ ਚੱਲੀ ਇਸ ਚੈਂਪੀਅਨਸ਼ਿਪ ਵਿੱਚ 15 ਤੋਂ ਵੱਧ ਰਾਜਾਂ ਦੇ 400 ਤੋਂ ਵੱਧ ਖਿਡਾਰੀਆਂ, ਕੋਚਾਂ ਅਤੇ ਅਧਿਕਾਰੀਆਂ ਨੇ ਭਾਗ ਲਿਆ।

ਮੁਕਾਬਲਿਆਂ ਦੌਰਾਨ ਖਿਡਾਰੀਆਂ ਨੇ ਵੱਖ-ਵੱਖ ਉਮਰ ਅਤੇ ਭਾਰ ਵਰਗਾਂ ਵਿੱਚ ਸ਼ਾਨਦਾਰ ਹੁਨਰ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਮੁੱਖ ਮਹਿਮਾਨ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਸਮੇਤ ਹੋਰ ਵਿਸ਼ੇਸ਼ ਮਹਿਮਾਨਾਂ ਨੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕੀਤੀ।

ਸੀਟੀ ਯੂਨੀਵਰਸਿਟੀ ਦੇ ਉਪ-ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮਵਿਸ਼ਵਾਸ ਅਤੇ ਉੱਤਮਤਾ ਦੀ ਭਾਵਨਾ ਪੈਦਾ ਕਰਦੀਆਂ ਹਨ। ਵਿਦਿਆਰਥੀ ਭਲਾਈ ਨਿਰਦੇਸ਼ਕ ਇੰਜੀ. ਦਵਿੰਦਰ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਨੌਜਵਾਨ ਖਿਡਾਰੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਚੈਂਪੀਅਨਸ਼ਿਪ ਵਿੱਚ ਸੀਟੀ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਵੀ ਤਮਗੇ ਜਿੱਤ ਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਐਸੋਸੀਏਸ਼ਨ ਦੇ ਸੰਸਥਾਪਕ ਤੇ ਜਨਰਲ ਸਕੱਤਰ ਪ੍ਰਦੀਪ ਕੁਮਾਰ ਯੋਗੀ ਨੇ ਸਫਲ ਆਯੋਜਨ ਲਈ ਸੀਟੀ ਯੂਨੀਵਰਸਿਟੀ ਪ੍ਰਬੰਧਨ ਦਾ ਧੰਨਵਾਦ ਕੀਤਾ।

## ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ 'ਚ ਸ਼ਲਾਘਾਯੋਗ ਭੂਮਿਕਾ ਨਿਭਾਉਣ ਵਾਲੇ ਵੀ.ਓਜ਼ ਦਾ ਸਨਮਾਨ

**ਹੁਸ਼ਿਆਰਪੁਰ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵਲੋਂ ਨਵੇਂ ਰਾਸ਼ਨ ਕਾਰਡ ਬਣਾਉਣ ਤਹਿਤ ਚੱਲ ਰਹੀ ਵੈਰੀਫਿਕੇਸ਼ਨ ਪ੍ਰਕਿਰਿਆ ਨੂੰ ਬਹੁਤ ਵਧੀਆ ਢੰਗ ਨਾਲ ਕਰਨ ਲਈ ਅੱਜ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਹੁਸ਼ਿਆਰਪੁਰ ਸਬ-ਡਵੀਜਨ ਦੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਅਤੇ ਸਨਮਾਨ ਚਿੰਨ੍ਹ ਦਿੱਤਾ ਗਿਆ।

ਡਿਪਟੀ ਕਮਿਸ਼ਨਰ ਦੇ ਵਿਸ਼ੇਸ਼ ਕਾਰਜ ਅਫ਼ਸਰ (ਸ਼ਹਿਰੀ ਮਾਮਲੇ) ਓਇਸ਼ੀ ਮੰਡਲ ਨੇ ਸਥਾਨਕ ਐਸ.ਡੀ.ਐਮ. ਦਫ਼ਤਰ ਵਿਖੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਦਿੰਦਿਆਂ ਅਪੀਲ ਕੀਤੀ ਕਿ ਜ਼ਿਲ੍ਹੇ ਵਿਚ ਵੱਖ-ਵੱਖ ਸਬ-ਡਵੀਜ਼ਨਾਂ ਅੰਦਰ ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ ਵਿਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਨਿਰਧਾਰਤ ਸਮੇਂ ਸਿਰ ਇਹ ਪ੍ਰਕਿਰਿਆ ਮੁਕੰਮਲ ਕੀਤੀ ਜਾ ਸਕੇ।

# ਸਰਕਾਰ ਸਿੱਧੀ ਗੱਲਬਾਤ ਅਤੇ ਮੌਕੇ 'ਤੇ ਹੀ ਹੱਲ ਰਾਹੀਂ ਪਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਵਚਨਬੱਧ



**ਚੰਡੀਗੜ੍ਹ, 22 ਸਤੰਬਰ**
**-ਜੀ. ਐਸ. ਤੁੰਗ-**

ਪਰਵਾਸੀ ਪੰਜਾਬੀਆਂ ਨੂੰ ਦਰਪੇਸ਼ ਮਸਲਿਆਂ ਅਤੇ ਸ਼ਿਕਾਇਤਾਂ ਦਾ ਤੁਰੰਤ ਤੇ ਪ੍ਰਭਾਵਸ਼ਾਲੀ ਨਿਪਟਾਰਾ ਯਕੀਨੀ ਬਣਾਉਣ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖਦਿਆਂ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੱਜ ਅੰਮ੍ਰਿਤਸਰ ਵਿਖੇ 'ਐਨ.ਆਰ.ਆਈ. ਮਿਲਣੀ' ਕਰਵਾਈ ਜਾਵੇਗੀ।

ਇਸ ਸਬੰਧੀ ਵਿਸਥਾਰਤ ਜਾਣਕਾਰੀ ਦਿੰਦਿਆਂ ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਹ ਐਨ.ਆਰ.ਆਈ. ਮਿਲਣੀ ਪਰਵਾਸੀ ਪੰਜਾਬੀਆਂ ਨੂੰ ਸੂਬਾ ਸਰਕਾਰ ਦੇ ਉੱਚ ਸਿਵਲ ਅਤੇ ਪੁਲਿਸ ਅਧਿਕਾਰੀਆਂ ਸਾਹਮਣੇ ਆਪਣੀਆਂ ਸ਼ਿਕਾਇਤਾਂ, ਮਸਲੇ ਅਤੇ ਸੁਝਾਅ ਸਿੱਧੇ ਤੌਰ 'ਤੇ ਰੱਖਣ ਦਾ ਮੌਕਾ ਪ੍ਰਦਾਨ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਪਹਿਲ ਦਾ ਮਕਸਦ ਪਰਵਾਸੀ ਭਾਰਤੀਆਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣਿਆ ਜਾਣਾ ਅਤੇ ਸਬੰਧਤ ਵਿਭਾਗਾਂ ਦੇ ਆਪਸੀ ਤਾਲਮੇਲ ਰਾਹੀਂ ਉਨ੍ਹਾਂ ਦੇ ਸਮੇਂ ਸਿਰ ਨਿਪਟਾਰੇ ਲਈ ਹਰ ਸੰਭਵ ਯਤਨ ਯਕੀਨੀ ਬਣਾਉਣਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਐਨ.ਆਰ.ਆਈ. ਮਿਲਣੀ ਸਵੇਰੇ 11:00 ਵਜੇ ਹੋਟਲ ਲੀ ਮੈਰੀਡੀਅਨ, ਨੇੜੇ ਰਾਜਾਸਾਂਸੀ ਹਵਾਈ ਅੱਡਾ, ਅੰਮ੍ਰਿਤਸਰ ਵਿਖੇ ਕਰਵਾਈ ਜਾਵੇਗੀ। ਇਸ ਸਮਾਗਮ ਵਿੱਚ ਅੰਮ੍ਰਿਤਸਰ, ਪਠਾਨਕੋਟ, ਗੁਰਦਾਸਪੁਰ ਅਤੇ ਤਰਨਤਾਰਨ ਜ਼ਿਲ੍ਹਿਆਂ ਨਾਲ ਸਬੰਧਤ ਪਰਵਾਸੀ ਪੰਜਾਬੀ ਹਿੱਸਾ ਲੈ ਸਕਣਗੇ ਅਤੇ ਸਬੰਧਤ ਅਧਿਕਾਰੀਆਂ ਸਾਹਮਣੇ ਆਪਣੇ ਮੁੱਦੇ ਪੇਸ਼ ਕਰ ਸਕਣਗੇ।

ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਰਵਾਸੀ ਪੰਜਾਬੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਲਈ ਸੂਬੇ ਭਰ ਵਿੱਚ ਲਗਾਤਾਰ ਐਨ.ਆਰ.ਆਈ. ਮਿਲਣੀਆਂ ਕਰਵਾਈਆਂ ਜਾ ਰਹੀਆਂ ਹਨ।

# ਮਹਾਂ-ਸਫਾਈ ਅਭਿਆਨ' ਤਹਿਤ ਮਾਲੇਰਕੋਟਲਾ ਦੀਆਂ ਸੜਕਾਂ ਨੂੰ ਮਿਲੀ ਸਵੱਛਤਾ ਦੀ ਨਵੀਂ ਛੋਹ

**ਮਲੇਰਕੋਟਲਾ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹਿਰੀ ਖੇਤਰਾਂ ਵਿੱਚ ਸਵੱਛਤਾ ਨੂੰ ਜਨ-ਅੰਦੋਲਨ ਦਾ ਰੂਪ ਦੇਣ ਲਈ ਚਲਾਏ ਜਾ ਰਹੇ 'ਮਹਾਂ-ਸਫਾਈ ਅਭਿਆਨ' ਅਤੇ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਕਾਰਜ ਸਾਧਕ ਅਫ਼ਸਰ ਚੰਦਰ ਪ੍ਰਕਾਸ਼ ਵਧਵਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਸ਼ਹਿਰ ਦੇ ਅਹਿਮ ਮਾਰਗ 'ਤੇ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ।



ਇਸ ਮੁਹਿੰਮ ਦੌਰਾਨ ਗੁਰਦੁਆਰਾ ਹਾਅ-ਦਾ-ਨਾਹਰਾ ਤੋਂ ਕੋਰਟ ਕੰਪਲੈਕਸ ਰੋਡ ਅਤੇ ਰੈਸਟ ਹਾਊਸ ਤੱਕ ਸੜਕਾਂ ਦੇ ਕਿਨਾਰਿਆਂ, ਜਨਤਕ ਥਾਵਾਂ ਅਤੇ ਆਲੇ-ਦੁਆਲੇ ਦੇ ਖੇਤਰ ਦੀ ਸਫਾਈ ਕਰਦਿਆਂ ਇਕੱਠੀ ਹੋਈ ਰਹਿੰਦ-ਖੂੰਹਦ ਨੂੰ ਹਟਾਇਆ ਗਿਆ। ਇਸ ਉਪਰਾਲੇ ਦਾ ਮਕਸਦ ਸਿਰਫ਼ ਸਫਾਈ ਕਰਨਾ ਹੀ ਨਹੀਂ, ਸਗੋਂ ਸ਼ਹਿਰ ਵਾਸੀਆਂ ਵਿੱਚ 'ਸਾਫ਼ ਥਾਂ—ਸਾਂਝੀ ਜ਼ਿੰਮੇਵਾਰੀ' ਦੀ ਸੋਚ ਨੂੰ ਮਜ਼ਬੂਤ ਕਰਨਾ ਵੀ ਹੈ।

ਇਸ ਮੁਹਿੰਮ ਦੌਰਾਨ ਇਲਾਕਾ ਨਿਵਾਸੀਆਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਨੂੰ ਸਾਲਿਡ ਵੇਸਟ ਮੈਨੇਜਮੈਂਟ ਰੂਲਜ਼-2026 ਬਾਰੇ ਜਾਣਕਾਰੀ ਦਿੱਤੀ ਗਈ ਅਤੇ ਘਰਾਂ ਤੇ ਵਪਾਰਕ ਅਦਾਰਿਆਂ ਵਿੱਚ ਚਾਰ ਪ੍ਰਕਾਰ ਦੇ ਡਸਟਬਿਨ ਰੱਖਣ ਅਤੇ ਕੂੜੇ ਦੀ ਸਰੋਤ ਪੱਧਰ 'ਤੇ ਹੀ ਸਹੀ ਛਾਂਟੀ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਤੋਂ ਇਲਾਵਾ ਨਗਰ ਕੌਂਸਲ ਵੱਲੋਂ ਸ਼ਹਿਰ ਵਿੱਚ ਡੋਰ-ਟੂ-ਡੋਰ ਕੂੜਾ ਇਕੱਠਾ ਕਰਨ ਦੌਰਾਨ ਵੱਖ-ਵੱਖ ਕੀਤਾ ਗਿਆ ਪਲਾਸਟਿਕ ਇਕੱਠਾ ਕਰਕੇ ਉਸ ਦੀਆਂ ਬੇਲਾਂ ਤਿਆਰ ਕੀਤੀਆਂ ਗਈਆਂ, ਇਸ ਤਹਿਤ ਕਰੀਬ 66 ਕੁਇੰਟਲ ਪਲਾਸਟਿਕ ਦੀਆਂ ਬੇਲਾਂ ਦੀ ਵਿਕਰੀ ਕੀਤੀ ਗਈ।

ਇਸ ਸਬੰਧੀ ਸੈਨੀਟੇਰੀ ਇੰਸਪੈਕਟਰ ਪਰਮਜੀਤ ਸਿੰਘ ਨੇ ਦੱਸਿਆ ਕਿ ਇਹ ਪਲਾਸਟਿਕ ਦੀਆਂ ਬੇਲਾਂ ਸਫਾਈ ਸੇਵਕਾਂ ਵੱਲੋਂ ਘਰ-ਘਰ ਤੋਂ ਕੂੜਾ ਇਕੱਠਾ ਕਰਨ ਸਮੇਂ ਵੱਖ-ਵੱਖ ਕਿਸਮ ਦੇ ਪਲਾਸਟਿਕ ਨੂੰ ਅਲੱਗ ਕਰਕੇ ਤਿਆਰ ਕੀਤੀਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਪਲਾਸਟਿਕ ਨੂੰ ਇਕੱਠਾ ਕਰਕੇ ਬੇਲਾਂ ਦੇ ਰੂਪ ਵਿੱਚ ਤਿਆਰ ਕਰਨ ਨਾਲ ਇਸ ਨੂੰ ਮੁੜ ਵਰਤੋਂ ਲਈ ਭੇਜਣ ਵਿੱਚ ਸਹਾਇਤਾ ਮਿਲਦੀ ਹੈ। ਇਸ ਦੇ ਨਾਲ ਹੀ ਪਲਾਸਟਿਕ ਦੇ ਡੰਪ ਸਾਈਟ 'ਤੇ ਇਕੱਠਾ ਹੋਣ ਕਾਰਨ ਪੈਦਾ ਹੋਣ ਵਾਲੇ ਵਾਤਾਵਰਨ ਪ੍ਰਦੂਸ਼ਣ ਅਤੇ ਸੀਵਰੇਜ ਲਾਈਨਾਂ ਦੇ ਬਲਾਕ ਹੋਣ ਦੀ ਸਮੱਸਿਆ ਨੂੰ ਵੀ ਘਟਾਇਆ ਜਾ ਸਕਦਾ ਹੈ।

ਨਗਰ ਕੌਂਸਲ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸਫਾਈ ਨੂੰ ਸਿਰਫ਼ ਇੱਕ ਦਿਨ ਦੀ ਗਤੀਵਿਧੀ ਤੱਕ ਸੀਮਤ ਨਾ ਰੱਖਦਿਆਂ ਇਸ ਨੂੰ ਰੋਜ਼ਾਨਾ ਦੀ ਨਾਗਰਿਕ ਆਦਤ ਬਣਾਇਆ ਜਾਵੇ। ਜਨਤਕ ਥਾਵਾਂ 'ਤੇ ਕੂੜਾ ਨਾ ਸੁੱਟਣ, ਨਿਰਧਾਰਤ ਥਾਵਾਂ ਦੀ ਵਰਤੋਂ ਕਰਨ ਅਤੇ ਸਫਾਈ ਕਰਮਚਾਰੀਆਂ ਨਾਲ ਸਹਿਯੋਗ ਕਰਨ ਨਾਲ ਮਾਲੇਰਕੋਟਲਾ ਨੂੰ ਹੋਰ ਸੁਚੱਜਾ ਅਤੇ ਸਵੱਛ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ ਜਾ ਸਕਦਾ ਹੈ।

# ਹਰਪਾਲ ਸਿੰਘ ਚੀਮਾ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਵਿਸਤ੍ਰਿਤ ਮੀਟਿੰਗਾਂ, ਮਿਡ-ਡੇ-ਮੀਲ ਅਤੇ ਮਾਣ-ਭੱਤਾ ਵਰਕਰਾਂ ਨੂੰ ਦਿੱਤਾ ਭਰੋਸਾ

**ਚੰਡੀਗੜ੍ਹ 22 ਸਤੰਬਰ**
**-ਛਤਰਪਾਲ ਸਿੰਘ-**

ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਮਿਡ-ਡੇ-ਮੀਲ ਸਕੀਮ ਅਧੀਨ ਕੰਮ ਕਰਦੇ ਮੁਲਾਜ਼ਮਾਂ ਦੀਆਂ ਵੱਖ-ਵੱਖ ਯੂਨੀਅਨਾਂ ਅਤੇ ਮਾਣ-ਭੱਤਾ ਵਰਕਰਾਂ ਦੇ ਸਾਂਝੇ ਮੋਰਚੇ ਨਾਲ ਵਿਸਤ੍ਰਿਤ ਮੀਟਿੰਗਾਂ ਕੀਤੀਆਂ।



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਰਕਰਾਂ ਦੀਆਂ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਮੰਗਾਂ ਅਤੇ ਮਸਲਿਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ, ਮੈਂ ਸਬੰਧਤ ਵਿਭਾਗਾਂ ਨੂੰ ਵਿਭਾਗੀ ਪੱਧਰ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਰੁਜ਼ਗਾਰ ਦੇ ਮਾਮਲਿਆਂ ਨਾਲ ਸਬੰਧਤ ਸਾਰੀਆਂ ਜਾਇਜ਼ ਤਜਵੀਜ਼ਾਂ ਪਰਸੋਨਲ ਵਿਭਾਗ ਨੂੰ ਭੇਜੀਆਂ ਜਾਣ, ਜਦੋਂ ਕਿ ਵਿੱਤੀ ਪਹਿਲੂਆਂ ਵਾਲੇ ਮਾਮਲੇ ਵਿੱਤ ਵਿਭਾਗ ਨੂੰ ਭੇਜੇ ਜਾਣ ਦੇ ਨਿਰਦੇਸ਼ ਦਿੱਤੇ। ਮੀਟਿੰਗਾਂ ਦੌਰਾਨ ਵਿੱਤ ਮੰਤਰੀ ਨੇ ਯੂਨੀਅਨ ਲੀਡਰਸ਼ਿਪ ਨੂੰ ਭਰੋਸਾ ਦਿਵਾਇਆ, ਭਗਵੰਤ ਸਿੰਘ ਮਾਨ ਸਰਕਾਰ ਵਰਕਰਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਅਤੇ ਇਸ ਸਬੰਧੀ ਲੋੜੀਂਦੀ ਕਾਗਜ਼ੀ ਪ੍ਰਕਿਰਿਆ ਪਹਿਲਾਂ ਹੀ ਜਾਰੀ ਹੈ।

ਕਾਮਿਆਂ ਲਈ ਤੁਰੰਤ ਰਾਹਤ ਯਕੀਨੀ ਬਣਾਉਣ ਵਾਸਤੇ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ, ਜ਼ਿਲ੍ਹਾ ਪੱਧਰੀ ਅਧਿਕਾਰੀ ਮਿਡ-ਡੇ-ਮੀਲ ਵਰਕਰਾਂ ਨੂੰ ਜ਼ਮੀਨੀ ਪੱਧਰ 'ਤੇ ਆ ਰਹੀਆਂ ਵਿਵਹਾਰਕ ਮੁਸ਼ਕਲਾਂ ਦੀ ਸਰਗਰਮੀ ਨਾਲ ਨਿਗਰਾਨੀ ਕਰਨ ਅਤੇ ਉਨ੍ਹਾਂ ਦਾ ਤੁਰੰਤ ਹੱਲ ਕੱਢਣ।

ਮੀਟਿੰਗ ਦੀ ਕਾਰਵਾਈ ਦੌਰਾਨ ਵੱਖ-ਵੱਖ ਨੁਮਾਇੰਦਿਆਂ ਨੇ ਕਮੇਟੀ ਅੱਗੇ ਆਪੋ-ਆਪਣੀਆਂ ਮੰਗਾਂ ਅਤੇ ਸ਼ਿਕਾਇਤਾਂ ਰੱਖੀਆਂ। ਵਫ਼ਦਾਂ ਵਿੱਚ ਮਿਡ-ਡੇ-ਮੀਲ ਕੁੱਕ ਯੂਨੀਅਨ (ਬੀ.ਐਮ.ਐਸ.) ਵੱਲੋਂ ਕਰਮ ਚੰਦ ਚਿੰਡਾਲੀਆ, ਕਮਲਜੀਤ ਕੌਰ, ਪਰਮਜੀਤ ਕੌਰ ਅਤੇ ਮੁਮਤਾਜ਼ ਘੁੰਗਰਾਣਾ, ਇਸੇ ਤਰ੍ਹਾਂ ਲਾਲ ਝੰਡਾ ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ ਜਸਮੇਲ ਕੌਰ ਬੀੜਕਲਾਂ, ਕੁਲਵਿੰਦਰ ਕੌਰ ਆਦਮਪੁਰ, ਦੇਵਰਾਜ ਵਰਮਾ, ਮੱਖਣ ਸਿੰਘ ਜਖੇਪਲ ਅਤੇ ਹਰਪਾਲ ਕੌਰ ਸ਼ਾਮਲ ਸਨ। ਡੈਮੋਕ੍ਰੇਟਿਕ ਮਿਡ-ਡੇ-ਮੀਲ ਕੁੱਕ ਫਰੰਟ ਦੀ ਨੁਮਾਇੰਦਗੀ ਹਰਜਿੰਦਰ ਕੌਰ ਲੋਪੇ, ਜੰਗਬਹਾਦਰ ਕੌਰ ਅਤੇ ਸਿਮਰਜੀਤ ਕੌਰ ਨੇ ਕੀਤੀ। ਇਸ ਤੋਂ ਇਲਾਵਾ ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ ਬਿਮਲਾ ਦੇਵੀ, ਪ੍ਰਵੀਨ ਬਾਲਾ, ਕਮਲੇਸ਼ ਕੌਰ ਅਤੇ ਕਮਲਜੀਤ ਕੌਰ ਹਾਜ਼ਰ ਸਨ। ਮਿਡ-ਡੇ-ਮੀਲ ਦਫ਼ਤਰੀ ਕਰਮਚਾਰੀ ਯੂਨੀਅਨ ਵੱਲੋਂ ਦੀਪਕ ਨਾਗਪਾਲ, ਪ੍ਰਵੀਨ ਸ਼ਰਮਾ, ਵਿਜੇ ਕੁਮਾਰ ਅਤੇ ਦਵਿੰਦਰ ਸਿੰਘ ਤੇਜਾ ਨੇ ਆਪਣੇ ਮਸਲੇ ਰੱਖੇ, ਜਿਨ੍ਹਾਂ ਦੇ ਨਾਲ ਮਾਣ-ਭੱਤਾ ਵਰਕਰਜ਼ ਸਾਂਝਾ ਮੋਰਚਾ ਵੱਲੋਂ ਪਰਮਜੀਤ ਕੌਰ, ਲਖਵਿੰਦਰ ਕੌਰ, ਮਮਤਾ ਸ਼ਰਮਾ, ਸਰਬਜੀਤ ਕੌਰ, ਸ਼ਕੁੰਤਲਾ ਅਤੇ ਰਮਨਜੀਤ ਨੇ ਵੀ ਸ਼ਿਰਕਤ ਕੀਤੀ

# ਗੁਰਮੀਤ ਸਿੰਘ ਖੁੱਡੀਆਂ ਨੇ ਗੁਰਦਾਸਪੁਰ ਦੇ ਖੇਤਾਂ ਵਿੱਚ ਪਰਾਲੀ ਦੀਆਂ ਗੱਠਾਂ ਬਣਾ ਕੇ ਪੰਜਾਬ ਦੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਕੀਤੀ ਅਪੀਲ



**ਚੰਡੀਗੜ੍ਹ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਰਾਲੀ ਸਾੜਨ ਵਿਰੁੱਧ ਲੜਾਈ ਵਿੱਚ ਮੋਹਰੀ ਭੂਮਿਕਾ ਨਿਭਾਉਂਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਗੁਰਦਾਸਪੁਰ ਜ਼ਿਲ੍ਹੇ ਦੇ ਬਟਾਲਾ ਵਿੱਚ ਪੈਂਦੇ ਪਿੰਡ ਪੁਰੀਆਂ ਖੁਰਦ ਵਿਖੇ ਇੱਕ ਕਿਸਾਨ ਦੇ ਖੇਤ ਵਿੱਚ ਬੇਲਰ ਟਰੈਕਟਰ ਨਾਲ ਝੋਨੇ ਦੀ ਪਰਾਲੀ ਦੀਆਂ ਗੰਢਾਂ (ਬੇਲਜ਼) ਬਣਾਈਆਂ। ਇਸ ਨਾਲ ਉਨ੍ਹਾਂ ਨੇ ਇਹ ਸਪੱਸ਼ਟ ਸੰਦੇਸ਼ ਦਿੱਤਾ ਕਿ 'ਪਰਾਲੀ ਇੱਕ ਸਾਧਨ ਹੈ, ਕੂੜਾ-ਕਰਕਟ ਨਹੀਂ।'

ਇਸ ਨਿਵੇਕਲੀ ਪੇਸ਼ਕਦਮੀ ਨਾਲ ਸੂਬੇ ਵਿੱਚ ਝੋਨੇ ਦੀ ਕਟਾਈ ਅਤੇ ਪਰਾਲੀ ਪ੍ਰਬੰਧਨ ਦੀ ਰਸਮੀ ਸ਼ੁਰੂਆਤ ਹੋ ਗਈ ਹੈ। ਖੇਤੀਬਾੜੀ ਮੰਤਰੀ ਨੇ ਇਹ ਸੰਦੇਸ਼ ਦਿੱਤਾ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਵਿਗਿਆਨਕ ਤਰੀਕੇ ਨਾਲ ਸੰਭਾਲਿਆ ਜਾ ਸਕਦਾ ਹੈ ਅਤੇ ਇਸਨੂੰ ਇੱਕ ਕੀਮਤੀ ਸਾਧਨ ਵਜੋਂ ਵਰਤਿਆ ਜਾਣਾ ਸਮੇਂ ਦੀ ਪੁਰਜ਼ੋਰ ਮੰਗ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮਸ਼ੀਨਰੀ ਰਾਹੀਂ ਪਰਾਲੀ ਪ੍ਰਬੰਧਨ ਨੂੰ ਦਿੱਤੇ ਜਾ ਰਹੇ ਹੁਲਾਰੇ ਦਾ ਜ਼ਿਕਰ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਲਈ ਕਿਸਾਨਾਂ ਨੂੰ 50 ਫ਼ੀਸਦੀ ਅਤੇ ਕਸਟਮ ਹਾਇਰਿੰਗ ਸੈਂਟਰਾਂ, ਐਫ.ਪੀ.ਓਜ਼ , ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਨੂੰ 80 ਫ਼ੀਸਦੀ ਸਬਸਿਡੀ ਦਿੱਤੀ ਜਾ ਰਹੀ ਹੈ।

# ਮੁੱਖ ਸਕੱਤਰ ਐੱਚ. ਰਾਜੇਸ਼ ਪ੍ਰਸਾਦ ਨੇ ਜਲ ਅਤੇ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਚੈੱਕ ਗਣਰਾਜ ਜਾਣ ਵਾਲੇ ਭਾਰਤੀ ਵਫ਼ਦ ਦੀ ਅਗਵਾਈ ਕੀਤੀ



**ਪ੍ਰਾਗ, ਚੈੱਕ ਗਣਰਾਜ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ, ਸ਼੍ਰੀ ਐੱਚ. ਰਾਜੇਸ਼ ਪ੍ਰਸਾਦ, ਆਈਏਐੱਸ, ਜਲ ਪ੍ਰਬੰਧਨ, ਰਹਿੰਦ-ਖੂੰਹਦ ਪ੍ਰਬੰਧਨ ਅਤੇ ਸਰਕੂਲਰ ਇਕੌਨਮੀ 'ਤੇ ਕੇਂਦ੍ਰਿਤ ਪੰਜ ਦਿਨਾਂ ਦੇ ਮਿਸ਼ਨ ਲਈ ਚੈੱਕ ਗਣਰਾਜ ਗਏ ਉੱਚ-ਪੱਧਰੀ ਭਾਰਤੀ ਵਫ਼ਦ ਦੀ ਅਗਵਾਈ ਕਰ ਰਹੇ ਹਨ।

25 ਸਤੰਬਰ ਤੱਕ ਆਯੋਜਿਤ ਇਸ ਮਿਸ਼ਨ ਦਾ ਉਦੇਸ਼ ਟਿਕਾਊ ਜਲ ਪ੍ਰਬੰਧਨ, ਵੇਸਟਵਾਟਰ ਟ੍ਰੀਟਮੈਂਟ, ਰੀਸਾਇਕਲਿੰਗ, ਸੰਸਾਧਨਾਂ ਦਾ ਕੁਸ਼ਲ ਉਪਯੋਗ ਅਤੇ ਵਾਤਾਵਰਣ ਅਨੁਕੂਲ ਤਕਨੀਕਾਂ ਦੇ ਖੇਤਰ ਵਿੱਚ ਭਾਰਤ ਅਤੇ ਚੈੱਕ ਗਣਰਾਜ ਦੇ ਦਰਮਿਆਨ ਸਹਿਯੋਗ ਨੂੰ ਮਜ਼ਬੂਤ ਕਰਨਾ ਹੈ।

ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਨੇ ਵਿਸ਼ੇਸ਼ ਤੌਰ 'ਤੇ ਭਾਰਤੀ ਸੰਦਰਭ ਵਿੱਚ 'ਵਾਟਰ ਇਕੌਨਮੀ' ਨੂੰ ਵਿਕਸਿਤ ਅਤੇ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਬਲ ਦਿੱਤਾ।

ਉਨ੍ਹਾਂ ਨੇ ਕਿਹਾ ਕਿ ਜਲ ਨੂੰ ਇੱਕ ਮਹੱਤਵਪੂਰਨ ਸੰਸਾਧਨ ਦੇ ਰੂਪ ਵਿੱਚ ਦੇਖਿਆ ਜਾਣਾ ਚਾਹੀਦਾ ਹੈ। ਇਸ ਦੀ ਸੰਭਾਲ਼, ਕੁਸ਼ਲ ਉਪਯੋਗ, ਵੇਸਟਵਾਟਰ ਟ੍ਰੀਟਮੈਂਟ, ਦੁਬਾਰਾ ਉਪਯੋਗ, ਰੀਸਾਇਕਲਿੰਗ ਅਤੇ ਟਿਕਾਊ ਪ੍ਰਬੰਧਨ 'ਤੇ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ ਹੈ।

ਮੁੱਖ ਸਕੱਤਰ ਨੇ ਕਿਹਾ ਕਿ ਜਲ ਅਤੇ ਵਾਤਾਵਰਣ ਸਬੰਧੀ ਉੱਭਰਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਸਰਕਾਰੀ ਨੀਤੀਆਂ, ਤਕਨੀਕ, ਅਕਾਦਮਿਕ ਖੋਜ ਅਤੇ ਉਦਯੋਗਾਂ ਦੇ ਜ਼ਰੀਏ ਵਿਵਹਾਰਿਕ ਲਾਗੂਕਰਨ ਨੂੰ ਆਪਸ ਵਿੱਚ ਜੋੜਨਾ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਅੰਤਰਰਾਸ਼ਟਰੀ ਸਹਿਯੋਗ ਨਾਲ ਅਜਿਹੇ ਨਵੇਂ ਸਮਾਧਾਨ ਤਲਾਸ਼ਣ ਵਿੱਚ ਮਦਦ ਮਿਲ ਸਕਦੀ ਹੈ, ਜਿਨ੍ਹਾਂ ਨੂੰ ਭਾਰਤ ਦੀਆਂ ਸ਼ਹਿਰੀ, ਉਦਯੋਗਿਕ ਅਤੇ ਖੇਤੀਬਾੜੀ ਸਬੰਧੀ ਜ਼ਰੂਰਤਾਂ ਦੇ ਅਨੁਸਾਰ ਬੜੇ ਪੱਧਰ 'ਤੇ ਅਪਣਾਇਆ ਜਾ ਸਕੇ।

ਵਫ਼ਦ ਦਾ ਸੁਆਗਤ ਕਰਦੇ ਹੋਏ ਚੈੱਕ ਗਣਰਾਜ ਦੇ ਵਾਤਾਵਰਣ ਉਪ-ਮੰਤਰੀ ਸ਼੍ਰੀ ਇਵੋ ਮਾਰਸਿਨ ਨੇ ਸਾਂਝੀਆਂ ਵਾਤਾਵਰਣਕ ਚੁਣੌਤੀਆਂ ਨਾਲ ਨਜਿੱਠਣ ਵਿੱਚ ਅੰਤਰਰਾਸ਼ਟਰੀ ਸਹਿਯੋਗ ਦੇ ਮਹੱਤਵ 'ਤੇ ਪ੍ਰਕਾਸ਼ ਪਾਇਆ। ਉਨ੍ਹਾਂ ਨੇ ਕਿਹਾ ਕਿ ਰਹਿੰਦ-ਖੂੰਹਦ ਨੂੰ ਕੇਵਲ ਨਿਪਟਾਰੇ ਦੀ ਵਸਤੂ ਮੰਨਣ ਦੀ ਬਜਾਏ ਉਸ ਦੇ ਦੁਬਾਰਾ ਉਪਯੋਗ, ਰੀਸਾਇਕਲਿੰਗ, ਪੁਨਰਪ੍ਰਾਪਤੀ ਅਤੇ ਸੰਸਾਧਨਾਂ ਦੇ ਕੁਸ਼ਲ ਇਸਤੇਮਾਲ 'ਤੇ ਧਿਆਨ ਦੇਣਾ ਜ਼ਰੂਰੀ ਹੈ।

ਇਸ ਵਫ਼ਦ ਵਿੱਚ ਲੋਕ ਪ੍ਰਸ਼ਾਸਨ, ਨੀਤੀ ਨਿਰਮਾਣ, ਸਿੱਖਿਆ, ਖੋਜ ਸੰਸਥਾਵਾਂ ਅਤੇ ਪ੍ਰਮੁੱਖ ਕੰਪਨੀਆਂ ਦੇ ਪ੍ਰਤੀਨਿਧੀ ਸ਼ਾਮਲ ਹਨ। ਆਈਆਈਟੀ ਰੋਪੜ ਅਤੇ ਚਿਤਕਾਰਾ ਯੂਨੀਵਰਸਿਟੀ ਦੇ ਪ੍ਰੋਫੈਸਰ ਅਤੇ ਸਿੱਖਿਆ ਸ਼ਾਸਤਰੀ ਵੀ ਮਿਸ਼ਨ ਵਿੱਚ ਹਿੱਸਾ ਲੈ ਰਹੇ ਹਨ, ਜਿਸ ਨਾਲ ਇਸ ਨੂੰ ਰਿਸਰਚ ਅਤੇ ਇਨੋਵੇਸ਼ਨ ਦੇ ਖੇਤਰ ਵਿੱਚ ਮਜ਼ਬੂਤੀ ਮਿਲੀ ਹੈ।

ਇਹ ਪਹਿਲ ਚੈੱਕ ਗਣਰਾਜ ਦੇ ਮਾਣਯੋਗ ਵਣਜ ਦੂਤ ਮੇਜਰ ਗੁਨੀਤ ਚੌਧਰੀ ਦੁਆਰਾ ਕੀਤੀ ਗਈ ਹੈ। ਇਹ ਮਿਸ਼ਨ ਭਾਰਤ ਵਿੱਚ ਚੈੱਕ ਗਣਰਾਜ ਦੇ ਦੂਤਾਵਾਸ ਅਤੇ ਚੈੱਕ ਗਣਰਾਜ ਦੇ ਵਾਤਾਵਰਣ ਮੰਤਰਾਲੇ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

ਇਹ ਵਫ਼ਦ ਪ੍ਰਾਗ, ਜ਼ਲੀਨ ਅਤੇ ਓਸਟ੍ਰਾਵਾ ਦਾ ਦੌਰਾ ਕਰੇਗਾ ਅਤੇ ਚੈੱਕ ਸਰਕਾਰੀ ਅਧਿਕਾਰੀਆਂ, ਕੰਪਨੀਆਂ, ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਨਾਲ ਵਿਚਾਰ-ਵਟਾਂਦਰਾ ਕਰੇਗਾ। ਵਿਚਾਰ-ਵਟਾਂਦਰੇ ਤਕਨੀਕੀ ਸਹਿਯੋਗ, ਸੰਯੁਕਤ ਖੋਜ, ਪਾਇਲਟ ਪ੍ਰੋਜੈਕਟਾਂ, ਸੰਸਥਾਗਤ ਭਾਈਵਾਲੀ, ਨਿਵੇਸ਼ ਅਤੇ ਵਪਾਰਕ ਸਹਿਯੋਗ 'ਤੇ ਕੇਂਦ੍ਰਿਤ ਹੋਣਗੇ।

ਇਸ ਮਿਸ਼ਨ ਤੋਂ ਭਾਰਤ ਅਤੇ ਚੈੱਕ ਗਣਰਾਜ ਦੇ ਹਿੱਸੇਦਾਰਾਂ ਵਿਚਕਾਰ ਪਾਣੀ ਪ੍ਰਬੰਧਨ, ਰਹਿੰਦ-ਖੂੰਹਦ ਪ੍ਰਬੰਧਨ ਅਤੇ ਸਰਕੂਲਰ ਅਰਥਵਿਵਸਥਾ ਦੇ ਖੇਤਰਾਂ ਵਿੱਚ ਵਿਵਹਾਰਕ ਅਤੇ ਆਪਸੀ ਲਾਭਦਾਇਕ ਭਾਈਵਾਲੀ ਨੂੰ ਉਤਸ਼ਾਹਿਤ ਕਰਨ ਦੀ ਉਮੀਦ ਹੈ।

# ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਪਿੰਡ ਪੁਰੀਆਂ ਖੁਰਦ ਪਹੁੰਚੇ, ਖੁਦ ਬੇਲਰ ਚਲਾ ਕੇ ਪਰਾਲੀ ਦੀਆਂ ਗੱਠਾਂ ਬਣਾਈਆਂ



**ਬਟਾਲਾ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੱਜ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਰਾਲੀ ਪ੍ਰਬੰਧਨ ਨੂੰ ਮੁੱਖ ਰੱਖਦਿਆਂ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਹੇਠ ਪਰਾਲੀ ਪ੍ਰਬੰਧਨ ਦਾ ਕੰਮ ਗੱਠਾਂ ਬਣਵਾ ਕੇ ਸ਼ੁਰੂ ਕੀਤਾ ਗਿਆ ਅਤੇ ਉਹਨਾਂ ਦੇ ਨਾਲ ਡਾ. ਸ਼ਾਹਬਾਜ਼ ਸਿੰਘ ਚੀਮਾ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ,ਇੰਜੀਨੀਅਰ ਦੀਪਕ ਕੁਮਾਰ ਟੈਕਨੀਸ਼ੀਅਨ ਗੋਬਿੰਦ ਪਾਲ ਸਿੰਘ ਵੀ ਮੌਜੂਦ ਸਨ।

ਬਲਾਕ ਬਟਾਲਾ ਦੇ ਪਿੰਡ ਪੁਰੀਆਂ ਖੁਰਦ ਵਿਖੇ ਕਿਸਾਨ ਸ. ਕੁੰਨਨ ਸਿੰਘ ਜੀ ਦੇ ਖੇਤ ਵਿੱਚ ਬੇਲਰ ਮਸ਼ੀਨ ਰਾਹੀਂ ਝੋਨੇ ਦੀ ਪਰਾਲੀ ਦੀਆਂ ਗੱਠਾਂ ਬਣਾਉਣ ਦੀ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਖੇਤੀਬਾੜੀ ਮੰਤਰੀ ਵੱਲੋਂ ਖੁਦ ਬੇਲਰ ਚਲਾ ਕੇ ਪਰਾਲੀ ਦੀਆਂ ਗੱਠਾਂ ਬਣਾਈਆਂ ਗਈਆਂ ਅਤੇ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਜਾਗਰੂਕ ਕੀਤਾ ਗਿਆ।

ਇਸ ਮੌਕੇ ਕਿਸਾਨਾਂ ਨੂੰ ਸੰਦੇਸ਼ ਦਿੱਤਾ ਗਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ। ਪਰਾਲੀ ਦੇ ਪ੍ਰਬੰਧਨ ਲਈ ਬੇਲਰ, ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਡ੍ਰਿੱਲ ਆਦਿ ਆਧੁਨਿਕ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ। ਇਨ੍ਹਾਂ ਮਸ਼ੀਨਾਂ ਦੀ ਮਦਦ ਨਾਲ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਉਪਰੰਤ ਕਣਕ ਦੀ ਬਿਜਾਈ ਸਮੇਂ ਸਿਰ ਅਤੇ ਵਾਤਾਵਰਣ ਪੱਖੀ ਢੰਗ ਨਾਲ ਕੀਤੀ ਜਾ ਸਕਦੀ ਹੈ।

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਨੂੰ ਖੇਤ ਵਿੱਚ ਹੀ ਸੰਭਾਲਿਆ ਜਾਵੇ ਜਾਂ ਬੇਲਰਾਂ ਰਾਹੀਂ ਗੱਠਾਂ ਬਣਵਾ ਕੇ ਇਸ ਦਾ ਯੋਗ ਪ੍ਰਬੰਧਨ ਕੀਤਾ ਜਾਵੇ।

ਇਸ ਨਾਲ ਜਿੱਥੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ, ਉੱਥੇ ਮਿੱਟੀ ਦੀ ਸਿਹਤ ਨੂੰ ਵੀ ਬਰਕਰਾਰ ਰੱਖਿਆ ਜਾ ਸਕਦਾ ਹੈ।

ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਪਰਾਲੀ ਪ੍ਰਬੰਧਨ ਲਈ ਉਪਲਬਧ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਕਰਦੇ ਹੋਏ ਪਰਾਲੀ ਨੂੰ ਅੱਗ ਨਹੀਂ, ਖੇਤ ਨੂੰ ਪੋਸ਼ਣ ਦੇ ਸੰਦੇਸ਼ ਨੂੰ ਅਪਣਾਇਆ ਜਾਵੇ ਅਤੇ ਜ਼ਿਲ੍ਹਾ ਗੁਰਦਾਸਪੁਰ ਨੂੰ ਪਰਾਲੀ ਸਾੜਨ ਤੋਂ ਮੁਕਤ ਬਣਾਉਣ ਲਈ ਸਹਿਯੋਗ ਦਿੱਤਾ ਜਾਵੇ।

# ਜਨਗਣਨਾ 2027 ਲਈ ਪੰਜਾਬ ਤਿਆਰ-ਬਰ-ਤਿਆਰ; ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਦੂਜੇ ਪੜਾਅ ਦੀਆਂ ਤਿਆਰੀਆਂ ਸਬੰਧੀ ਮੁੱਖ ਜਨਗਣਨਾ ਅਧਿਕਾਰੀਆਂ ਦੀ ਸੂਬਾ-ਪੱਧਰੀ ਕਾਨਫਰੰਸ ਦੀ ਕੀਤੀ ਪ੍ਰਧਾਨਗੀ




**ਚੰਡੀਗੜ੍ਹ 22 ਸਤੰਬਰ**
**-ਛਤਰਪਾਲ ਸਿੰਘ-**

ਜਨਗਣਨਾ -2027 ਦੇ ਦੂਜੇ ਪੜਾਅ ਸਬੰਧੀ ਤਿਆਰੀਆਂ ਅਤੇ ਕਾਰਜ ਸਥਿਤੀ ਦਾ ਜਾਇਜ਼ਾ ਲੈਣ ਲਈ ਅੱਜ ਚੰਡੀਗੜ੍ਹ ਵਿਖੇ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਦੀ ਪ੍ਰਧਾਨਗੀ ਹੇਠ ਪ੍ਰਮੁੱਖ ਜਨਗਣਨਾ ਅਧਿਕਾਰੀਆਂ (ਪੀ.ਸੀ.ਓਜ਼) ਲਈ ਇੱਕ-ਰੋਜ਼ਾ ਕਾਨਫਰੰਸ ਕਰਵਾਈ ਗਈ।

ਇਸ ਕਾਨਫਰੰਸ ਵਿੱਚ ਸੂਬਾ ਪੱਧਰੀ ਜਨਗਣਨਾ ਤਾਲਮੇਲ ਕਮੇਟੀ (ਐਸ.ਐਲ.ਸੀ.ਸੀ.ਸੀ.) ਦੇ ਮੈਂਬਰਾਂ, ਡਿਵੀਜ਼ਨਲ ਕਮਿਸ਼ਨਰਾਂ ਅਤੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ, ਜਿਨ੍ਹਾਂ ਵਿੱਚ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਅਤੇ ਨਗਰ ਨਿਗਮਾਂ ਦੇ ਕਮਿਸ਼ਨਰ ਸ਼ਾਮਲ ਸਨ, ਨੇ ਹਿੱਸਾ ਲਿਆ।

ਮੀਟਿੰਗ ਦੇ ਸ਼ੁਰੂ ਵਿੱਚ, ਪੰਜਾਬ ਦੇ ਜਨਗਣਨਾ ਕਾਰਜਾਂ ਦੀ ਡਾਇਰੈਕਟਰ ਡਾ. ਨਵਜੋਤ ਖੋਸਾ ਨੇ ਮੁੱਖ ਸਕੱਤਰ, ਐਸ.ਐਲ.ਸੀ.ਸੀ.ਸੀ. ਦੇ ਮੈਂਬਰਾਂ, ਡਿਵੀਜ਼ਨਲ ਕਮਿਸ਼ਨਰਾਂ ਅਤੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਦਾ ਸਵਾਗਤ ਕੀਤਾ।

ਇਸ ਕਾਨਫਰੰਸ ਵਿੱਚ ਜਨਗਣਨਾ 2027 ਦੇ ਦੂਜੇ ਪੜਾਅ ਦੇ ਮੁੱਖ ਪਹਿਲੂਆਂ ਬਾਰੇ ਵਿਆਪਕ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਆਬਾਦੀ ਦੀ ਗਣਨਾ ਲਈ ਤਿਆਰੀ, ਗਣਨਾ ਬਲਾਕ (ਈ.ਬੀ.) ਦੀ ਅੰਤਿਮ ਰੂਪ-ਰੇਖਾ, ਮਨੁੱਖੀ ਸਰੋਤਾਂ ਦੀ ਯੋਜਨਾਬੰਦੀ, ਸਿਖਲਾਈ ਅਤੇ ਤਾਇਨਾਤੀ, ਪੀ.ਈ. ਪ੍ਰਸ਼ਨਾਵਲੀ, ਡਿਜੀਟਲ ਸਾਧਨ, ਸਵੈ-ਗਿਣਤੀ, ਮੀਡੀਆ ਅਤੇ ਪ੍ਰਚਾਰ, ਖੇਤਰੀ ਪੱਧਰ 'ਤੇ ਤਿਆਰੀ ਅਤੇ ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਸ਼ਾਮਲ ਸਨ।

ਜਨਗਣਨਾ ਨੂੰ ਨਿਰਧਾਰਤ ਸਮੇਂ ਦੇ ਅੰਦਰ ਸੁਚਾਰੂ, ਸਮੇਂ ਸਿਰ ਅਤੇ ਸਹੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਕਾਰਜਸ਼ੀਲ ਅਤੇ ਤਕਨੀਕੀ ਪਹਿਲੂਆਂ 'ਤੇ ਵਿਸਥਾਰਤ ਪੇਸ਼ਕਾਰੀਆਂ ਦਿੱਤੀਆਂ ਗਈਆਂ। ਮੁੱਖ ਸਕੱਤਰ ਨੇ ਜਨਗਣਨਾ ਨੂੰ ਇੱਕ ਕੌਮੀ ਅਭਿਆਸ ਵਜੋਂ ਦਰਸਾਉਂਦਿਆਂ ਕਿਹਾ ਕਿ ਜਨਗਣਨਾ ਦੇਸ਼ ਦੁਆਰਾ ਕੀਤੇ ਗਏ ਸਭ ਤੋਂ ਮਹੱਤਵਪੂਰਨ ਕੌਮੀ ਅਭਿਆਸਾਂ ਵਿੱਚੋਂ ਇੱਕ ਹੈ ਅਤੇ ਸ਼ਾਸਨ, ਯੋਜਨਾਬੰਦੀ, ਨੀਤੀ ਨਿਰਮਾਣ ਅਤੇ ਜਨਤਕ ਸੇਵਾਵਾਂ ਦੀ ਸਪੁਰਦਗੀ ਵਿੱਚ ਵਰਤੀ ਜਾਣ ਵਾਲੀ ਜਨਸੰਖਿਆਕ ਅਤੇ ਸਮਾਜਿਕ-ਆਰਥਿਕ ਜਾਣਕਾਰੀ ਦਾ ਇੱਕ ਅਹਿਮ ਆਧਾਰ ਹੈ।

ਉਨ੍ਹਾਂ ਅੱਗੇ ਕਿਹਾ ਕਿ ਜਨਗਣਨਾ ਦੀ ਸਫ਼ਲਤਾ ਲਈ ਨਾ ਸਿਰਫ਼ ਸੁਚੱਜੀ ਪ੍ਰਸ਼ਾਸਕੀ ਤਿਆਰੀ ਦੀ ਲੋੜ ਹੁੰਦੀ ਹੈ, ਸਗੋਂ ਹਰ ਪੱਧਰ 'ਤੇ ਵਚਨਬੱਧਤਾ, ਤਾਲਮੇਲ ਅਤੇ ਜ਼ਿੰਮੇਵਾਰੀ ਦੀ ਮਜ਼ਬੂਤ ਭਾਵਨਾ ਦੀ ਵੀ ਲੋੜ ਹੁੰਦੀ ਹੈ। ਉਨ੍ਹਾਂ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਇਸ ਅਭਿਆਸ ਨੂੰ ਸਭ ਤੋਂ ਵੱਧ ਤਰਜੀਹ ਦੇਣ ਅਤੇ ਪੂਰੀ ਸਮਰਪਣ ਅਤੇ ਜਵਾਬਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਕਿਹਾ।

ਮੁੱਖ ਸਕੱਤਰ ਨੇ ਅੱਗੇ ਕਿਹਾ ਕਿ ਜਨਗਣਨਾ ਪ੍ਰਕਿਰਿਆ ਦੇ ਹਰ ਪੜਾਅ ਨੂੰ ਧਿਆਨ ਨਾਲ ਯੋਜਨਾਬੱਧ, ਨੇੜਿਓਂ ਨਿਗਰਾਨੀ ਅਤੇ ਨਿਰਧਾਰਤ ਸਮਾਂ-ਸੀਮਾਵਾਂ ਦੇ ਅੰਦਰ ਪੂਰਾ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮਾਂ ਅਤੇ ਸਾਰੇ ਸਬੰਧਤ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤਾਂ ਜੋ ਜਨਗਣਨਾ ਅਭਿਆਸ ਦੀ ਦਰੁਸਤਗੀ, ਗੁਣਵੱਤਾ ਅਤੇ ਭਰੋਸੇਯੋਗਤਾ ਨੂੰ ਬਣਾਈ ਰੱਖਿਆ ਜਾ ਸਕੇ।

ਉਨ੍ਹਾਂ ਨੇ ਪੀ.ਸੀ.ਓਜ਼ ਨੂੰ ਸਮੁੱਚੀ ਫੀਲਡ ਮਸ਼ੀਨਰੀ ਦੀ ਪ੍ਰਭਾਵੀ ਅਗਵਾਈ ਕਰਨ ਦਾ ਸੱਦਾ ਦਿੱਤਾ, ਤਾਂ ਜਨਗਣਨਾ ਦੇ ਸਾਰੇ ਕਰਮਚਾਰੀਆਂ ਨੂੰ ਢੁਕਵੀਂ ਸਿਖਲਾਈ ਦਿੱਤੀ ਜਾਵੇ, ਉਨ੍ਹਾਂ ਨੂੰ ਉਨ੍ਹਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਪੂਰੀ ਤਰ੍ਹਾਂ ਜਾਗਰੂਕ ਕੀਤਾ ਜਾਵੇ ਅਤੇ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫੀਲਡ ਕਾਰਜਾਂ ਨੂੰ ਸ਼ੁਰੂ ਕਰਨਾ ਯਕੀਨੀ ਬਣਾਇਆ ਜਾ ਸਕੇ।

ਦੇਸ਼ ਲਈ 'ਜਨਗਣਨਾ 2027' ਦੀ ਮਹੱਤਤਾ ਨੂੰ ਉਜਾਗਰ ਕਰਦਿਆਂ, ਮੁੱਖ ਸਕੱਤਰ ਨੇ ਕਿਹਾ ਕਿ ਸੂਬੇ ਵਿੱਚ ਇਸ ਪ੍ਰਕਿਰਿਆ ਨੂੰ ਸਫਲਤਾਪੂਰਵਕ ਅਤੇ ਸਹੀ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਪੰਜਾਬ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸਾਰੇ ਪੀ.ਸੀ.ਓਜ਼ ਨੂੰ ਅਪੀਲ ਕੀਤੀ ਕਿ ਉਹ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਜਨਗਣਨਾ ਦੀਆਂ ਤਿਆਰੀਆਂ ਅਤੇ ਅਮਲ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਅਤੇ ਇਹ ਕਾਰਜ ਪੂਰੀ ਲਗਨ, ਸ਼ੁੱਧਤਾ, ਸੰਪੂਰਨਤਾ ਅਤੇ ਜ਼ਿੰਮੇਵਾਰੀ ਦੇ ਉੱਚਤਮ ਮਿਆਰਾਂ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਉਣ।

ਰਾਜ ਨੋਡਲ ਅਧਿਕਾਰੀ ਨੇ ਭਾਗ ਲੈਣ ਵਾਲਿਆਂ ਨੂੰ ਦੂਜੇ ਪੜਾਅ ਲਈ ਪ੍ਰਸ਼ਾਸਨਿਕ ਅਤੇ ਤਾਲਮੇਲ ਢਾਂਚੇ ਬਾਰੇ ਜਾਣਕਾਰੀ ਦਿੱਤੀ ਅਤੇ ਹਰ ਪੜਾਅ 'ਤੇ ਜਨਗਣਨਾ ਦੇ ਦਿਸ਼ਾ-ਨਿਰਦੇਸ਼ਾਂ, ਨਿਰਧਾਰਤ ਪ੍ਰਕਿਰਿਆਵਾਂ ਅਤੇ ਸਮਾਂ-ਸੀਮਾਵਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਪੀ.ਸੀ.ਓਜ਼ ਨੂੰ ਸੰਬੋਧਨ ਕਰਦਿਆਂ ਸਟੇਟ ਨੋਡਲ ਅਫ਼ਸਰ ਨੇ ਕਿਹਾ ਕਿ ਤਿਆਰੀ ਦੇ ਪੜਾਅ ਤੋਂ ਹੀ ਨਿਰੰਤਰ ਨਿਗਰਾਨੀ ਕੀਤੀ ਜਾਣੀ ਚਾਹੀਦੀ ਹੈ, ਜਿਸ ਵਿੱਚ ਗਣਨਾ ਬਲਾਕਾਂ ਅਤੇ ਮਨੁੱਖੀ ਸਰੋਤਾਂ ਨੂੰ ਅੰਤਿਮ ਰੂਪ ਦੇਣਾ, ਸਿਖਲਾਈ, ਫੀਲਡ ਕਰਮਚਾਰੀਆਂ ਦੀ ਤਾਇਨਾਤੀ ਅਤੇ ਫੀਲਡ ਕਾਰਜ ਸ਼ਾਮਲ ਹਨ।

ਪੀ.ਸੀ.ਓਜ਼ ਨੂੰ ਜ਼ਿਲ੍ਹਾ ਅਤੇ ਚਾਰਜ ਪੱਧਰ 'ਤੇ ਪ੍ਰਭਾਵੀ ਸਮੀਖਿਆ ਅਤੇ ਨਿਗਰਾਨੀ ਪ੍ਰਣਾਲੀ ਸਥਾਪਤ ਕਰਨ ਦੀ ਸਲਾਹ ਦਿੱਤੀ ਗਈ, ਜਿਸ ਵਿੱਚ ਨਿਰੰਤਰ ਨਿਗਰਾਨੀ ਅਤੇ ਕਾਰਜਸ਼ੀਲ ਮੁੱਦਿਆਂ ਦੇ ਸਮੇਂ ਸਿਰ ਨਿਪਟਾਰੇ 'ਤੇ ਧਿਆਨ ਦੇਣ ਲਈ ਕਿਹਾ ਗਿਆ। ਅੰਤਰ-ਵਿਭਾਗੀ ਤਾਲਮੇਲ ਅਤੇ ਤਿਆਰੀਆਂ ਦੇ ਨਿਯਮਤ ਮੁਲਾਂਕਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਤਾਂ ਜੋ ਫੀਲਡ ਕਾਰਜ ਸ਼ੁਰੂ ਹੋਣ ਤੋਂ ਪਹਿਲਾਂ ਹੀ ਕਿਸੇ ਵੀ ਕਮੀ ਬਾਰੇ ਜਾਣ ਕੇ ਇਸ ਨੂੰ ਦੂਰ ਕੀਤਾ ਜਾ ਸਕੇ।

ਸਟੇਟ ਨੋਡਲ ਅਫਸਰ ਨੇ ਅੱਗੇ ਕਿਹਾ ਕਿ ਜਨਗਣਨਾ ਮਸ਼ੀਨਰੀ ਦੇ ਹਰ ਪੱਧਰ ਨੂੰ ਆਪਣੀਆਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਬਾਰੇ ਪੂਰੀ ਸਪੱਸ਼ਟਤਾ ਹੋਣੀ ਚਾਹੀਦੀ ਹੈ ਅਤੇ ਸਾਰੀਆਂ ਗਤੀਵਿਧੀਆਂ ਨੂੰ ਪ੍ਰਵਾਨਿਤ ਜਨਗਣਨਾ ਪ੍ਰਕਿਰਿਆਵਾਂ ਪੂਰੀ ਸਖ਼ਤੀ ਅਤੇ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਿਆ ਜਾਣਾ ਚਾਹੀਦਾ ਹੈ।

ਪੀ.ਸੀ.ਓ. ਨੂੰ ਤਾਕੀਦ ਕੀਤੀ ਗਈ ਕਿ ਉਹ ਤਿਆਰੀ ਦੇ ਸ਼ੁਰੂਆਤੀ ਪੜਾਅ ਤੋਂ ਫੀਲਡ ਕਾਰਜਾਂ ਦੇ ਮੁਕੰਮਲ ਹੋਣ ਤੱਕ ਨੇੜਿਓਂ ਨਜ਼ਰਸਾਨੀ ਬਰਕਰਾਰ ਰੱਖਣ ਅਤੇ ਜਿੱਥੇ ਵੀ ਲੋੜ ਹੋਵੇ ਪੂਰੇ ਤਾਲਮੇਲ ਨਾਲ ਸਮੇਂ ਸਿਰ ਸੁਧਾਰਾਤਮਕ ਕਾਰਵਾਈ ਨੂੰ ਯਕੀਨੀ ਬਣਾਉਣ।

ਡਾਇਰੈਕਟਰ ਜਨਗਣਨਾ ਸੰਚਾਲਨ ਵੱਲੋਂ ਪੜਾਅ-2 ਦੀ ਤਿਆਰੀ, ਈ.ਬੀ. ਨੂੰ ਅੰਤਿਮ ਰੂਪ ਦੇਣ, ਐਚ.ਆਰ. ਯੋਜਨਾਬੰਦੀ ਅਤੇ ਸਿਖਲਾਈ ਬਾਰੇ:

ਜਨਗਣਨਾ ਸੰਚਾਲਨ, ਪੰਜਾਬ ਦੇ ਡਾਇਰੈਕਟਰ ਡਾ. ਨਵਜੋਤ ਖੋਸਾ ਨੇ ਭਾਗ ਲੈਣ ਵਾਲਿਆਂ ਨੂੰ ਜਨਗਣਨਾ 2027 ਦੇ ਪੜਾਅ-2 ਲਈ ਸਮਾਂ-ਸਾਰਣੀ ਅਤੇ ਮੁੱਖ ਸੰਚਾਲਨ ਲੋੜਾਂ ਤੋਂ ਜਾਣੂ ਕਰਵਾਇਆ। ਇਸ ਤੋਂ ਇਲਾਵਾ ਵੱਖ-ਵੱਖ ਮਾਪਦੰਡਾਂ 'ਤੇ 40 ਪ੍ਰਸ਼ਨਾਂ ਵਾਲੀ ਪੀ.ਈ. ਪ੍ਰਸ਼ਨਾਵਲੀ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।

ਪੜਾਅ-2 - ਜਨਸੰਖਿਆ ਗਿਣਤੀ ਲਈ ਸਮਾਂ-ਸੀਮਾ -

ਸਵੈ-ਗਣਨਾ : 16 ਨਵੰਬਰ, 2026 ਤੋਂ 30 ਨਵੰਬਰ, 2026

ਪੜਾਅ-2: 1 ਦਸੰਬਰ, 2026 ਤੋਂ 4 ਜਨਵਰੀ, 2027

ਸੋਧ ਲਈ : 5 ਜਨਵਰੀ, 2027 ਤੋਂ 9 ਜਨਵਰੀ, 2027

ਰੈਫ਼ਰੈਂਸ ਮਿਤੀ: 5 ਜਨਵਰੀ, 2027 ਨੂੰ ਦਿਨ ਦੇ 00:00 ਘੰਟੇ (ਅੱਧੀ ਰਾਤ)ਵਜੇ

ਡਾਇਰੈਕਟਰ, ਜਨਗਣਨਾ ਨੇ ਜਨਗਣਨਾ- 2027 ਦੇ ਮੁੱਖ ਤਕਨੀਕੀ ਅਤੇ ਸੰਚਾਲਨ ਪਹਿਲੂਆਂ 'ਤੇ ਇੱਕ ਵਿਸਥਾਰਿਤ ਪੇਸ਼ਕਾਰੀ ਵੀ ਦਿੱਤੀ, ਜਿਸ ਵਿੱਚ ਪੜਾਅ-2 ਦੀ ਸੰਖੇਪ ਜਾਣਕਾਰੀ, ਗਿਣਤੀ ਬਲਾਕ (ਈਬੀ) ਦਾ ਗਠਨ, ਮਨੁੱਖੀ ਸਰੋਤ ਯੋਜਨਾਬੰਦੀ ਅਤੇ ਤਰਕਸੰਗਤੀਕਰਨ, ਸਿਖਲਾਈ ਪ੍ਰਕਿਰਿਆ, ਸਵੈ-ਗਣਨਾ, ਡਿਜੀਟਲ ਸਾਧਨ, ਬਜਟ ਅਤੇ ਮੀਡੀਆ ਤੇ ਪ੍ਰਚਾਰ ਸ਼ਾਮਲ ਸਨ। ਉਨ੍ਹਾਂ ਨੇ ਹਰੇਕ ਕੰਪੋਨੈਂਟ ਲਈ ਤਿਆਰੀ ਸਬੰਧੀ ਲੋੜਾਂ ਅਤੇ ਲਾਗੂ ਕਰਨ ਦੇ ਢਾਂਚੇ ਬਾਰੇ ਵਿਆਪਕ ਦਿਸ਼ਾ-ਨਿਰਦੇਸ਼ ਦਿੱਤੇ, ਜਿਸ ਵਿੱਚ ਤਾਲਮੇਲ ਅਧਾਰਤ ਯੋਜਨਾਬੰਦੀ, ਸਮੇਂ ਸਿਰ ਅਮਲ, ਤਕਨਾਲੋਜੀ ਦੀ ਪ੍ਰਭਾਵਸ਼ਾਲੀ ਵਰਤੋਂ ਅਤੇ ਮਰਦੁਮਸ਼ੁਮਾਰੀ ਨੂੰ ਸਫਲ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਮਜ਼ਬੂਤ ਤਿਆਰੀ 'ਤੇ ਜ਼ੋਰ ਦਿੱਤਾ ਗਿਆ।

ਡਾ. ਨਵਜੋਤ ਖੋਸਾ ਨੇ ਕਿਹਾ ਕਿ ਪ੍ਰਭਾਵੀ ਅਗਵਾਈ, ਨੇੜਲੀ ਨਿਗਰਾਨੀ ਅਤੇ ਬਾਰੀਕੀ ਨਾਲ ਕੀਤੀ ਗਈ ਤਿਆਰੀ ਜਨਗਣਨਾ ਦੇ ਪੜਾਅ ਨੂੰ ਸਫਲਤਾਪੂਰਵਕ ਲਾਗੂ ਕਰਨ ਲਈ ਮੁੱਖ ਆਧਾਰ ਹੋਣਗੇ। ਉਨ੍ਹਾਂ ਨੇ ਜਨਗਣਨਾ ਦੇ ਦਿਸ਼ਾ-ਨਿਰਦੇਸ਼ਾਂ ਨੂੰ ਪ੍ਰਭਾਵਸ਼ਾਲੀ, ਤਾਲਮੇਲ ਭਰਪੂਰ ਅਤੇ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਜ਼ਿਲ੍ਹਾ-ਪੱਧਰੀ ਮੁੱਖ ਅਧਿਕਾਰੀਆਂ ਵਜੋਂ ਪੀਸੀਓਜ਼ ਦੀ ਵਡਮੁੱਲੀ ਭੂਮਿਕਾ ਉਜਾਗਰ ਕੀਤੀ।

ਉਨ੍ਹਾਂ ਨੇ ਸਾਰੀਆਂ ਤਿਆਰੀ-ਸਬੰਧੀ ਗਤੀਵਿਧੀਆਂ, ਖਾਸ ਕਰਕੇ ਗਣਨਾ ਬਲਾਕਾਂ ਨੂੰ ਅੰਤਿਮ ਰੂਪ ਦੇਣ, ਮਨੁੱਖੀ ਸਰੋਤ ਯੋਜਨਾਬੰਦੀ ਅਤੇ ਜਨਗਣਨਾ ਅਮਲੇ ਦੀ ਤਾਇਨਾਤੀ ਸਬੰਧੀ ਅਮਲ ਨੂੰ ਸਮੇਂ ਸਿਰ ਪੂਰਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ ਜ਼ਮੀਨੀ ਪੱਧਰ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਲੋੜੀਂਦੇ ਅਤੇ ਢੁਕਵੀਂ ਸਿਖਲਾਈ ਪ੍ਰਾਪਤ ਕਰਮਚਾਰੀਆਂ ਦੀ ਪਹਿਲਾਂ ਤੋਂ ਉਪਲਬਧਤਾ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ।

ਡਾਇਰੈਕਟਰ ਨੇ ਸਿਖਲਾਈ ਪ੍ਰਕਿਰਿਆ ਦੀ ਮਹੱਤਤਾ ਬਾਰੇ ਦੱਸਿਆ ਜਿਸ ਵਿੱਚ ਫੀਲਡ ਟ੍ਰੇਨਿੰਗ (ਐਫਟੀ) ਨੂੰ ਸਮੇਂ ਸਿਰ ਪੂਰਾ ਕਰਨਾ ਸ਼ਾਮਲ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤਾਇਨਾਤੀ ਤੋਂ ਪਹਿਲਾਂ ਸਾਰੇ ਕਰਮਚਾਰੀ ਚੰਗੀ ਤਰ੍ਹਾਂ ਜਾਣੂ ਹੋਣ ਅਤੇ ਉਨ੍ਹਾਂ ਆਪਣੀਆਂ ਭੂਮਿਕਾਵਾਂ, ਜ਼ਿੰਮੇਵਾਰੀਆਂ, ਪ੍ਰਕਿਰਿਆਵਾਂ ਅਤੇ ਡਿਜੀਟਲ ਸਾਧਨਾਂ ਬਾਰੇ ਸਪੱਸ਼ਟ ਜਾਣਕਾਰੀ ਹੋਵੇ।

ਉਨ੍ਹਾਂ ਨੇ ਹਰ ਪੱਧਰ 'ਤੇ ਮਜ਼ਬੂਤ ਨਿਗਰਾਨੀ ਪ੍ਰਣਾਲੀਆਂ ਅਤੇ ਨਜ਼ਦੀਕੀ ਨਿਗਰਾਨੀ ਦੇ ਪ੍ਰਬੰਧਾਂ ਦੀ ਲੋੜ 'ਤੇ ਜ਼ੋਰ ਦਿੱਤਾ, ਅਤੇ ਨਾਲ ਹੀ ਸੰਚਾਲਨ ਸੰਬੰਧੀ ਮੁੱਦਿਆਂ ਦੀ ਸਮੇਂ ਸਿਰ ਰਿਪੋਰਟਿੰਗ, ਨਿਗਰਾਨੀ ਅਤੇ ਹੱਲ ਲਈ ਡਿਜੀਟਲ ਸਾਧਨਾਂ ਦੀ ਪ੍ਰਭਾਵਸ਼ਾਲੀ ਵਰਤੋਂ ਦੀ ਲੋੜ ਨੂੰ ਵੀ ਉਜਾਗਰ ਕੀਤਾ।

ਇਸ ਦੌਰਾਨ ਔਖੀ ਪਹੁੰਚ ਵਾਲੇ, ਮੁਸ਼ਕਲ ਅਤੇ ਸੰਵੇਦਨਸ਼ੀਲ ਖੇਤਰਾਂ ਨੂੰ ਪੂਰੀ ਤਰ੍ਹਾਂ ਕਵਰ ਕਰਨ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਡਾਇਰੈਕਟਰ ਨੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ (ਪੀਸੀਓਜ਼) ਨੂੰ ਅਜਿਹੇ ਖੇਤਰਾਂ ਦੀ ਪਹਿਲਾਂ ਤੋਂ ਪਛਾਣ ਕਰਨ ਅਤੇ ਉਨ੍ਹਾਂ ਦੀ ਵਿਆਪਕ ਕਵਰੇਜ ਨੂੰ ਯਕੀਨੀ ਬਣਾਉਣ ਤੇ ਸਹੀ ਦਸਤਾਵੇਜ਼ੀਕਰਨ ਲਈ ਢੁਕਵੇਂ ਖੇਤਰੀ ਅਤੇ ਨਿਗਰਾਨੀ ਪ੍ਰਬੰਧ ਕਰਨ ਲਈ ਕਿਹਾ।

ਡਾਇਰੈਕਟਰ ਨੇ ਜਨਤਕ ਜਾਗਰੂਕਤਾ ਅਤੇ 'ਸਵੈ-ਗਣਨਾ' ਦੇ ਪ੍ਰਭਾਵਸ਼ਾਲੀ ਪ੍ਰਚਾਰ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਨਾਗਰਿਕਾਂ ਨੂੰ ਜਨਗਣਨਾ ਪ੍ਰਕਿਰਿਆ ਬਾਰੇ ਜਾਗਰੂਕ ਕਰਨ, ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ 'ਸਵੈ-ਗਣਨਾ' ਸਹੂਲਤ ਦੀ ਪ੍ਰਭਾਵਸ਼ਾਲੀ ਵਰਤੋਂ ਨੂੰ ਸੁਖਾਲਾ ਬਣਾਉਣ ਲਈ ਜ਼ਿਲ੍ਹਾ ਅਤੇ ਖੇਤਰੀ ਪੱਧਰ 'ਤੇ ਤਾਲਮੇਲ ਵਾਲੇ ਯਤਨਾਂ ਦੀ ਮੰਗ ਕੀਤੀ।

ਪੀਸੀਓਜ਼ ਨੂੰ ਜਨਗਣਨਾ ਅਮਲੇ ਨੂੰ ਸਮੇਂ ਸਿਰ ਅੰਤਿਮ ਰੂਪ ਦੇਣ, ਸਿਖਲਾਈ ਪ੍ਰਬੰਧਾਂ, ਖੇਤਰੀ ਤਿਆਰੀ, ਅੰਤਰ-ਵਿਭਾਗੀ ਤਾਲਮੇਲ, ਖੇਤਰੀ ਕਾਰਜਾਂ ਦੀ ਨਿਗਰਾਨੀ, 'ਸਵੈ-ਗਣਨਾ' ਦੇ ਪ੍ਰਚਾਰ ਅਤੇ ਜ਼ਿਲ੍ਹਾ ਤੇ ਚਾਰਜ ਪੱਧਰ 'ਤੇ ਸੰਚਾਲਨ ਸਬੰਧੀ ਮੁੱਦਿਆਂ ਦੇ ਹੱਲ ਸਬੰਧੀ ਉਨ੍ਹਾਂ ਦੀਆਂ ਮੁੱਖ ਜ਼ਿੰਮੇਵਾਰੀਆਂ ਬਾਰੇ ਵੀ ਜਾਣੂ ਕਰਵਾਇਆ ਗਿਆ।

ਕਾਨਫਰੰਸ ਦੀ ਸਮਾਪਤੀ ਅਗਲੀ ਰਣਨੀਤੀ ਬਾਰੇ ਵਿਸਤ੍ਰਿਤ ਚਰਚਾ ਨਾਲ ਹੋਈ, ਜਿਸ ਦੌਰਾਨ ਬਿਨਾਂ ਕਿਸੇ ਖੁੰਝੇ ਜਾਂ ਦੁਹਰਾਓ ਦੇ ਪੂਰੀ ਕਵਰੇਜ ਯਕੀਨੀ ਬਣਾਉਣ ਅਤੇ ਪੰਜਾਬ ਵਿੱਚ ਜਨਗਣਨਾ- 2027 ਦੇ ਦੂਜੇ ਪੜਾਅ ਨੂੰ ਸਫਲਤਾਪੂਰਵਕ ਲਾਗੂ ਕਰਨ ਲਈ ਸਾਰੇ ਭਾਈਵਾਲਾਂ ਵੱਲੋਂ ਤਾਲਮੇਲ ਭਰਪੂਰ, ਸਮਾਂ-ਬੱਧ ਅਤੇ ਜਵਾਬਦੇਹ ਕਾਰਵਾਈ 'ਤੇ ਜ਼ੋਰ ਦਿੱਤਾ ਗਿਆ।

ਮੁੱਖ ਸਕੱਤਰ ਨੇ ਸਾਰੇ ਸਬੰਧਤ ਵਿਭਾਗਾਂ ਅਤੇ ਖੇਤਰੀ ਪੱਧਰ ਦੇ ਅਧਿਕਾਰੀਆਂ/ਕਰਮਚਾਰੀਆਂ ਦੁਆਰਾ ਸਮੂਹਿਕ ਜ਼ਿੰਮੇਵਾਰੀ, ਨੇੜਲੇ ਤਾਲਮੇਲ ਅਤੇ ਨਿਰੰਤਰ ਨਿਗਰਾਨੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਤਿਆਰੀਆਂ ਦੀ ਨਿੱਜੀ ਤੌਰ 'ਤੇ ਅਗਵਾਈ ਅਤੇ ਨੇੜਿਓਂ ਨਜ਼ਰਸਾਨੀ ਕਰਨ ਅਤੇ ਹਰ ਪੜਾਅ ਨੂੰ ਸਮਰਪਣ, ਜ਼ਿੰਮੇਵਾਰੀ, ਸੁਹਿਰਦਤਾ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਲਈ ਕਿਹਾ।

# ਏਸ਼ੀਅਨ ਹਾਕੀ ਫੈਡਰੇਸ਼ਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਾਪਾਨ ਵਿੱਚ ਏਸ਼ੀਆਈ ਖੇਡਾਂ ਦੇ ਹਾਕੀ ਸੈਮੀਫਾਈਨਲ ਅਤੇ ਫਾਈਨਲ ਦੇਖਣ ਦਾ ਸੱਦਾ ਦਿੱਤਾ

➢ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਹਾਕੀ ਵਿੱਚ ਪੰਜਾਬ ਦੀ ਵਧਦੀ ਭੂਮਿਕਾ ਦਾ ਪ੍ਰਮਾਣ ਹੈ ਸੱਦਾ ➢ ਮਹਿਲਾ ਤੇ ਪੁਰਸ਼ ਹਾਕੀ ਦੇ ਸੈਮੀਫਾਈਨਲ 30 ਸਤੰਬਰ ਅਤੇ 1 ਅਕਤੂਬਰ ਨੂੰ, ਫਾਈਨਲ 2 ਅਤੇ 3 ਅਕਤੂਬਰ ਨੂੰ

**ਚੰਡੀਗੜ੍ਹ, 22 ਸਤੰਬਰ**
**-ਜੀ. ਐਸ. ਤੁੰਗ-**

ਅੰਤਰਰਾਸ਼ਟਰੀ ਹਾਕੀ ਦੇ ਨਕਸ਼ੇ 'ਤੇ ਪੰਜਾਬ ਦੀ ਵਧਦੀ ਸਰਦਾਰੀ ਨੂੰ ਪ੍ਰਵਾਨਗੀ ਦਿੰਦਿਆਂ ਏਸ਼ੀਅਨ ਹਾਕੀ ਫੈਡਰੇਸ਼ਨ (ਏ.ਐਚ.ਐਫ.) ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦੇ ਇੱਕ ਵਫ਼ਦ ਨੂੰ ਏਸ਼ੀਆਈ ਖੇਡਾਂ ਆਈਚੀ-ਨਾਗੋਆ-2026 ਵਿੱਚ ਮਹਿਲਾ ਅਤੇ ਪੁਰਸ਼ ਹਾਕੀ ਮੁਕਾਬਲਿਆਂ ਦੇ ਸੈਮੀਫਾਈਨਲ ਅਤੇ ਫਾਈਨਲ ਮੈਚ ਦੇਖਣ ਲਈ ਜਾਪਾਨ ਆਉਣ ਦਾ ਸੱਦਾ ਦਿੱਤਾ ਹੈ। ਇਹ ਸੱਦਾ ਅਜਿਹੇ ਮਹੱਤਵਪੂਰਨ ਸਮੇਂ ਆਇਆ ਹੈ ਜਦੋਂ ਪੰਜਾਬ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਹਿਲੀ ਵਾਰ ਪੁਰਸ਼ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਦੀ ਮੇਜ਼ਬਾਨੀ ਕਰਨ ਦੀ ਤਿਆਰੀ ਕਰ ਰਿਹਾ ਹੈ।

ਏਸ਼ੀਅਨ ਹਾਕੀ ਫੈਡਰੇਸ਼ਨ ਦੇ ਪ੍ਰਧਾਨ ਫੂਮੀਓ ਓਗੁਰਾ ਵੱਲੋਂ ਦਿੱਤਾ ਗਿਆ ਇਹ ਸੱਦਾ 30 ਸਤੰਬਰ ਅਤੇ 1 ਅਕਤੂਬਰ ਨੂੰ ਹੋਣ ਵਾਲੇ ਮਹਿਲਾ ਅਤੇ ਪੁਰਸ਼ ਹਾਕੀ ਦੇ ਸੈਮੀਫਾਈਨਲ, ਅਤੇ ਉਸ ਤੋਂ ਬਾਅਦ 2 ਅਤੇ 3 ਅਕਤੂਬਰ ਨੂੰ ਹੋਣ ਵਾਲੇ ਫਾਈਨਲ ਮੈਚਾਂ ਲਈ ਹੈ। ਏ.ਐਚ.ਐਫ. ਨੇ ਵਿਸ਼ੇਸ਼ ਤੌਰ 'ਤੇ ਕਿਹਾ ਹੈ ਕਿ ਪੰਜਾਬ ਸਰਕਾਰ ਦੇ ਵਫ਼ਦ ਦੀ ਮੌਜੂਦਗੀ ਨਾਲ ਵੱਡੇ ਅੰਤਰਰਾਸ਼ਟਰੀ ਖੇਡ ਸਮਾਗਮ ਦੇ ਆਯੋਜਨ ਅਤੇ ਸੰਚਾਲਨ ਦਾ ਸਿੱਧਾ ਤਜਰਬਾ ਮਿਲੇਗਾ।

ਇਹ ਤਜਰਬਾ ਖਾਸ ਮਹੱਤਵ ਰੱਖਦਾ ਹੈ ਕਿਉਂਕਿ ਪੰਜਾਬ 27 ਅਕਤੂਬਰ ਤੋਂ 5 ਨਵੰਬਰ ਤੱਕ ਪੁਰਸ਼ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਲਈ ਏਸ਼ੀਆ ਦੀਆਂ ਪ੍ਰਮੁੱਖ ਹਾਕੀ ਟੀਮਾਂ ਦਾ ਸਵਾਗਤ ਕਰਨ ਲਈ ਤਿਆਰ ਹੈ। ਇਸ ਟੂਰਨਾਮੈਂਟ ਦੀ ਮੇਜ਼ਬਾਨੀ ਜਲੰਧਰ ਅਤੇ ਮੋਹਾਲੀ ਵੱਲੋਂ ਸਾਂਝੇ ਰੂਪ ਵਿੱਚ ਕੀਤੀ ਜਾਵੇਗੀ, ਜਿਸ ਵਿੱਚ ਜਲੰਧਰ ਉਦਘਾਟਨੀ ਸਮਾਰੋਹ ਅਤੇ ਲੀਗ-ਗ੍ਰੇਡ ਮੈਚਾਂ ਦੀ ਮੇਜ਼ਬਾਨੀ ਕਰੇਗਾ, ਜਦਕਿ ਮੋਹਾਲੀ ਸੈਮੀਫਾਈਨਲ ਅਤੇ ਫਾਈਨਲ ਦੀ ਮੇਜ਼ਬਾਨੀ ਕਰੇਗਾ।

ਪੰਜਾਬ ਵੱਲੋਂ ਵੱਕਾਰੀ ਅੰਤਰਰਾਸ਼ਟਰੀ ਹਾਕੀ ਟੂਰਨਾਮੈਂਟ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਕਰਨ ਦਾ ਪਹਿਲਾ ਮੌਕਾ ਹੋਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਟੂਰਨਾਮੈਂਟ ਨੂੰ ਉਸ ਧਰਤੀ 'ਤੇ ਹਾਕੀ ਲਈ ਸ਼ਾਨਦਾਰ ਮੌਕਾ ਦੱਸਿਆ ਹੈ, ਜਿਸ ਨੇ ਭਾਰਤੀ ਹਾਕੀ ਦੇ ਨਾਇਕਾਂ ਦੀਆਂ ਕਈ ਪੀੜ੍ਹੀਆਂ ਤਿਆਰ ਕੀਤੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦੇ ਵਫ਼ਦ ਨੂੰ ਇਹ ਸੱਦਾ ਅਜਿਹੇ ਸਮੇਂ 'ਚ ਮਿਲਿਆ ਹੈ, ਜਦੋਂ ਪੰਜਾਬ ਅੰਤਰਰਾਸ਼ਟਰੀ ਹਾਕੀ ਦੀ ਵਾਪਸੀ ਅਤੇ ਦੇਸ਼ ਦੇ ਪ੍ਰਮੁੱਖ ਹਾਕੀ ਕੇਂਦਰ ਵਜੋਂ ਆਪਣੀ ਪਛਾਣ ਨੂੰ ਮਜ਼ਬੂਤ ਕਰਨ ਵਿੱਚ ਸਰਗਰਮ ਭੂਮਿਕਾ ਨਿਭਾ ਰਿਹਾ ਹੈ। ਆਉਣ ਵਾਲੇ ਇਸ ਟੂਰਨਾਮੈਂਟ ਵਿੱਚ ਭਾਰਤ, ਜਾਪਾਨ, ਦੱਖਣੀ ਕੋਰੀਆ, ਮਲੇਸ਼ੀਆ, ਚੀਨ ਤੇ ਹੋਰ ਮੁਲਕ ਪੰਜਾਬ ਵਿੱਚ ਮੁਕਾਬਲਾ ਕਰਨਗੇ। ਏ.ਐਚ.ਐਫ. ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਦੇ ਵਫ਼ਦ ਦੁਆਰਾ ਆਈਚੀ-ਨਾਗੋਆ ਵਿੱਚ ਹਾਸਲ ਕੀਤਾ ਗਿਆ ਤਜਰਬਾ ਜਲੰਧਰ ਅਤੇ ਮੋਹਾਲੀ ਵਿੱਚ ਹੋਣ ਵਾਲੀ ਏਸ਼ੀਅਨ ਚੈਂਪੀਅਨਜ਼ ਟਰਾਫੀ ਅਤੇ ਭਵਿੱਖ ਵਿੱਚ ਪੰਜਾਬ ਵਿੱਚ ਅਜਿਹੇ ਵੱਡੇ ਖੇਡ ਸਮਾਗਮਾਂ ਦੀ ਮੇਜ਼ਬਾਨੀ ਕਰਨ ਲਈ ਵਰਤਿਆ ਜਾ ਸਕਦਾ ਹੈ।

ਇਹ ਸੱਦਾ ਏਸ਼ੀਅਨ ਚੈਂਪੀਅਨਜ਼ ਟਰਾਫੀ ਲਈ ਪੰਜਾਬ ਦੀਆਂ ਤਿਆਰੀਆਂ ਨੂੰ ਦਿੱਤੀ ਜਾ ਰਹੀ ਅਹਿਮੀਅਤ ਨੂੰ ਵੀ ਦਰਸਾਉਂਦਾ ਹੈ, ਕਿਉਂਕਿ ਸੂਬਾ ਹਾਕੀ ਸੱਭਿਆਚਾਰ ਨੂੰ ਵੱਡੇ ਮਹਾਂਦੀਪ ਵਾਲੇ ਖੇਡ ਸਮਾਗਮ ਦੀ ਮੇਜ਼ਬਾਨੀ ਲਈ ਲੋੜੀਂਦੇ ਬੁਨਿਆਦੀ ਢਾਂਚੇ, ਪ੍ਰਬੰਧਨ ਅਤੇ ਅੰਤਰਰਾਸ਼ਟਰੀ ਮਿਆਰਾਂ ਨਾਲ ਜੋੜਨਾ ਚਾਹੁੰਦਾ ਹੈ।

ਏਸ਼ੀਅਨ ਹਾਕੀ ਫੈਡਰੇਸ਼ਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਫ਼ਦ ਅਤੇ ਇਸ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਦੀ ਬੇਨਤੀ ਕੀਤੀ ਹੈ ਤਾਂ ਜੋ ਯਾਤਰਾ ਲਈ ਲੋੜੀਂਦੇ ਪ੍ਰਬੰਧ ਕੀਤੇ ਜਾ ਸਕਣ।

# ਪੰਜਾਬ ਸਰਕਾਰ ਨੇ ਸਿਹਤ ਤੇ ਸਿੱਖਿਆ ਖੇਤਰ 'ਚ ਚੁੱਕੇ ਵੱਡੇ ਕਦਮ : ਡਾ. ਰਵਜੋਤ ਸਿੰਘ



**ਹੁਸ਼ਿਆਰਪੁਰ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਨੇੜਲੇ ਪਿੰਡ ਨਸਰਾਲਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਦੇ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਰਿਵਾਰਾਂ ਦੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਵਾਲੇ ਸਿਹਤ ਬੀਮਾ ਕਾਰਡ ਸੌਂਪਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਯੋਜਨਾ ਹਰੇਕ ਪਰਿਵਾਰ ਲਈ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ।

ਕੈਬਨਿਟ ਮੰਤਰੀ ਨੇ ਸਿਹਤ ਬੀਮਾ ਯੋਜਨਾ ਦੇ ਕਾਰਡ ਸੌਂਪਦਿਆਂ ਕਿਹਾ ਕਿ ਇਸ ਸਕੀਮ ਤਹਿਤ ਸੂਬੇ ਭਰ ਵਿਚ ਪਰਿਵਾਰਾਂ ਨੂੰ ਪ੍ਰਮੁੱਖ ਨਿੱਜੀ ਹਸਪਤਾਲਾਂ ਵਿਚ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈਸ ਇਲਾਜ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਦੇ ਲੋਕਾਂ ਲਈ ਸਿਹਤ ਸੁਰੱਖਿਆ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਖੇਤਰ ਵਿਚ ਵੱਡੇ ਕਦਮ ਚੁੱਕੇ ਗਏ ਹਨ ਜਿਸ ਨਾਲ ਰਾਜ ਦੇ ਹਰ ਖੇਤਰ ਦੇ ਲਗਭਗ ਹਰ ਪਰਿਵਾਰ ਨੂੰ ਚੰਗੀਆਂ ਸਿਹਤ ਸਹੂਲਤਾਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਇਕ ਹਜ਼ਾਰ ਦੇ ਕਰੀਬ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ ਜਿਨ੍ਹਾਂ ਵਿਚ 600 ਦੇ ਕਰੀਬ ਪੇਂਡੂ ਖੇਤਰਾਂ ਵਿਚ ਖੋਲ੍ਹੇ ਗਏ ਹਨ ਤਾਂ ਜੋ ਲੋਕਾਂ ਨੂੰ ਘਰਾਂ ਨੇੜੇ ਹੀ ਮੁੱਢਲੀਆਂ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿਚ ਮਰੀਜ਼ਾਂ ਨੂੰ ਲਗਭਗ 110 ਤਰ੍ਹਾਂ ਦੀਆਂ ਵੱਖ-ਵੱਖ ਦਵਾਈਆਂ ਅਤੇ 50 ਦੇ ਕਰੀਬ ਵੱਖ-ਵੱਖ ਤਰ੍ਹਾਂ ਦੇ ਮੈਡੀਕਲ ਟੈਸਟਾਂ ਦੀ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿਚ ਹੁਣ ਤੱਕ ਛੇ ਕਰੋੜ ਦੇ ਕਰੀਬ ਮਰੀਜ਼ਾਂ ਵਲੋਂ ਆਪਣਾ ਚੈਕਅਪ ਕਰਵਾ ਕੇ ਸਿਹਤ ਸਹੂਲਤਾਂ ਦਾ ਲਾਭ ਲਿਆ ਜਾ ਚੁੱਕਾ ਹੈ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਦੇ ਹਰ ਵਰਗ ਦੇ ਲੋਕਾਂ ਨੂੰ ਬਿਹਤਰ ਅਤੇ ਆਸਾਨ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸਿਹਤ ਨਾਲ ਜੁੜੇ ਇਲਾਜ ਦੇ ਖਰਚੇ ਕਾਰਨ ਕਿਸੇ ਵੀ ਪਰਿਵਾਰ ਨੂੰ ਆਰਥਿਕ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਰਕਾਰ ਵੱਲੋਂ ਸਿਹਤ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਸਿਹਤ ਸੁਰੱਖਿਆ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਪਰਿਵਾਰ ਦੇ ਯੋਗ ਮੈਂਬਰਾਂ ਦੇ ਸਿਹਤ ਕਾਰਡ ਬਣਵਾਉਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕ ਹਿੱਤਾਂ ਦੇ ਮੱਦੇਨਜ਼ਰ ਆਪਣੀਆਂ ਸਾਰੀਆਂ ਗਰੰਟੀਆਂ ਨੂੰ ਪੂਰਾ ਕਰਦਿਆਂ ਸੂਬੇ ਵਿਚ ਸਿਹਤ ਅਤੇ ਸਿੱਖਿਆ ਨੂੰ ਪੂਰੀ ਤਰਜੀਹ ਦਿੰਦਿਆਂ ਇਨ੍ਹਾਂ ਖੇਤਰਾਂ ਵਿਚ ਬੇਮਿਸਾਲ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਪਿੰਡਾਂ ਵਿਚ 1100 ਕਰੋੜ ਰੁਪਏ ਦੀ ਲਾਗਤ ਨਾਲ 3000 ਤੋਂ ਵੱਧ ਆਧੁਨਿਕ ਖੇਡ ਮੈਦਾਨ ਬਣਾਏ ਜਾ ਰਹੇ ਹਨ ਜਦਕਿ 6000 ਹੋਰ ਖੇਡ ਮੈਦਾਨਾਂ ਦਾ ਕੰਮ ਜਲਦ ਸ਼ੁਰੂ ਹੋਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਦੇ ਮੱਦੇਨਜ਼ਰ ਅਹਿਮ ਫੈਸਲੇ ਲੈਂਦਿਆਂ ਸੂਬੇ ਦੀ ਤਰੱਕੀ ਨੂੰ ਨਵੀਂ ਰਫ਼ਤਾਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸ਼ਾਮਚੁਰਾਸੀ ਵਿਚ ਸੜਕਾਂ ਦੇ ਕੰਮ ਵਿਚ ਤੇਜ਼ੀ ਲਿਆਂਦੀ ਜਾ ਰਹੀ ਹੈ ਅਤੇ ਆਉਂਦੇ ਕੁਝ ਹਫ਼ਤਿਆਂ ਵਿਚ ਇਹ ਕੰਮ ਮੁਕੰਮਲ ਕਰਵਾ ਕੇ ਲੋਕਾਂ ਨੂੰ ਹੋਰ ਸੁਖਾਲੀ ਆਵਾਜਾਈ ਦੀ ਸਹੂਲਤ ਮਿਲੇਗੀ।

ਇਸ ਮੌਕੇ ਇਲਾਕਾ ਵਾਸੀਆਂ ਨੇ ਸਿਹਤ ਸੁਰੱਖਿਆ ਨਾਲ ਸਬੰਧਤ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿਹਤ ਕਾਰਡ ਮਿਲਣ ਨਾਲ ਲੋੜ ਪੈਣ 'ਤੇ ਪਰਿਵਾਰਾਂ ਨੂੰ ਇਲਾਜ ਦੇ ਖਰਚੇ ਸਬੰਧੀ ਵੱਡੀ ਰਾਹਤ ਮਿਲੇਗੀ।

# ਸਤਲੁਜ ਪ੍ਰੈਸ ਕਲੱਬ ਰੂਪਨਗਰ ਵੱਲੋਂ ਡੀ ਪੀ ਆਰ ਓ ਕਰਨ ਮਹਿਤਾ ਨੂੰ ਜਨਮਦਿਨ ਦੀਆਂ ਵਧਾਈਆਂ ਦਿੱਤੀਆ



**ਰੂਪਨਗਰ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਤਲੁਜ ਪ੍ਰੈੱਸ ਕਲੱਬ ਰੋਪੜ ਵੱਲੋਂ ਰੂਪਨਗਰ ਦੇ ਡੀ ਪੀ ਆਰ ਓ ਕਰਨ ਮਹਿਤਾ ਜੀ ਦੇ ਜਨਮਦਿਨ ਮੌਕੇ ਕੇਕ ਕੱਟ ਕੇ ਜਨਮਦਿਨ ਦੀਆਂ ਵਧਾਈਆਂ ਦਿੱਤੀਆ। ਇਸ ਮੌਕੇ ਸਰਬਜੀਤ ਸਿੰਘ ਪ੍ਰਧਾਨ ਸਤਲੁਜ ਪ੍ਰੈੱਸ ਕਲੱਬ ਰੋਪੜ, ਸ਼ਮਸ਼ੇਰ ਸਿੰਘ ਬੱਗਾ ਜਰਨਲ ਸਕੱਤਰ, ਮਨਪ੍ਰੀਤ ਸਿੰਘ , ਸੰਦੀਪ ਜੋਸ਼ੀ, ਪਰਮਜੀਤ ਸਿੰਘ ਪੰਮੀ ਨੇ ਡੀ ਪੀ ਆਰ ਓ ਕਰਨ ਮਹਿਤਾ ਜੀ ਨੂੰ ਵਧਾਈਆਂ ਦਿੱਤੀਆ। ਇਸ ਮੌਕੇ ਡੀ ਪੀ ਆਰ ਓ ਕਰਨ ਮਹਿਤਾ ਨੇ ਸਤਲੁਜ ਪ੍ਰੈੱਸ ਕਲੱਬ ਦੇ ਪ੍ਰਧਾਨ ਸਰਬਜੀਤ ਸਿੰਘ ਤੇ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਬੱਗਾ ਸਮੇਤ ਸਾਰੇ ਅਹੁਦੇਦਾਰ ਪੱਤਰਕਾਰਾਂ ਦਾ ਧੰਨਵਾਦ ਕੀਤਾ ਜਿਹਨਾਂ ਨੇ ਉਹਨਾ ਨੂੰ ਜਨਮਦਿਨ ਦੀਆਂ ਵਧਾਈਆਂ ਦਿੱਤੀਆ।

# ਜੱਸੋਵਾਲ ਦੰਗਲ ਮੇਲੇ ਵਿੱਚ ਝੰਡੀ ਦੀ ਕੁਸ਼ਤੀ ਲੱਕੀ ਗਰਚਾ ਤੇ ਸੁੱਖ ਮੰਡ ਚੌਂਤਾ ਵਿਚਕਾਰ ਰਹੀ ਬਰਾਬਰ



**ਮਾਛੀਵਾੜਾ ਸਾਹਿਬ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਜੱਸੋਵਾਲ ਵਿਖੇ ਧੰਨ ਧੰਨ ਬਾਬਾ ਗੁੱਗਾ ਜਾਹਰ ਵੀਰ ਦੀ ਯਾਦ ਵਿੱਚ ਸਲਾਨਾ ਦੰਗਲ ਮੇਲਾ ਕਰਵਾਇਆ ਗਿਆ। ਇਸ ਦੰਗਲ ਮੇਲੇ ਵਿੱਚ ਝੰਡੀ ਦੀ ਇੱਕ ਨੰਬਰ ਕੁਸ਼ਤੀ ਲੱਕੀ ਗਰਚਾ ਅਤੇ ਸੁੱਖ ਮੰਡ ਚੌਂਤਾ ਵਿਚਕਾਰ ਕਰਵਾਈ ਗਈ। ਤਕਰੀਬਨ 20 ਮਿੰਟ ਚੱਲੀ ਇਸ ਕੁਸ਼ਤੀ ਵਿੱਚ ਕੋਈ ਭਲਵਾਨ ਇੱਕ ਦੂਜੇ ਨੂੰ ਚਿੱਤ ਨਾ ਕਰ ਸਕਿਆ ਜਿਸ ਤੇ ਇਹ ਕੁਸ਼ਤੀ ਬਰਾਬਰ ਰਹੀ।

ਝੰਡੀ ਦੀ ਦੂਜੀ ਕੁਸ਼ਤੀ ਲਾਲੀ ਮੰਡ ਚੌਂਤਾ ਅਤੇ ਬਾਜ਼ ਮਾਛੀਵਾੜਾ ਵਿਚਕਾਰ ਹੋਈ ਤੇ ਇਹ ਕੁਸ਼ਤੀ ਵੀ ਬਰਾਬਰ ਰਹੀ। ਪ੍ਰਬੰਧਕਾਂ ਵੱਲੋਂ ਦਾਨੀ ਸੱਜਣਾਂ ਨੂੰ ਸਿਰੋਪਾਓ ਅਤੇ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮ ਰਾਸ਼ੀ ਅਤੇ ਦੇਸੀ ਘਿਓ ਦੇ ਕੇ ਸਨਮਾਨਿਤ ਕੀਤਾ। ਇਸ ਦੰਗਲ ਮੇਲੇ ਲਈ ਦਾਨੀ ਸੱਜਣ ਪਵਨਦੀਪ ਸਿੰਘ ਤੇ ਆਕਾਸ਼ਦੀਪ ਸਿੰਘ ਯੂਐਸਏ ਪੁੱਤਰ ਅਮਰੀਕ ਸਿੰਘ ਵੱਲੋਂ 31000, ਅਵਤਾਰ ਸਿੰਘ ਪ੍ਰੋਪਰਟੀ ਡੀਲਰ ਵੱਲੋਂ ਸੋਨੇ ਦੀ ਮੁੰਦਰੀ, ਅਭੀ ਰਾਜ ਸਿੰਘ ਪੁੱਤਰ ਲਖਵਿੰਦਰ ਸਿੰਘ ਵੱਲੋਂ 5100, ਜਗਦੇਵ ਸਿੰਘ ਸਾਬਕਾ ਸਰਪੰਚ ਵੱਲੋਂ 3100, ਬਹਾਦਰ ਸਿੰਘ ਪੀਪੀ ਵੱਲੋਂ 3100, ਮਨਪ੍ਰੀਤ ਸਿੰਘ ਰਾਜਵੀਰ ਸਿੰਘ ਗੁਰਬਾਜ ਸਿੰਘ ਪੋਤਰੇ ਜੇਠਾ ਸਿੰਘ ਵੱਲੋਂ 5100, ਕੰਵਲਦੀਪ ਸਿੰਘ ਯੂਐਸਏ ਵੱਲੋਂ 3100, ਜੰਗਸ਼ੇਰ ਸਿੰਘ ਪੁੱਤਰ ਮਲਕੀਤ ਸਿੰਘ ਵੱਲੋਂ 5100, ਸਾਹਿਲਪ੍ਰੀਤ ਸਿੰਘ ਪੁੱਤਰ ਤਜਿੰਦਰ ਸਿੰਘ ਜਰਮਨ ਲੁਧਿਆਣਾ ਵੱਲੋਂ 5100, ਬਲਵੀਰ ਸਿੰਘ ਪੁੱਤਰ ਹਰਨਾਮ ਸਿੰਘ ਵੱਲੋਂ ਦੇਸੀ ਘਿਓ ਦਾ ਟੀਨ, ਬੀਰ ਸਿੰਘ ਸੂਬੇਦਾਰ ਰੁੜੇਵਾਲ ਵੱਲੋਂ 5100, ਵਿੱਕੀ ਗਿੱਲ ਪਰਿਵਾਰ ਜੋਧਵਾਲ ਤੋਂ 5100, ਜਸਵੀਰ ਸਿੰਘ ਬਿੱਟੂ ਵੱਲੋਂ ਲੰਗਰਾਂ ਦੀ ਸੇਵਾ, ਪਿਆਰਾ ਸਿੰਘ ਦੇ ਪਰਿਵਾਰ ਵੱਲੋਂ ਗੁੱਗਾ ਮੈੜੀ ਤੇ ਲੰਗਰ ਵੀ ਸੇਵਾ, ਮੰਗੂ ਸੁੱਜੋਂ ਵੱਲੋਂ ਠੰਡਿਆ ਦੀ ਸੇਵਾ ਤੇ ਬੁੱਧ ਸਿੰਘ ਪੁੱਤਰ ਜਰਨੈਲ ਸਿੰਘ ਜਰਮਨ ਵੱਲੋਂ ਭਲਵਾਨਾਂ ਲਈ ਦੁੱਧ ਦੀ ਸੇਵਾ ਕੀਤੀ ਗਈ। ਅਨਵੀਰ ਸਿੰਘ ਪੱਪੀ ਵੱਲੋਂ ਲੰਗਰ ਦੀ ਸੇਵਾ ਕੀਤੀ ਜਾਵੇਗੀ।

ਇਸ ਦੰਗਲ ਮੇਲੇ ਨੂੰ ਸਫਲ ਬਣਾਉਣ ਵਿੱਚ ਮੁੱਖ ਸੇਵਾਦਾਰ ਅਨਬੀਰ ਸਿੰਘ ਪੱਪੀ , ਅਵਤਾਰ ਸਿੰਘ ਪ੍ਰਾਪਰਟੀ ਡੀਲਰ, ਸੁਰਜੀਤ ਸਿੰਘ ਕੈਸ਼ੀਅਰ, ਜਗਦੇਵ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ ਜੱਸੋਵਾਲ, ਬਲਵੀਰ ਸਿੰਘ, ਚੰਨਣ ਸਿੰਘ, ਲਾਲ ਸਿੰਘ, ਹਰਬੰਸ ਸਿੰਘ ਪ੍ਰਧਾਨ, ਅਜੈਬ ਸਿੰਘ, ਜਗਤਾਰ ਸਿੰਘ ਆਮ ਆਦਮੀ ਪਾਰਟੀ, ਜਸਪਾਲ ਸਿੰਘ ਸਰਪੰਚ, ਜਸਵਿੰਦਰ ਸਿੰਘ, ਪਰਮਜੀਤ ਸਿੰਘ, ਦੀਦਾਰ ਸਿੰਘ, ਗੁਰਮੁੱਖ ਸਿੰਘ, ਬਲਜੀਤ ਸਿੰਘ, ਬੀਰ ਸਿੰਘ ਸੂਬੇਦਾਰ ਰੁੜੇਵਾਲ, ਤਰਸੇਮ ਸਿੰਘ ਰੁੜੇਵਾਲ, ਵਿਕੀ ਗਿੱਲ ਮਨੀਲਾ ਵਾਲੇ ਜੋਧਵਾਲ ਤੋਂ ਸਮੂਹ ਕਮੇਟੀ ਮੈਂਬਰਾਂ ਦਾ ਅਹਿਮ ਯੋਗਦਾਨ ਰਿਹਾ।




# ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਸੇਵਾ ਦੀ ਸਦੀਵੀ ਪ੍ਰੰਪਰਾ ਦਾ ਪ੍ਰਤੀਕ ਹੈ ਗੌਲੀਗੁੜਾ ਗੁਰਦੁਆਰਾ ਸਾਹਿਬ: ਕਾਲਕਾ

**ਹੈਦਰਾਬਾਦ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਥੇ ਦੱਸਿਆ ਕਿ ਤੇਲੰਗਾਨਾ ਸਿੱਖ ਸੁਸਾਇਟੀ ਵੱਲੋਂ ਸੈਂਟਰਲ ਗੁਰਦੁਆਰਾ ਸਾਹਿਬ, ਗੌਲੀਗੁੜਾ, ਹੈਦਰਾਬਾਦ ਦੇ 100 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਕਰਵਾਏ ਗਏ ਵਿਸ਼ੇਸ਼ ਸਮਾਗਮ ਵਿੱਚ ਸ਼ਾਮਲ ਹੋਣ ਦਾ ਉਨ੍ਹਾਂ ਨੂੰ ਸੁਭਾਗ ਪ੍ਰਾਪਤ ਹੋਇਆ। ਕਾਲਕਾ ਨੇ ਕਿਹਾ ਕਿ ਇਸ ਪਵਿੱਤਰ ਮੌਕੇ ’ਤੇ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ, ਜਥੇਦਾਰ ਤਖ਼ਤ ਸ੍ਰੀ ਅਬਚਲ ਨਗਰ ਹਜ਼ੂਰ ਸਾਹਿਬ ਅਤੇ ਬਾਬਾ ਬਲਵਿੰਦਰ ਸਿੰਘ ਜੀ ਲੰਗਰ



ਸਾਹਿਬ ਵਾਲਿਆਂ ਸਮੇਤ ਸੰਗਤਾਂ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ। ਉਨ੍ਹਾਂ ਕਿਹਾ ਕਿ ਮਹਾਨ ਸੰਤਾਂ-ਮਹਾਪੁਰਖਾਂ ਦੀ ਹਾਜ਼ਰੀ ਅਤੇ ਸੰਗਤ ਦਾ ਪਿਆਰ ਇਸ ਇਤਿਹਾਸਕ ਸਮਾਗਮ ਦੀ ਆਤਮਿਕ ਮਹੱਤਤਾ ਨੂੰ ਹੋਰ ਵਧਾਉਂਦਾ ਹੈ। ਉਨ੍ਹਾਂ ਕਿਹਾ ਕਿ ਗੌਲੀਗੁੜਾ ਦਾ ਇਹ ਇਤਿਹਾਸਕ ਗੁਰਦੁਆਰਾ ਸਾਹਿਬ ਪਿਛਲੇ 100 ਸਾਲਾਂ ਤੋਂ ਹੈਦਰਾਬਾਦ ਅਤੇ ਤੇਲੰਗਾਨਾ ਵਿੱਚ ਸਿੱਖੀ ਦੇ ਪ੍ਰਚਾਰ-ਪ੍ਰਸਾਰ, ਗੁਰਬਾਣੀ, ਸੇਵਾ ਅਤੇ ਲੰਗਰ ਦੀ ਮਹਾਨ ਪਰੰਪਰਾ ਨੂੰ ਅੱਗੇ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਕ ਸਦੀ ਦਾ ਇਹ ਸਫ਼ਰ ਸਿੱਖ ਸੰਗਤ ਦੀ ਗੁਰੂ ਘਰ ਪ੍ਰਤੀ ਅਟੁੱਟ ਸ਼ਰਧਾ, ਸੇਵਾ-ਭਾਵਨਾ ਅਤੇ ਇਕਜੁੱਟਤਾ ਦਾ ਪ੍ਰਤੀਕ ਹੈ। ਕਾਲਕਾ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਸਿਰਫ਼ ਇਬਾਦਤ ਦੇ ਸਥਾਨ ਹੀ ਨਹੀਂ, ਸਗੋਂ ਮਨੁੱਖਤਾ ਦੀ ਸੇਵਾ, ਭਾਈਚਾਰਕ ਸਾਂਝ ਅਤੇ ਗੁਰੂ ਸਾਹਿਬਾਨ ਦੇ ਸਰਬੱਤ ਦੇ ਭਲੇ ਦੇ ਸੰਦੇਸ਼ ਨੂੰ ਸਮਾਜ ਤੱਕ ਪਹੁੰਚਾਉਣ ਦੇ ਕੇਂਦਰ ਹਨ। ਉਨ੍ਹਾਂ ਕਿਹਾ ਕਿ ਗੌਲੀਗੁੜਾ ਗੁਰਦੁਆਰਾ ਸਾਹਿਬ ਦੀ ਇੱਕ ਸਦੀ ਦੀ ਸੇਵਾ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ। ਕਾਲਕਾ ਨੇ ਤੇਲੰਗਾਨਾ ਸਿੱਖ ਸੁਸਾਇਟੀ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਨੂੰ ਦਿੱਤੇ ਪਿਆਰ, ਸਤਿਕਾਰ ਅਤੇ ਨਿੱਘੇ ਸਵਾਗਤ ਲਈ ਸਮੂਹ ਪ੍ਰਬੰਧਕਾਂ ਅਤੇ ਸੰਗਤਾਂ ਦਾ ਦਿਲੋਂ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਸੰਗਤ ਵੱਲੋਂ ਮਿਲਿਆ ਪਿਆਰ ਅਤੇ ਸਤਿਕਾਰ ਉਨ੍ਹਾਂ ਲਈ ਹਮੇਸ਼ਾ ਯਾਦਗਾਰ ਰਹੇਗਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵੱਸਦੀ ਸਿੱਖ ਸੰਗਤ ਵੱਲੋਂ ਆਪਣੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ ਅਤੇ ਇਨ੍ਹਾਂ ਨਾਲ ਸਿੱਖ ਭਾਈਚਾਰੇ ਦੀਆਂ ਅਗਲੀਆਂ ਪੀੜ੍ਹੀਆਂ ਨੂੰ ਆਪਣੀਆਂ ਜੜ੍ਹਾਂ ਅਤੇ ਗੌਰਵਮਈ ਵਿਰਾਸਤ ਨਾਲ ਜੋੜਨ ਵਿੱਚ ਹੋਰ ਮਜ਼ਬੂਤੀ ਮਿਲਦੀ ਹੈ।

# ਐਸਡੀਐਮ ਆਕਾਸ਼ ਸ਼ਰਮਾ ਨੇ ਅਨਾਜ ਮੰਡੀ ਅਤੇ ਵਾਧੂ ਅਨਾਜ ਮੰਡੀ ਦਾ ਕੀਤਾ ਨਿਰੀਖਣ

**ਟੋਹਾਣਾ, 22 ਸਤੰਬਰ, (ਸੰਜੀਵ ਸ਼ਰਮਾ):** ਐਸਡੀਐਮ ਆਕਾਸ਼ ਸ਼ਰਮਾ ਨੇ ਮੰਗਲਵਾਰ ਨੂੰ ਅਨਾਜ ਮੰਡੀ ਟੋਹਾਣਾ ਅਤੇ ਰਤੀਆ ਰੋਡ ਸਥਿਤ ਵਾਧੂ ਅਨਾਜ ਮੰਡੀ ਟੋਹਾਣਾ ਦਾ ਦੌਰਾ ਕਰਕੇ ਧਾਨ ਦੀ ਖਰੀਦ ਸੀਜ਼ਨ ਨੂੰ ਲੈ ਕੇ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਮੰਡੀ ਕੰਪਲੈਕਸ ਵਿੱਚ ਕਿਸਾਨਾਂ ਦੀ ਸਹੂਲਤ ਲਈ ਉਪਲਬਧ ਕਰਵਾਈਆਂ ਗਈਆਂ ਵਿਵਸਥਾਵਾਂ ਦਾ ਨਿਰੀਖਣ ਕਰਦਿਆਂ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।



ਐਸਡੀਐਮ ਆਕਾਸ਼ ਸ਼ਰਮਾ ਨੇ ਵਾਧੂ ਅਨਾਜ ਮੰਡੀ ਟੋਹਾਣਾ ਵਿੱਚ ਅਚਾਨਕ ਨਿਰੀਖਣ ਕਰਦਿਆਂ ਫਸਲ ਖਰੀਦ ਪ੍ਰਬੰਧਾਂ, ਕਿਸਾਨਾਂ ਲਈ ਉਪਲਬਧ ਸਹੂਲਤਾਂ ਅਤੇ ਮੰਡੀ ਕੰਪਲੈਕਸ ਦੀਆਂ ਵਿਵਸਥਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਤੋਂ ਧਾਨ ਦੀ ਖਰੀਦ ਨੂੰ ਲੈ ਕੇ ਕੀਤੀਆਂ ਤਿਆਰੀਆਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਨਿਰਦੇਸ਼ ਦਿੱਤੇ ਕਿ ਕਿਸਾਨਾਂ ਨੂੰ ਫਸਲ ਵੇਚਣ ਦੌਰਾਨ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ, ਇਸ ਲਈ ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਏ ਜਾਣ। ਉਨ੍ਹਾਂ ਕਿਹਾ ਕਿ ਧਾਨ ਦੀ ਖਰੀਦ ਦੌਰਾਨ ਮੰਡੀਆਂ ਵਿੱਚ ਪੀਣ ਵਾਲਾ ਪਾਣੀ, ਪਖਾਨੇ, ਬਿਜਲੀ ਸਮੇਤ ਹੋਰ ਬੁਨਿਆਦੀ ਸਹੂਲਤਾਂ ਸੁਚਾਰੂ ਰੱਖੀਆਂ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੰਡੀ ਕੰਪਲੈਕਸ ਵਿੱਚ ਲੋੜੀਂਦੇ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਵਿਵਸਥਾ ਯਕੀਨੀ ਬਣਾਈ ਜਾਵੇ ਅਤੇ ਪਖਾਨਿਆਂ ਦੀ ਨਿਯਮਿਤ ਸਫ਼ਾਈ ਤੇ ਢੁਕਵੇਂ ਰੱਖ-ਰਖਾਅ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਐਸਡੀਐਮ ਨੇ ਕਿਹਾ ਕਿ ਖਰੀਦ ਕੇਂਦਰਾਂ ’ਤੇ ਕਿਸਾਨਾਂ ਨੂੰ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਉਣ ਦੇ ਨਾਲ-ਨਾਲ ਮੰਡੀ ਕੰਪਲੈਕਸ ਵਿੱਚ ਸਫ਼ਾਈ ਅਤੇ ਹੋਰ ਪ੍ਰਬੰਧ ਵੀ ਬਿਹਤਰ ਰੱਖੇ ਜਾਣ। ਉਨ੍ਹਾਂ ਨੇ ਮੰਡੀ ਵਿੱਚ ਬਿਜਲੀ ਪ੍ਰਬੰਧ ਦਾ ਵੀ ਜਾਇਜ਼ਾ ਲਿਆ ਅਤੇ ਨਿਰਦੇਸ਼ ਦਿੱਤੇ ਕਿ ਖਰੀਦ ਪ੍ਰਕਿਰਿਆ ਦੌਰਾਨ ਬਿਜਲੀ ਸਪਲਾਈ ਅਤੇ ਹੋਰ ਲੋੜੀਂਦੇ ਪ੍ਰਬੰਧ ਸੁਚਾਰੂ ਰਹਿਣ। ਐਸਡੀਐਮ ਆਕਾਸ਼ ਸ਼ਰਮਾ ਨੇ ਕਿਹਾ ਕਿ ਧਾਨ ਦੀ ਖਰੀਦ ਦੌਰਾਨ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਦੀ ਸਹੂਲਤ ਪ੍ਰਸ਼ਾਸਨ ਦੀ ਪਹਿਲ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਖਰੀਦ ਕੇਂਦਰਾਂ ’ਤੇ ਪ੍ਰਬੰਧਾਂ ਦੀ ਨਿਯਮਿਤ ਨਿਗਰਾਨੀ ਕੀਤੀ ਜਾਵੇ ਅਤੇ ਕਿਸਾਨਾਂ ਦੀ ਸਹੂਲਤ ਨਾਲ ਸਬੰਧਤ ਕਿਸੇ ਵੀ ਲੋੜ ਨੂੰ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਜਾਵੇ। ਇਸ ਮੌਕੇ ਮਾਰਕੀਟ ਕਮੇਟੀ ਦੇ ਸਕੱਤਰ ਸੰਦੀਪ ਗਰਗ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਜੁਡੀਸ਼ੀਅਲ ਜਾਂਚ : ਹਾਦਸੇ ’ਚ ਨਹੀਂ-ਪੁਲਿਸ ਨੇ ਜਲਾਦਾਂ ਵਾਂਗ ਕੋਹਕੇ ਮਾਰਿਆ ਨਰਿੰਦਰਦੀਪ

**ਬਠਿੰਡਾ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੋਨਿਆਣਾ ਮੰਡੀ ਨਿਵਾਸੀ ਆਈਲੈਟਸ ਅਧਿਆਪਕ ਨਰਿੰਦਰ ਸਿੰਘ ਦੀ 23 ਮਈ 2025 ਨੂੰ ਮੌਤ ਸੜਕ ਹਾਦਸੇ ਕਾਰਨ ਨਹੀਂ ਬਲਕਿ ਉਸ ਨੂੰ ਗੈਰਕਾਨੂੰਨੀ ਪੁਲਿਸ ਹਿਰਾਸਤ ’ਚ ਤਸੀਹੇ ਦੇਕੇ ਮਾਰਿਆ ਗਿਆ ਹੈ। ਚੀਫ ਜੁਡੀਸ਼ੀਅਲ ਮੈਜਿਸਟਰੇਟ ਪ੍ਰਭਜੋਤ ਭੱਟੀ ਵੱਲੋਂ ਕੀਤੀ ਜੁਡੀਸ਼ੀਅਲ ਜਾਂਚ ਦੀ ਰਿਪੋਰਟ ਵਿੱਚ ਸੀਆਈਏ - 2 ਦੇ 4 ਤੱਤਕਾਲੀ ਪੁਲਿਸ ਮੁਲਾਜਮ ਨਰਿੰਦਰਦੀਪ ਨੂੰ ਨਜਾਇਜ ਹਿਰਾਸਤ ’ਚ ਰੱਖਣ ਅਤੇ ਤਸੀਹੇ ਦੇਣ ਲਈ ਜਿੰਮੇਵਾਰ ਠਹਿਰਾਏ ਗਏ ਹਨ। ਰਿਪੋਰਟ ’ਚ ਸਪਸ਼ਟ ਕੀਤਾ ਗਿਆ ਹੈ ਕਿ ਜੁਬਾਨੀ , ਮੈਡੀਕਲ ਅਤੇ ਦਸਤਾਵੇਜੀ ਸਬੂਤਾਂ ਦੀਆਂ ਪੂਰੀਆਂ ਕੜੀਆਂ ਸੜਕ ਹਾਦਸੇ ’ਚ ਮੌਤ ਦੀ ਕਹਾਣੀ ਨਾਲ ਮੇਲ ਨਹੀਂ ਖਾਂਦੀਆਂ ਹਨ। ਸਭ ਤੋਂ ਮਹੱਤਵਪੂਰਨ ਅਤੇ ਗੰਭੀਰ ਗੱਲ ਇਹ ਹੈ ਕਿ ਸੀਜੇਐਮ ਦੀ 18 ਪੰਨਿਆਂ ਦੀ ਰਿਪੋਰਟ ’ਚ ਦੋ ਸੀਨੀਅਰ ਪੁਲਿਸ ਅਧਿਕਾਰੀਆਂ ਦੀ ਭੂਮਿਕਾ ’ਤੇ ਵੀ ਸਵਾਲ ਚੁੱਕੇ ਗਏ ਹਨ ਜਿੰਨ੍ਹਾਂ ਦੀ ਤਾਇਨਾਤੀ ਉਦੋਂ ਬਠਿੰਡਾ ਵਿੱਚ ਸੀ।

ਇਸ ਹਿਰਾਸਤੀ ਮੌਤ ਸਬੰਧੀ 24 ਮਈ 2025 ਨੂੰ ਜਾਣਕਾਰੀ ਮਿਲਣ ਦੇ ਬਾਵਜੂਦ ਦੋਵਾਂ ਅਧਿਕਾਰੀਆਂ ਨੇ ਫੌਰੀ ਤੌਰ ’ਤੇ ਨਿਰਪੱਖ ਜਾਂਚ ਕਰਵਾਉਣ ਅਤੇ ਪੁਲਿਸ ਮੁਲਾਜਮਾਂ ਖਿਲਾਫ ਕਾਰਵਾਈ ਕਰਨ ਦੌਰਾਨ ਲਾਪਰਵਾਹੀ ਵਰਤੀ । ਜੁਡੀਸ਼ੀਅਲ ਜਾਂਚ ਦਾ ਹੁਕਮ 8 ਅਗਸਤ 2025 ਨੂੰ ਦਿੱਤਾ ਗਿਆ ਜਿਸ ਦੀ ਰਿਪੋਰਟ ਮੁਤਾਬਕ ਚਾਰਾਂ ਪੁਲਿਸ ਮੁਲਾਜਮਾਂ ਨੇ ਨਰਿੰਦਰਦੀਪ ਨੂੰ ਤਸੀਹੇ ਦਿੱਤੇ । ਇੰਨ੍ਹਾਂ ’ਚ ਏਐਸਆਈ ਅਵਤਾਰ ਸਿੰਘ ਉਰਫ ਤਾਰੀ, ਹੈਡ ਕਾਂਸਟੇਬਲ ਲਖਵਿੰਦਰ ਸਿੰਘ , ਹੈਡ ਕਾਂਸਟੇਬਲ ਹਰਵਿੰਦਰ ਸਿੰਘ ਅਤੇ ਸੀਨੀਅਰ ਸਿਪਾਹੀ ਗੁਰਪਾਲ ਸਿੰਘ ਸ਼ਾਮਲ ਹਨ। ਨਰਿੰਦਰਦੀਪ ਸਿੰਘ ਦੀ ਮੌਤ ਤੋਂ ਬਾਅਦ ਥਾਣਾ ਕੈਨਾਲ ਕਲੋਨੀ ਵਿਖੇ ਬੀਐਨਐਸ ਦੀ ਧਾਰਾ 105 ਤਹਿਤ ਮਾਮਲਾ ਦਰਜ ਕੀਤਾ ਗਿਆ ਜੋ ਗੈਰ-ਇਰਾਦਤਨ ਹੱਤਿਆ ਨਾਲ ਸਬੰਧਤ ਹੈ। ਗਵਾਹਾਂ ਦੇ ਬਿਆਨ ਅਤੇ ਮ੍ਰਿਤਕ ਦੇ ਸਰੀਰ ’ਤੇ ਸੱਟਾਂ ਦੇ ਨਿਸ਼ਾਨ ਇਸ ਤਰਫ ਇਸ਼ਾਰਾ ਕਰਦੇ ਹਨ ਕਿ ਨਰਿੰਦਰਦੀਪ ਨੂੰ ਪੁਲਿਸ ਨੇ ਨਜਾਇਜ ਹਿਰਾਸਤ ’ਚ ਰੱਖਿਆ ਅਤੇ ਕੁੱਟਮਾਰ



ਕੀਤੀ। ਰਿਪੋਰਟ ਮੁਤਾਬਕ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਨਰਿੰਦਰਦੀਪ ਅਤੇ ਉਸ ਦਾ ਦੋਸਤ ਗਗਨਦੀਪ ਫਿਰੋਜਪੁਰ ਤੋਂ ਵਾਪਿਸ ਪਰਤ ਰਹੇ ਸਨ ਤਾਂ ਇਸ ਦੌਰਾਨ ਸੀਆਈਏ ਸਟਾਫ-2 ਦੀ ਟੀਮ ਨੇ ਉਨ੍ਹਾਂ ਨੂੰ ਰੋਕਿਆ ਅਤੇ ਡਰੱਗ ਤਸਕਰਾਂ ਨਾਲ ਜੁੜੇ ਹੋਣ ਦੇ ਸ਼ੱਕ ਵਿੱਚ ਪੁੱਛਗਿਛ ਕੀਤੀ ਸੀ । ਰਿਪੋਰਟ ਮੁਤਾਬਕ ਇਸ ਮੌਕੇ ਨਰਿੰਦਰਦੀਪ ਅਤੇ ਗਗਨਦੀਪ ਕੋਲੋਂ ਕੋਈ ਨਸ਼ੀਲੀ ਵਸਤੂ ਬਰਾਮਦ ਨਹੀਂ ਹੋਈ ਸੀ। ਇਸ ਤੋਂ ਬਾਅਦ ਵਾਪਰੇ ਘਟਨਾਕ੍ਰਮ ਨੂੰ ਲੈਕੇ ਨਰਿੰਦਰਦੀਪ ਸਿੰਘ ਦੇ ਪ੍ਰੀਵਾਰ ਅਤੇ ਪੁਲਿਸ ਦੇ ਬਿਆਨਾਂ ’ਚ ਫਰਕ ਸਾਹਮਣੇ ਆਇਆ। ਪ੍ਰੀਵਾਰ ਵੱਲੋਂ ਲਾਏ ਦੋਸ਼ਾਂ ਤੋਂ ਬਾਅਦ ਗਗਨਦੀਪ ਵੱਲੋਂ ਸੋਸ਼ਲ ਮੀਡੀਆ ’ਤੇ ਜਾਰੀ ਵੀਡੀਓ ਮਗਰੋਂ ਮਾਮਲਾ ਲਗਾਤਾਰ ਗੰਭੀਰ ਹੁੰਦਾ ਗਿਆ। ਇਸ ਤੋਂ ਬਾਅਦ ਮਾਮਲੇ ’ਚ ਕੁੱਲ ਛੇ ਜਣਿਆਂ ਨੂੰ ਦੋਸ਼ੀ ਨਾਮਜਦ ਕੀਤਾ ਗਿਆ ਜਿੰਨ੍ਹਾਂ ਵਿੱਚ ਸੀਆਈਏ ਸਟਾਫ-2 ਦੇ ਇਹ ਚਾਰੇ ਪੁਲਿਸ ਮੁਲਾਜਮਾਂ ਤੋਂ ਇਲਾਵਾ ਨਰਿੰਦਰਦੀਪ ਦਾ ਦੋਸਤ ਗਗਨਦੀਪ ਅਤੇ ਹੈਪੀ ਲੂਥਰਾ ਸ਼ਾਮਲ ਹਨ।

ਰਿਪੋਰਟ ਮੁਤਾਬਕ ਏਮਜ਼ ਬਠਿੰਡਾ ਦੇ ਬੋਰਡ ਨੇ ਮੌਤ ਦਾ ਕਾਰਨ ਓਪੀਏਟਸ ਅਤੇ ਬੈਂਜੋਡਾਇਜ਼ੇਪੀਨ ਵਰਗੇ ਪਦਾਰਥਾਂ ਵਿਚਲੇ ਜਹਿਰੀਲੇਪਣ ਦੇ ਸਾਂਝੇ ਪ੍ਰਭਾਵ ਕਾਰਨ ਸਾਹ ਰੁਕਣਾ ਦੱਸਿਆ ਸੀ। ਜਾਂਚ ਵਿੱਚ ਸਰੀਰ ’ਤੇ ਸੱਟਾਂ, ਗਵਾਹਾਂ ਦੇ ਬਿਆਨ ਅਤੇ ਹੋਰ ਦਸਤਾਵੇਜ਼ੀ ਸਬੂਤਾਂ ਦੀ ਛਾਣਬੀਣ ਕੀਤੀ ਗਈ ਤਾਂ ਪਤਾ ਲੱਗਾ ਕਿ ਨਰਿੰਦਰਦੀਪ ’ਤੇ ਪੁਲਿਸ ਹਿਰਾਸਤ ਵਿੱਚ ਤਸਤੱਦਦ ਕੀਤਾ ਗਿਆ ਹੈ। ਰਿਪੋਰਟ ਵਿੱਚ ਸੀਆਈਏ-2 ਦੇ ਕਰਮਚਾਰੀਆਂ ਵੱਲੋਂ ਸਿਰ ਅਤੇ ਗੁਪਤ ਅੰਗ ਸਮੇਤ ਸਰੀਰ ਦੇ ਸੰਵੇਦਨਸ਼ੀਲ ਹਿੱਸਿਆਂ ’ਤੇ ਬਿਜਲੀ ਦੇ ਝਟਕੇ ਦੇਣ ਦੀ ਗੱਲ ਵੀ ਦਰਜ ਹੈ ਜਿੰਨ੍ਹਾਂ ਕਰਕੇ ਹੀ ਨਰਿੰਦਰਦੀਪ ਨੇ ਦਮ ਤੋੜ ਦਿੱਤਾ ਸੀ।

ਨਰਿੰਦਰਦੀਪ ਸਿੰਘ ਨੂੰ 23 ਮਈ 2025 ਨੂੰ ਸਿਵਲ ਹਸਪਤਾਲ ਬਠਿੰਡਾ ’ਚ ਮ੍ਰਿਤਕ ਹਾਲਤ ’ਚ ਲਿਆਂਦਾ ਗਿਆ ਸੀ। ਸ਼ੁਰੂਆਤ ’ਚ ਉਸ ਦੇ ਦੋਸਤ ਗਗਨਦੀਪ ਸਿੰਘ ਨੇ ਪ੍ਰੀਵਾਰ ਨੂੰ ਦੱਸਿਆ ਕਿ ਨਰਿੰਦਰ ਦੀ ਮੌਤ ਸੜਕ ਹਾਦਸੇ ਕਾਰਨ ਹੋਈ ਹੈ ਜਦੋਂਕਿ ਹਸਪਤਾਲ ’ਚ ਲਾਸ਼ ਦੇਖੀ ਤਾਂ ਸਰੀਰ ਉੱਪਰ ਸੱਟਾਂ ਦੇ ਨਿਸ਼ਾਨਾਂ ਤੋਂ ਪ੍ਰੀਵਾਰ ਨੂੰ ਸ਼ੱਕ ਪੈ ਗਿਆ। ਅਗਲੇ ਦਿਨ ਗਗਨਦੀਪ ਨੇ ਦਾਅਵਾ ਕੀਤਾ ਕਿ ਨਰਿੰਦਰਦੀਪ ਅਤੇ ਉਸ ਨੂੰ ਸੀਆਈਏ -2 ਨੇ ਫੜਿਆ ਅਤੇ ਦੋਵਾਂ ਨਾਲ ਕੁੱਟਮਾਰ ਕੀਤੀ ਸੀ । ਪੁਲਿਸ ਨੇ ਉਸ ’ਤੇ ਦਬਾਅ ਪਾਕੇ ਸੜਕ ਹਾਦਸੇ ਦੀ ਝੂਠੀ ਕਹਾਣੀ ਦੱਸਣ ਨੂੰ ਮਜਬੂਰ ਕੀਤਾ ਸੀ।

ਰਿਪੋਰਟ ’ਚ ਤੱਤਕਾਲੀ ਐਸਐਸਪੀ ਅਮਨੀਤ ਕੌਂਡਲ ਅਤੇ ਐਸਪੀ ਇਨਵੈਸਟੀਗੇਸ਼ਨ ਜਸਮੀਤ ਸਿੰਘ ਦੀ ਭੂਮਿਕਾ ’ਤੇ ਵੀ ਟਿੱਪਣੀ ਕੀਤੀ ਗਈ ਹੈ। ਰਿਪੋਰਟ ਮੁਤਾਬਕ ਦੋਵਾਂ ਅਧਿਕਾਰੀਆਂ ਨੂੰ 24 ਮਈ 2025 ਨੂੰ ਹੀ ਇਸ ਬਾਰੇ ਦੀ ਜਾਣਕਾਰੀ ਮਿਲ ਗਈ ਪਰ ਨਾਂ ਤੁਰੰਤ ਕੋਈ ਨਿਰਪੱਖ ਜਾਂਚ ਕਰਵਾਈ ਤੇ ਨਾਂਹੀ ਸਬੰਧਤ ਪੁਲਿਸ ਮੁਲਾਜਮਾਂ ਦੀ ਗ੍ਰਿਫਤਾਰੀ ਅਤੇ ਉੱਚ ਪੱਧਰੀ ਜਾਂ ਮੈਜਿਸਟਰੇਟੀ ਜਾਂਚ ਲਈ ਕੋਈ ਠੋਸ ਕਦਮ ਚੁੱਕੇ ਗਏ।

# ਸਰਕਾਰੀ ਹਸਪਤਾਲ ਵਿੱਚ ਜਾ ਕੇ ਆਪਣੀ ਨਿਯਮਤ ਕੰਨ ਅਤੇ ਸੁਣਨ ਦੀ ਜਾਂਚ ਕਰਵਾਓ : ਆਰਤੀ ਸਿੰਘ ਰਾਵ

**ਚੰਡੀਗੜ੍ਹ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਵ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀ ਸੁਣਨ ਦੀ ਸਮੱਸਿਆ ਮਹਿਸੂਸ ਹੋਣ ’ਤੇ ਤੁਰੰਤ ਆਪਣੇ ਨੇੜਲੇ ਸਰਕਾਰੀ ਹਸਪਤਾਲ ਵਿੱਚ ਜਾ ਕੇ ਆਪਣੀ ਨਿਯਮਤ ਕੰਨ ਅਤੇ ਸੁਣਨ ਦੀ ਜਾਂਚ ਕਰਵਾਉਣ। ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਸੂਬਾ ਸਰਕਾਰ ਵੱਲੋਂ ਇਸ ਦੀ ਜਾਂਚ ਅਤੇ ਇਲਾਜ ਦੀ ਯੋਗ ਸਹੂਲਤ ਉਪਲਬਧ ਕਰਵਾਈ ਗਈ ਹੈ।

ਸਿਹਤ ਮੰਤਰੀ ਨੇ ਦੱਸਿਆ ਕਿ ਰਾਸ਼ਟਰੀ ਸਿਹਤ ਮਿਸ਼ਨ ਅਤੇ ਸਿਹਤ ਵਿਭਾਗ, ਹਰਿਆਣਾ ਵੱਲੋਂ 21 ਤੋਂ 27 ਸਤੰਬਰ 2026 ਤੱਕ ‘ਅੰਤਰਰਾਸ਼ਟਰੀ ਬਧਿਰਤਾ ਹਫ਼ਤਾ’ ਮਨਾਇਆ ਜਾ ਰਿਹਾ ਹੈ। ਉਨ੍ਹਾਂ ਨੇ ਸੂਬਾ ਵਾਸੀਆਂ ਦੇ ਨਾਂ ਮਹੱਤਵਪੂਰਨ ਸਿਹਤ ਮਸ਼ਵਰਾ ਜਾਰੀ ਕਰਦਿਆਂ ਕਿਹਾ ਕਿ ਇਸ ਸਾਲ ਬੋਲੇ ਲੋਕਾਂ ਦੇ ਮਨੁੱਖੀ ਅਧਿਕਾਰਾਂ ਦਾ ਐਲਾਨ ਦੇ ਸੰਦੇਸ਼ ਨਾਲ ਆਮ ਜਨਤਾ ਨੂੰ ਸੁਣਨ ਦੀ ਸਮਰੱਥਾ ਦੀ ਸੁਰੱਖਿਆ ਅਤੇ ਇਸ



ਪ੍ਰਤੀ ਜਾਗਰੂਕਤਾ ਵਧਾਉਣ ਦਾ ਸੱਦਾ ਦਿੱਤਾ ਹੈ।

ਆਰਤੀ ਸਿੰਘ ਰਾਵ ਨੇ ਦੱਸਿਆ ਕਿ ਸੁਣਨ ਵਿੱਚ ਪਰੇਸ਼ਾਨੀ (ਬੋਲਾਪਣ) ਕਿਸੇ ਵੀ ਉਮਰ ਦੇ ਵਿਅਕਤੀ ਨੂੰ ਪ੍ਰਭਾਵਿਤ ਕਰ ਸਕਦੀ ਹੈ। ਜੇਕਰ ਕਿਸੇ ਵਿਅਕਤੀ ਨੂੰ ਟੀਵੀ ਜਾਂ ਆਡੀਓ ਦੀ ਆਵਾਜ਼ (ਵੌਲਿਊਮ) ਵਧਾਉਣ ਦੀ ਲੋੜ ਮਹਿਸੂਸ ਹੁੰਦੀ ਹੈ, ਗੱਲਬਾਤ ਦੌਰਾਨ ਗੱਲਾਂ ਠੀਕ ਤਰ੍ਹਾਂ ਸੁਣਾਈ ਨਹੀਂ ਦਿੰਦੀਆਂ ਜਾਂ ਬਾਰ-ਬਾਰ ਦੋਹਰਾਉਣ ਲਈ ਕਹਿਣਾ ਪੈਂਦਾ ਹੈ, ਜਾਂ ਕੰਨ ਵਿੱਚ ਸਾਂ-ਸਾਂ ਜਾਂ ਘੰਟੀ ਵੱਜਣ ਵਰਗੀਆਂ ਆਵਾਜ਼ਾਂ (ਰਿੰਗਿੰਗ ਸੈਂਸੇਸ਼ਨ) ਮਹਿਸੂਸ ਹੁੰਦੀਆਂ ਹਨ, ਤਾਂ ਇਹ ਸੁਣਨ ਦੀ ਸਮਰੱਥਾ ਘੱਟ ਹੋਣ ਦੇ ਲੱਛਣ ਹੋ ਸਕਦੇ ਹਨ।

ਉਨ੍ਹਾਂ ਨੇ ਸੁਣਨ ਦੀ ਸਮਰੱਥਾ ਵਿੱਚ ਕਮੀ ਦੇ ਕਾਰਨਾਂ ’ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਕੰਨ ਵਿੱਚ ਸੱਟ ਲੱਗਣਾ, ਬਹੁਤ ਜ਼ਿਆਦਾ ਮੈਲ (ਵੈਕਸ) ਜੰਮਣਾ, ਰੁਬੇਲਾ ਜਾਂ ਹੋਰ ਇਨਫੈਕਸ਼ਨ, ਬੁਢਾਪਾ, ਬਹੁਤ ਜ਼ਿਆਦਾ ਤੇਜ਼ ਰੌਲਾ, ਅਤੇ ਕੁਝ ਜ਼ਹਿਰੀਲੀਆਂ ਜਾਂ ਨੁਕਸਾਨਦੇਹ ਦਵਾਈਆਂ ਦਾ ਮਾੜਾ ਪ੍ਰਭਾਵ ਬਧਿਰਤਾ ਦੇ ਮੁੱਖ ਕਾਰਨ ਹੋ ਸਕਦੇ ਹਨ।

ਸਿਹਤ ਮੰਤਰੀ ਨੇ ਨਾਗਰਿਕਾਂ ਨੂੰ ਆਪਣੇ ਕੰਨਾਂ ਦੀ ਦੇਖਭਾਲ ਅਤੇ ਬਚਾਅ ਦੇ ਉਪਾਅ ਅਪਣਾਉਣ ਦੀ ਬੇਨਤੀ ਕੀਤੀ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਕਿਸੇ ਵੀ ਕੰਸਰਟ ਜਾਂ ਜ਼ਿਆਦਾ ਰੌਲੇ-ਰੱਪੇ ਵਾਲੀਆਂ ਥਾਵਾਂ ’ਤੇ ਈਅਰਪਲੱਗ ਦੀ ਵਰਤੋਂ ਕਰੋ, ਕੰਨ ਦੇ ਅੰਦਰ ਕਦੇ ਵੀ ਕੋਈ ਨੁਕੀਲੀ ਜਾਂ ਬਾਹਰੀ ਚੀਜ਼ ਨਾ ਪਾਓ, ਅਤੇ ਤੇਜ਼ ਰੌਲੇ ਤੋਂ ਬਚਦਿਆਂ ਆਡੀਓ ਉਪਕਰਨਾਂ ਦੀ ਆਵਾਜ਼ ਘੱਟ ਰੱਖੋ।

# ਖ਼ੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ : ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 22 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ, ਮੱਛੀ ਪਾਲਣ ਅਤੇ ਪਸ਼ੂ ਪਾਲਣ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਖ਼ੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ ਹੁੰਦਾ, ਇਸ ਲਈ ਸਾਨੂੰ ਆਪਣੇ ਜੀਵਨ ਵਿੱਚ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ।

ਸ਼੍ਰੀ ਰਾਣਾ ‘ਸੇਵਾ ਸੰਕਲਪ ਅਭਿਆਨ’ ਤਹਿਤ ਯਮੁਨਾਨਗਰ ਜ਼ਿਲ੍ਹੇ ਦੇ ਰਾਦੌਰ ਵਿੱਚ ਨਗਰ ਪਾਲਿਕਾ ਵੱਲੋਂ ਆਯੋਜਿਤ ਖ਼ੂਨਦਾਨ ਕੈਂਪ ਵਿੱਚ ਸੰਬੋਧਿਤ ਕਰ ਰਹੇ ਸਨ।

ਖੇਤੀਬਾੜੀ ਮੰਤਰੀ ਨੇ ਖ਼ੂਨਦਾਨੀਆਂ ਦਾ ਹੌਸਲਾ ਵਧਾਉਂਦਿਆਂ ਕਿਹਾ ਕਿ ਖ਼ੂਨ ਦਾ ਕੋਈ ਵਿਕਲਪ ਨਹੀਂ ਹੈ ਅਤੇ ਇੱਕ ਮਨੁੱਖ ਦਾ ਖ਼ੂਨ ਹੀ ਦੂਜੇ ਮਨੁੱਖ ਦੇ ਕੰਮ ਆਉਂਦਾ ਹੈ। ਜਿੱਥੇ ਇੱਕ ਪਾਸੇ ਖ਼ੂਨਦਾਨ ਦੂਜੇ ਵਿਅਕਤੀ ਦੀ ਜਾਨ ਬਚਾਉਂਦਾ ਹੈ, ਉੱਥੇ ਹੀ ਸਾਨੂੰ ਜਾਤ-ਪਾਤ ਅਤੇ ਧਰਮ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਸੱਚੀ ਸੇਵਾ ਕਰਨ ਦਾ ਮੌਕਾ ਵੀ ਪ੍ਰਦਾਨ ਕਰਦਾ ਹੈ।

ਸ਼੍ਰੀ ਰਾਣਾ ਨੇ ਕਿਹਾ ਕਿ ਦੇਸ਼ ਅਤੇ ਸੂਬੇ ਵਿੱਚ ‘ਸੇਵਾ ਸੰਕਲਪ ਅਭਿਆਨ’ ਤਹਿਤ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਇਸ ਸੇਵਾ ਪਖਵਾੜੇ ਤਹਿਤ ਦੇਸ਼ ਅਤੇ ਸੂਬੇ ਵਿੱਚ ਖ਼ੂਨਦਾਨ ਕੈਂਪ, ਸਫ਼ਾਈ ਅਭਿਆਨ, ਆਤਮਨਿਰਭਰ ਭਾਰਤ, ਪੇਂਟਿੰਗ ਮੁਕਾਬਲੇ, ਪ੍ਰਬੁੱਧ ਸੰਮੇਲਨ, ਹੈਲਥ ਚੈੱਕਅੱਪ, ਮੈਰਾਥਨ ਆਦਿ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ ਅਤੇ ਇਹ ਸਾਰੇ ਪ੍ਰੋਗਰਾਮ ਸਾਨੂੰ ਸੇਵਾ ਭਾਵਨਾ ਨਾਲ ਰਾਸ਼ਟਰ ਪ੍ਰਤੀ ਸਮਰਪਿਤ ਕੰਮਾਂ ਵੱਲ ਆਕਰਸ਼ਿਤ ਕਰਦੇ ਹਨ।


ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਕੁਸ਼ਲ ਅਗਵਾਈ ਹੇਠ ਦੇਸ਼ ਵਿਕਾਸ ਦੇ ਰਾਹ ’ਤੇ ਲਗਾਤਾਰ ਅੱਗੇ ਵਧ ਰਿਹਾ ਹੈ। ਦੇਸ਼ ਅਤੇ ਸੂਬੇ ਵਿੱਚ ਵਿਕਾਸ ਦੇ ਨਵੇਂ-ਨਵੇਂ ਆਯਾਮ ਸਥਾਪਿਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਖ਼ੂਨਦਾਨ ਕਰਨ ਨਾਲ ਕਿਸੇ ਲੋੜਵੰਦ ਨੂੰ ਨਵਾਂ ਜੀਵਨ ਮਿਲਦਾ ਹੈ, ਇਹ ਮਨੁੱਖਤਾ ਦੀ ਇੱਕ ਉੱਤਮ ਮਿਸਾਲ ਵੀ ਹੈ। ਸਾਡੇ ਦੇਸ਼ ਦੇ ਨੌਜਵਾਨ ਖ਼ੂਨਦਾਨ ਕਰਨ ਵਿੱਚ ਹਮੇਸ਼ਾ ਆਪਣਾ ਯੋਗਦਾਨ ਦਿੰਦੇ ਰਹੇ ਹਨ। ਉਨ੍ਹਾਂ ਕਿਹਾ ਕਿ ਥੈਲੇਸੀਮੀਆ ਦੇ ਮਰੀਜ਼ਾਂ ਨੂੰ ਲਗਾਤਾਰ ਖ਼ੂਨ ਦੀ ਲੋੜ ਹੁੰਦੀ ਹੈ, ਕਿਉਂਕਿ ਇਸ ਬੀਮਾਰੀ ਤੋਂ ਪੀੜਤ ਮਰੀਜ਼ਾਂ ਵਿੱਚ ਖ਼ੂਨ ਦੀ ਘਾਟ ਹੁੰਦੀ ਹੈ ਜਿਸ ਕਾਰਨ ਮਰੀਜ਼ਾਂ ਨੂੰ ਸਮੇਂ-ਸਮੇਂ ’ਤੇ ਖ਼ੂਨ ਦੀ ਲੋੜ ਪੈਂਦੀ ਹੈ। ਇਸ ਬੀਮਾਰੀ ਵਿੱਚ ਖ਼ੂਨ ਦੀ ਘਾਟ ਕਾਰਨ ਮਰੀਜ਼ ਦੀ ਮੌਤ ਵੀ ਹੋ ਸਕਦੀ ਹੈ ਅਤੇ ਖ਼ੂਨ ਦਾ ਕੋਈ ਹੋਰ ਵਿਕਲਪ ਵੀ ਉਪਲਬਧ ਨਹੀਂ ਹੈ। ਸਿਹਤ ਵਿਭਾਗ ਨੂੰ ਖ਼ੂਨ ਦੀ ਲੋੜ ਹੁੰਦੀ ਹੈ, ਜੋ ਖ਼ੂਨਦਾਨ ਕੈਂਪਾਂ ਰਾਹੀਂ ਹੀ ਇਕੱਠਾ ਕੀਤਾ ਜਾ ਸਕਦਾ ਹੈ।



ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸਾਨੂੰ ਦੇਸ਼ ਦੇ ਮਹਾਂਪੁਰਖਾਂ ਦੇ ਜੀਵਨ ਤੋਂ ਜੀਵਨ ਜਿਊਣ ਦੀ ਪ੍ਰੇਰਨਾ ਮਿਲਦੀ ਹੈ। ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਸਾਨੂੰ ਆਪਣੇ ਮਹਾਂਪੁਰਖਾਂ ਦੇ ਜਨਮ ਦਿਹਾੜਿਆਂ ’ਤੇ ਖ਼ੂਨਦਾਨ ਕੈਂਪਾਂ ਦਾ ਆਯੋਜਨ ਜ਼ਰੂਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰੀਰ ਨੂੰ ਸਿਹਤਮੰਦ ਰੱਖਣ ਲਈ ਸਵੇਰ ਦੀ ਸੈਰ ਸਿਹਤਮੰਦ ਜੀਵਨ ਸ਼ੈਲੀ ਦਾ ਇੱਕ ਸਰਲ ਅਤੇ ਪ੍ਰਭਾਵੀ ਮਾਧਿਅਮ ਹੈ। ਨਿਯਮਤ ਰੂਪ ਵਿੱਚ ਸਵੇਰ ਦੇ ਸਮੇਂ ਪੈਦਲ ਚੱਲਣ ਨਾਲ ਸਰੀਰ ਵਿੱਚ ਸਰਗਰਮੀ ਬਣੀ ਰਹਿੰਦੀ ਹੈ ਅਤੇ ਦਿਨ ਭਰ ਊਰਜਾ ਅਤੇ ਤਾਜ਼ਗੀ ਦਾ ਅਨੁਭਵ ਹੁੰਦਾ ਹੈ। ਸਿਹਤਮੰਦ ਸਰੀਰ ਲਈ ਰੋਜ਼ਾਨਾ ਕੁਝ ਸਮਾਂ ਸਰੀਰਕ ਗਤੀਵਿਧੀਆਂ ਲਈ ਕੱਢਣਾ ਬਹੁਤ ਜ਼ਰੂਰੀ ਹੈ। ਸਵੇਰ ਦਾ ਸ਼ਾਂਤ ਅਤੇ ਸਾਫ਼-ਸੁਥਰਾ ਵਾਤਾਵਰਨ ਮਨ ਨੂੰ ਸਕੂਨ ਦਿੰਦਾ ਹੈ। ਨਿਯਮਤ ਸੈਰ ਨਾਲ ਦਿਨ ਦੀ ਸ਼ੁਰੂਆਤ ਸਕਾਰਾਤਮਕ ਸੋਚ ਨਾਲ ਹੁੰਦੀ ਹੈ ਅਤੇ ਵਿਅਕਤੀ ਆਪਣੇ ਆਪ ਨੂੰ ਵਧੇਰੇ ਤਰੋਤਾਜ਼ਾ ਮਹਿਸੂਸ ਕਰਦਾ ਹੈ।

ਸ਼੍ਰੀ ਰਾਣਾ ਨੇ ਕਿਹਾ ਕਿ ਇਸੇ ਲੜੀ ਵਿੱਚ 25 ਸਤੰਬਰ 2026 ਨੂੰ ਪੰਡਿਤ ਦੀਨਦਿਆਲ ਉਪਾਧਿਆਏ ਦਾ ਜਨਮ ਦਿਹਾੜਾ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਡਿਤ ਦੀਨਦਿਆਲ ਉਪਾਧਿਆਏ ਦੇ ਅੰਦਰ ਦੇਸ਼ ਸੇਵਾ ਦਾ ਜਜ਼ਬਾ ਭਰਿਆ ਹੋਇਆ ਸੀ, ਉਨ੍ਹਾਂ ਦਾ ਮਕਸਦ ਅੰਤੋਦੇਯ ਦੀ ਭਾਵਨਾ ਨਾਲ ਹਰ ਯੋਜਨਾ ਦਾ ਲਾਭ ਗਰੀਬ ਵਿਅਕਤੀ ਤੱਕ ਪਹੁੰਚਾਉਣਾ ਸੀ। ਇਸ ਤਰ੍ਹਾਂ ਕੇਂਦਰ ਅਤੇ ਸੂਬਾ ਸਰਕਾਰ ਅੰਤੋਦਿਆ ਦੀ ਨੀਤੀ ’ਤੇ ਚੱਲਦਿਆਂ ਸੂਬੇ ਨੂੰ ਅੱਗੇ ਵਧਾ ਰਹੀਆਂ ਹਨ। ਉਨ੍ਹਾਂ ਰਕਤਦਾਨ ਕੈਂਪ ਰਾਹੀਂ ਭਾਜਪਾ ਆਗੂਆਂ, ਵਰਕਰਾਂ, ਸਰਪੰਚਾਂ ਅਤੇ ਗ੍ਰਾਮੀਣਾਂ ਨੂੰ ਸੱਦਾ ਦਿੱਤਾ ਕਿ ਉਹ ਪੰਡਿਤ ਦੀਨਦਿਆਲ ਉਪਾਧਿਆਏ ਦੇ ਜਨਮ ਦਿਹਾੜਾ ਸਮਾਗਮ ਵਿੱਚ ਪਰਿਵਾਰ ਸਮੇਤ ਜ਼ਰੂਰ ਪਹੁੰਚਣ।

# ਯਮੁਨਾਨਗਰ, ਵਿੱਚ ਕ੍ਰਿਕਟ ਲੀਗ ਕਰਵਾਈ



**ਯਮੁਨਾਨਗਰ, 22 ਸਤੰਬਰ**
**-ਪ੍ਰੈਸ ਕੀ ਤਾਕਤ ਬਿਊਰੋ-**

ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ ਯਮੁਨਾਨਗਰ ਜ਼ੋਨ ਵਿੱਚ ਨਮੋ ਕ੍ਰਿਕਟ ਲੀਗ ਕਰਵਾਈ ਗਈ। ਇਸ ਦੌਰਾਨ ਨੌਜਵਾਨਾਂ ਨੇ ਬਹੁਤ ਉਤਸ਼ਾਹ ਨਾਲ ਲੀਗ ਵਿੱਚ ਹਿੱਸਾ ਲਿਆ। ਨਗਰ ਨਿਗਮ ਦੀ ਮੇਅਰ ਸੁਮਨ ਬਹਿਮਣੀ ਨੇ ਖਿਡਾਰੀਆਂ ਦੀ ਹੌਸਲਾ-ਅਫਜ਼ਾਈ ਕੀਤੀ ਅਤੇ ਖੇਡਾਂ ਰਾਹੀਂ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੰਦੇਸ਼ ਦਿੱਤਾ। ਖਿਡਾਰੀਆਂ ਦੀ ਹੌਸਲਾ-ਅਫਜ਼ਾਈ ਕਰਦਿਆਂ ਮੇਅਰ ਨੇ ਕਿਹਾ ਕਿ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਗਾਉਣਾ ਬਹੁਤ ਜ਼ਰੂਰੀ ਹੈ। ਖੇਡਾਂ ਨਾ ਸਿਰਫ਼ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ, ਸਗੋਂ ਅਨੁਸ਼ਾਸਨ, ਟੀਮ ਭਾਵਨਾ ਅਤੇ ਲੀਡਰਸ਼ਿਪ ਦੇ ਗੁਣ ਵੀ ਪੈਦਾ ਕਰਦੀਆਂ ਹਨ। ਅਜਿਹੇ ਸਮਾਗਮ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਦੇ ਹਨ। ਇਸ ਮੁਕਾਬਲੇ ਵਿੱਚ ਜਗਾਧਰੀ, ਰਾਦੌਰ, ਸਰਸਵਤੀ ਨਗਰ, ਵਿਆਸਪੁਰ, ਛਛਰੌਲੀ ਅਤੇ ਪ੍ਰਤਾਪਨਗਰ ਖੇਤਰਾਂ ਦੀਆਂ ਲਗਭਗ 100 ਟੀਮਾਂ ਨੇ ਹਿੱਸਾ ਲਿਆ। ਨੌਜਵਾਨਾਂ ਦੀ ਵੱਡੀ ਪੱਧਰ ’ਤੇ ਸ਼ਮੂਲੀਅਤ ਕਾਰਨ ਇਹ ਕ੍ਰਿਕਟ ਲੀਗ ਇੱਕ ਵੱਡੇ ਖੇਡ ਸਮਾਗਮ ਵਿੱਚ ਤਬਦੀਲ ਹੋ ਗਈ। ਦਿਨ ਭਰ ਵੱਖ-ਵੱਖ ਟੀਮਾਂ ਵਿਚਕਾਰ ਮੁਕਾਬਲੇ ਹੋਏ, ਜਿਸ ਵਿੱਚ ਖਿਡਾਰੀਆਂ ਨੇ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਪ੍ਰਬੰਧਕੀ ਕਮੇਟੀ ਦੇ ਮੈਂਬਰ ਵਿਨੈ ਕੰਬੋਜ ਨੇ ਦੱਸਿਆ ਕਿ ਕ੍ਰਿਕਟ ਲੀਗ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਹੈ। ਇਸ ਮੌਕੇ ਵਿਕਰਾਂਤ ਕੰਬੋਜ, ਵਿਸ਼ੇਸ਼ ਕੰਬੋਜ, ਸ਼ਿਵਮ ਸਾਬਾਪੁਰ ਅਤੇ ਅਜੈ ਸਿੰਘ ਕੰਬੋਜ ਮੌਜੂਦ ਸਨ।

